Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 119 Chief Editor : Chowdhary Prabhjit Singh, Editor : Chhatarpal Singh 98146-32807, Sunday 25 October 2026 Price : 2 Rs. Page : 6

## ਪੈਲੇਟ ਗੰਨਾਂ ਦੀ ਵਰਤੋਂ ਤੇ ਛੇੜਛਾੜ ਦੇ ਦੋਸ਼ਾਂ ਦੀ ਜਾਂਚ ਕਰੇਗੀ ਸੁਪਰੀਮ ਕੋਰਟ ਦੀ ਕਮੇਟੀ

**ਨਵੀਂ ਦਿੱਲੀ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਜੰਤਰ-ਮੰਤਰ ’ਤੇ ਜੁਲਾਈ ਵਿੱਚ ਹੋਏ ਪ੍ਰਦਰਸ਼ਨਾਂ ਦੌਰਾਨ ਕਥਿਤ ਹਿੰਸਾ ਦੀ ਜਾਂਚ ਕਰ ਰਹੀ ਸੁਪਰੀਮ ਕੋਰਟ ਵੱਲੋਂ ਗਠਿਤ ਉੱਚ ਪੱਧਰੀ ਜਾਂਚ ਕਮੇਟੀ 29 ਅਕਤੂਬਰ ਨੂੰ ਨਵੀਂ ਦਿੱਲੀ ਵਿੱਚ ਸੁਣਵਾਈ ਕਰੇਗੀ। ਇਸ ਦੌਰਾਨ ਪ੍ਰਭਾਵਿਤ ਲੋਕਾਂ ਦੇ ਬਿਆਨ ਦਰਜ ਕੀਤੇ ਜਾਣਗੇ ਅਤੇ ਪ੍ਰਦਰਸ਼ਨਕਾਰੀਆਂ ’ਤੇ ਕਥਿਤ ਤੌਰ ’ਤੇ ਪੈਲੇਟ ਗੰਨਾਂ ਦੀ ਵਰਤੋਂ ਅਤੇ ਮਹਿਲਾ ਪ੍ਰਦਰਸ਼ਨਕਾਰੀਆਂ ਨਾਲ ਛੇੜਛਾੜ ਸਬੰਧੀ ਦੋਸ਼ਾਂ ’ਤੇ ਸੁਣਵਾਈ ਹੋਵੇਗੀ ਤੇ ਸਬੂਤ ਮੰਗੇ ਜਾਣਗੇ।

ਅਧਿਕਾਰੀਆਂ ਨੇ ਸ਼ਨਿੱਚਰਵਾਰ ਨੂੰ ਦੱਸਿਆ ਕਿ ਕਮੇਟੀ ਦੀ ਕਾਰਵਾਈ ਸਵੇਰੇ 11 ਵਜੇ ਤੋਂ ਸ਼ਿਕਸ਼ਾ ਸਦਨ, 17 ਰਾਊਜ਼ ਐਵੇਨਿਊ ਇੰਸਟੀਚਿਊਸ਼ਨਲ ਏਰੀਆ ਸਥਿਤ ਦਫ਼ਤਰ ਵਿੱਚ ਹੋਵੇਗੀ। ਹਿੰਸਾ ਤੋਂ ਪ੍ਰਭਾਵਿਤ ਲੋਕ ਅਤੇ ਆਮ ਜਨਤਾ ਦੇ ਮੈਂਬਰ 29 ਅਕਤੂਬਰ ਨੂੰ ਸਵੇਰੇ 11.30 ਵਜੇ ਤੋਂ ਦੁਪਹਿਰ 3 ਵਜੇ ਤੱਕ ਉੱਥੇ ਪਹੁੰਚ ਕੇ ਆਪਣੀਆਂ ਸ਼ਿਕਾਇਤਾਂ ਅਤੇ ਅਪੀਲਾਂ ਦੇ ਸਕਣਗੇ ਜਾਂ ਸਬੂਤ ਪੇਸ਼ ਕਰ ਸਕਣਗੇ। ਇਸ ਲਈ ਪਛਾਣ ਪੱਤਰ ਨਾਲ ਲਿਆਉਣਾ ਲਾਜ਼ਮੀ ਹੋਵੇਗਾ।

ਅਧਿਕਾਰੀਆਂ ਮੁਤਾਬਕ ਕਮੇਟੀ ਖ਼ਾਸ ਤੌਰ ’ਤੇ ਪੈਲੇਟ ਗੰਨਾਂ ਦੀ ਕਥਿਤ ਵਰਤੋਂ, ਪ੍ਰਦਰਸ਼ਨਕਾਰੀਆਂ ਨੂੰ ਨਿਸ਼ਾਨਾ ਬਣਾ ਕੇ ਕੀਤੀ ਗਈ ਹਿੰਸਾ ਅਤੇ ਮਹਿਲਾ ਪ੍ਰਦਰਸ਼ਨਕਾਰੀਆਂ ਨਾਲ ਛੇੜਛਾੜ ਦੇ ਦੋਸ਼ਾਂ ਦੀ ਜਾਂਚ ਕਰੇਗੀ। ਇਸ ਤੋਂ ਇਲਾਵਾ ਪੁਲੀਸ ਵੱਲੋਂ ਕਥਿਤ ਤੌਰ ’ਤੇ ਵਾਧੂ ਤਾਕਤ ਵਰਤਣ ਅਤੇ ਦੋਵਾਂ ਪਾਸਿਆਂ ਤੋਂ ਜਾਇਦਾਦ ਨੂੰ ਹੋਏ ਨੁਕਸਾਨ ਨਾਲ ਜੁੜੇ ਮਾਮਲਿਆਂ ਦੀ ਵੀ ਜਾਂਚ ਕੀਤੀ ਜਾਵੇਗੀ।

ਪਹਿਲਾਂ ਅਧਿਕਾਰੀਆਂ ਨੇ ਸੁਣਵਾਈ 29 ਅਤੇ 30 ਅਕਤੂਬਰ ਨੂੰ ਦੋ ਦਿਨਾਂ ਤੱਕ ਚੱਲਣ ਦੀ ਜਾਣਕਾਰੀ ਦਿੱਤੀ ਸੀ, ਪਰ ਬਾਅਦ ਵਿੱਚ ਸਪੱਸ਼ਟ ਕੀਤਾ ਗਿਆ ਕਿ ਕਾਰਵਾਈ ਸਿਰਫ਼ 29 ਅਕਤੂਬਰ ਨੂੰ ਇੱਕ ਦਿਨ ਲਈ ਹੋਵੇਗੀ।

**ਪੰਜ ਮੈਂਬਰੀ ਕਮੇਟੀ ਕਰ ਰਹੀ ਹੈ ਜਾਂਚ**

ਸੁਪਰੀਮ ਕੋਰਟ ਦੇ ਸਾਬਕਾ ਜੱਜ ਜਸਟਿਸ ਆਰ. ਸੁਭਾਸ਼ ਰੈੱਡੀ ਦੀ ਅਗਵਾਈ ਹੇਠ ਬਣਾਈ ਗਈ ਪੰਜ ਮੈਂਬਰੀ ਕਮੇਟੀ ਦਾ ਗਠਨ ਸੁਪਰੀਮ ਕੋਰਟ ਨੇ ਉਨ੍ਹਾਂ ਪਟੀਸ਼ਨਾਂ ’ਤੇ ਸੁਣਵਾਈ ਕਰਦਿਆਂ ਕੀਤਾ ਸੀ ਜਿਨ੍ਹਾਂ ਵਿੱਚ ਕੌਕਰੋਚ ਜਨਤਾ ਪਾਰਟੀ (ਸੀਜੇਪੀ) ਦੀ ਅਗਵਾਈ ਹੇਠ ਹੋਏ ਅੰਦੋਲਨ ਦੌਰਾਨ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਵਿਰੁੱਧ ਪੁਲੀਸ ਵੱਲੋਂ ਵਾਧੂ ਤਾਕਤ ਵਰਤਣ ਦੇ ਦੋਸ਼ ਲਾਏ ਗਏ ਸਨ। ਦੂਜੇ ਪਾਸੇ, ਪੁਲੀਸ ਮੁਲਾਜ਼ਮਾਂ ਵਿਰੁੱਧ ਵੀ ਹਿੰਸਾ ਦੇ ਦੋਸ਼ ਲੱਗੇ ਸਨ। ਕਮੇਟੀ ਦੇ ਹੋਰ ਮੈਂਬਰਾਂ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਚੀਫ਼ ਜਸਟਿਸ ਰਵੀ ਸ਼ੰਕਰ ਝਾਅ, ਦਿੱਲੀ ਹਾਈ ਕੋਰਟ ਦੀ ਸਾਬਕਾ ਜੱਜ ਜਸਟਿਸ ਸ਼ਾਲਿੰਦਰ ਕੌਰ, ਸੀਬੀਆਈ ਦੇ ਸਾਬਕਾ ਡਾਇਰੈਕਟਰ ਰਿਸ਼ੀ ਕੁਮਾਰ ਸ਼ੁਕਲਾ ਅਤੇ ਮੇਘਾਲਿਆ ਦੇ ਸੇਵਾਮੁਕਤ ਪੁਲੀਸ ਮੁਖੀ ਐੱਲ. ਆਰ. ਬਿਸ਼ਨੋਈ ਸ਼ਾਮਲ ਹਨ। ਕਮੇਟੀ ਨੇ ਪ੍ਰਭਾਵਿਤ ਲੋਕਾਂ, ਗਵਾਹਾਂ ਅਤੇ ਹੋਰ ਸਬੰਧਤ ਧਿਰਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ hpec.nic.in ਨਾਂ ਦਾ ਆਨਲਾਈਨ ਪੋਰਟਲ ਵੀ ਸ਼ੁਰੂ ਕੀਤਾ ਹੈ। ਇਸ ਰਾਹੀਂ ਲੋਕ ਨਿਰਧਾਰਤ ਫਾਰਮੈਟ ਵਿੱਚ ਆਪਣੇ ਬਿਆਨ, ਸ਼ਿਕਾਇਤਾਂ ਅਤੇ ਸਬੰਧਤ ਦਸਤਾਵੇਜ਼ੀ ਸਬੂਤ ਜਮ੍ਹਾਂ ਕਰਵਾ ਸਕਦੇ ਹਨ।

ਕਮੇਟੀ ਨੇ ਦੱਸਿਆ ਕਿ ਇਹ ਪੋਰਟਲ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਤਿਆਰ ਕੀਤਾ ਗਿਆ ਹੈ, ਤਾਂ ਜੋ ਕਮਜ਼ੋਰ ਅਤੇ ਸੰਵੇਦਨਸ਼ੀਲ ਸਥਿਤੀ ਵਾਲੇ ਗਵਾਹਾਂ ਦੇ ਹਿੱਤਾਂ ਦੀ ਰੱਖਿਆ ਕੀਤੀ ਜਾ ਸਕੇ।

## ਪੰਜਾਬ ’ਚ ਨਸ਼ਿਆਂ ਦੇ ਪਸਾਰ ਲਈ ਕੇਂਦਰ ਤੇ ਪੰਜਾਬ ਸਰਕਾਰ ਜ਼ਿੰਮੇਵਾਰ: ਰਾਕੇਸ਼ ਟਿਕੈਤ



**ਮਾਨਸਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਨਸ਼ਿਆਂ ਦੇ ਪਸਾਰ ਲਈ ਕੇਂਦਰ ਅਤੇ ਪੰਜਾਬ ਸਰਕਾਰ ਦੋਵੇਂ ਬਰਾਬਰ ਦੀਆਂ ਜ਼ਿੰਮੇਵਾਰ ਹਨ। ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦਾ ਕਤਲ ਸਿਰਫ਼ ਇੱਕ ਨੌਜਵਾਨ ਦੀ ਜਾਨ ਜਾਣ ਦਾ ਮਾਮਲਾ ਨਹੀਂ, ਸਗੋਂ ਨਸ਼ਿਆਂ ਵਿਰੁੱਧ ਲੜ ਰਹੇ ਲੋਕਾਂ ਦੀ ਸੁਰੱਖਿਆ ਅਤੇ ਸਰਕਾਰਾਂ ਦੀ ਜਵਾਬਦੇਹੀ ਨਾਲ ਜੁੜਿਆ ਗੰਭੀਰ ਸਵਾਲ ਹੈ। ਇਹ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਦੇ ਕੌਮੀ ਆਗੂ ਰਾਕੇਸ਼ ਟਿਕੈਤ ਨੇ ਅੱਜ ਮਾਨਸਾ ਵਿਚ ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ ਲਈ ਚੱਲ ਰਹੇ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ।

ਰਾਕੇਸ਼ ਟਿਕੈਤ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਨਸ਼ਿਆਂ ਦਾ ਕਾਰੋਬਾਰ ਰੋਕਣਾ ਦੋਵਾਂ ਸਰਕਾਰਾਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ਸਰਕਾਰਾਂ ਨਸ਼ਿਆਂ ਨੂੰ ਖ਼ਤਮ ਕਰਨ ਲਈ ਗੰਭੀਰ ਹਨ ਤਾਂ ਫਿਰ ਨਸ਼ਿਆਂ ਦੇ ਸੌਦਾਗਰਾਂ ਵਿਰੁੱਧ ਅਸਰਦਾਰ ਕਾਰਵਾਈ ਕਿਉਂ ਨਹੀਂ ਹੋ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਿਰਫ਼ ਐਲਾਨਾਂ ਦੀ ਥਾਂ ਜ਼ਮੀਨੀ ਪੱਧਰ ’ਤੇ ਸਖ਼ਤ ਕਦਮ ਚੁੱਕਣ ਦੀ ਲੋੜ ਹੈ। ਕਿਸਾਨ ਆਗੂ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਨੇ ਨਸ਼ਿਆਂ ਵਿਰੁੱਧ ਜਿਹੜੀ ਲੜਾਈ ਸ਼ੁਰੂ ਕੀਤੀ ਸੀ, ਉਸ ਨੂੰ ਅਧਵਾਟੇ ਨਹੀਂ ਛੱਡਿਆ ਜਾਵੇਗਾ। ਉਨ੍ਹਾਂ ਇਸ ਸੰਘਰਸ਼ ਨੂੰ ਹੋਰ ਵਿਸ਼ਾਲ ਅਤੇ ਮਜ਼ਬੂਤ ਬਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਝੋਟਾ ਦੇ ਕਤਲ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਦੇ ਨਾਲ-ਨਾਲ ਨਸ਼ਿਆਂ ਦੇ ਸੌਦਾਗਰਾਂ ਵਿਰੁੱਧ ਵੀ ਫ਼ੈਸਲਾਕੁਨ ਕਾਰਵਾਈ ਯਕੀਨੀ ਬਣਾਉਣ ਲਈ ਸੰਘਰਸ਼ ਤੇਜ਼ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦੀਆਂ ਜਾਨਾਂ ਦਾ ਸਵਾਲ ਕਿਸੇ ਇੱਕ ਪਰਿਵਾਰ ਜਾਂ ਜਥੇਬੰਦੀ ਤੱਕ ਸੀਮਤ ਨਹੀਂ ਹੈ। ਨਸ਼ਿਆਂ ਕਾਰਨ ਉੱਜੜ ਰਹੇ ਘਰਾਂ ਅਤੇ ਆਪਣੇ ਪੁੱਤਰ ਗੁਆ ਰਹੇ ਮਾਪਿਆਂ ਦਾ ਦਰਦ ਸਮੁੱਚੇ ਸਮਾਜ ਦਾ ਦਰਦ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਸਮਾਜਿਕ ਜਥੇਬੰਦੀਆਂ ਨੂੰ ਨਸ਼ਿਆਂ ਵਿਰੁੱਧ ਸਾਂਝੀ ਆਵਾਜ਼ ਬੁਲੰਦ ਕਰਨੀ ਪਵੇਗੀ।

ਰਾਕੇਸ਼ ਟਿਕੈਤ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਨੱਥ ਪਾਉਣ ਦੀ ਮੰਗ ਨੂੰ ਲੈ ਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਲੜਾਈ ਦਾ ਅਸਲ ਮਕਸਦ ਸਿਰਫ਼ ਇੱਕ ਕਤਲ ਦਾ ਇਨਸਾਫ਼ ਹਾਸਲ ਕਰਨਾ ਹੀ ਨਹੀਂ, ਸਗੋਂ ਅਜਿਹਾ ਮਾਹੌਲ ਸਿਰਜਣਾ ਵੀ ਹੈ, ਜਿਸ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਕਿਸੇ ਹੋਰ ਨੌਜਵਾਨ ਨੂੰ ਆਪਣੀ ਜਾਨ ਨਾ ਗੁਆਉਣੀ ਪਵੇ।

ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਸੋਸ਼ਲ ਮੀਡੀਆ ’ਤੇ ਇੱਕ ਵੀਡੀਓ ਤੇਜ਼ੀ ਨਾਲ ਵਾਇਰਲ ਹੋਈ ਸੀ, ਜਿਸ ਵਿੱਚ ਸ਼ਹੀਦ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਨੇ ਬੇਹੱਦ ਭਾਵੁਕ ਹੁੰਦਿਆਂ ਕਿਹਾ ਸੀ ਕਿ ਉਹ ਇਨਸਾਫ਼ ਦੀ ਇਸ ਲੜਾਈ ਵਿੱਚ ਕਿਸਾਨ ਆਗੂ ਰਾਕੇਸ਼ ਟਿਕੈਤ ਦੀ ਉਡੀਕ ਕਰ ਰਹੇ ਹਨ। ਪਰਿਵਾਰ ਵੱਲੋਂ ਕੀਤੀ ਗਈ ਇਸ ਅਪੀਲ ਤੋਂ ਬਾਅਦ ਰਾਕੇਸ਼ ਟਿਕੈਤ ਦਾ ਧਰਨੇ ’ਚ ਸ਼ਾਮਲ ਹੋਣ ਦਾ ਐਲਾਨ ਸਾਹਮਣੇ ਆਇਆ ਸੀ।

## 70ਵੀਆਂ ਨੈਸ਼ਨਲ ਸਕੂਲ ਖੇਡਾਂ ਵਿੱਚ ਗਤਕੇ ਦੀ ਸ਼ਾਨਦਾਰ ਪੇਸ਼ਕਾਰੀ: ਕਾਲਕਾ



**ਨਵੀਂ ਦਿੱਲੀ, 24 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਦਿੱਲੀ ਸਰਕਾਰ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਨਵੀਂ ਦਿੱਲੀ ਦੇ ਤਿਆਗਰਾਜ ਸਟੇਡੀਅਮ ਵਿਖੇ 70ਵੀਆਂ ਨੈਸ਼ਨਲ ਸਕੂਲ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਖੇਡਾਂ ਤਹਿਤ ਕਰਵਾਏ ਗਏ ਗਤਕਾ ਮੁਕਾਬਲਿਆਂ ਵਿੱਚ ਦਿੱਲੀ ਗਤਕਾ ਐਸੋਸੀਏਸ਼ਨ ਦੇ 750 ਬੱਚਿਆਂ ਨੇ ਭਾਗ ਲਿਆ।

ਸਰਦਾਰ ਕਾਲਕਾ ਨੇ ਕਿਹਾ ਕਿ ਗਤਕਾ ਮੁਕਾਬਲਿਆਂ ਦੇ ਉਦਘਾਟਨੀ ਸਮਾਰੋਹ ਵਿੱਚ ਸ਼ਾਮਲ ਹੋਣਾ ਉਨ੍ਹਾਂ ਲਈ ਬੇਹੱਦ ਮਾਣ ਅਤੇ ਸਨਮਾਨ ਵਾਲੀ ਗੱਲ ਸੀ।

ਉਨ੍ਹਾਂ ਦ੍ਰਿੜ੍ਹਤਾ ਨਾਲ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਗਤਕਾ ਖੇਡ ਨੂੰ ਪ੍ਰਫੁੱਲਤ ਕਰਨ, ਨੌਜਵਾਨ ਪੀੜ੍ਹੀ ਨੂੰ ਅਮੀਰ ਸਿੱਖ ਵਿਰਾਸਤ ਨਾਲ ਜੋੜਨ ਅਤੇ ਇਸ ਰਵਾਇਤੀ ਸਿੱਖ ਮਾਰਸ਼ਲ ਆਰਟ ਨੂੰ ਹੋਰ ਬੁਲੰਦੀਆਂ ਤੱਕ ਪਹੁੰਚਾਉਣ ਲਈ ਹਮੇਸ਼ਾ ਵਚਨਬੱਧ ਰਹੇਗੀ।

## ਹਰਪਾਲ ਸਿੰਘ ਚੀਮਾ ਦੀ ਮੌਜੂਦਗੀ ਵਿੱਚ ਪੀਆਰਟੀਸੀ ਅਧਿਕਾਰੀਆਂ ਅਤੇ ਯੂਨੀਅਨਾਂ ਵਿਚਾਲੇ ਸਫ਼ਲ ਮੀਟਿੰਗ, ਮੁਲਾਜ਼ਮਾਂ ਵੱਲੋਂ ਹੜਤਾਲ ਖ਼ਤਮ ਦਾ ਐਲਾਨ

**ਪਟਿਆਲਾ, 24 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਸਰਪ੍ਰਸਤੀ ਅਤੇ ਅਗਵਾਈ ਹੇਠ ਅੱਜ ਟਰਾਂਸਪੋਰਟ-ਕਮ-ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਵੱਲੋਂ ਚੇਅਰਮੈਨ ਪੀ.ਆਰ.ਟੀ.ਸੀ. ਐਡਵੋਕੇਟ ਸ਼੍ਰੀ ਹਰਪਾਲ ਜੁਨੇਜਾ ਨਾਲ ਪੀ.ਆਰ.ਟੀ.ਸੀ. ਦੇ ਮੁੱਖ ਦਫ਼ਤਰ, ਪਟਿਆਲਾ ਵਿਖੇ ਟਰਾਂਸਪੋਰਟ ਵਿਭਾਗ ਦੀਆਂ ਯੂਨੀਅਨਾਂ ਦੀਆਂ ਵੱਖ-ਵੱਖ ਮੰਗਾਂ ਅਤੇ ਚੱਲ ਰਹੀ ਹੜਤਾਲ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਯੂਨੀਅਨਾਂ ਦੀਆਂ ਕੁਝ ਮੰਗਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਯੂਨੀਅਨ ਵੱਲੋਂ ਹੜਤਾਲ ਖ਼ਤਮ ਕਰਨ ਸਬੰਧੀ ਸਹਿਮਤੀ ਪ੍ਰਗਟਾਈ ਗਈ।

ਮੀਟਿੰਗ ਦੌਰਾਨ ਚੇਅਰਮੈਨ ਪੀ.ਆਰ.ਟੀ.ਸੀ. ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਟਰਾਂਸਪੋਰਟ-ਕਮ-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਪੀ.ਆਰ.ਟੀ.ਸੀ. ਵੱਲੋਂ ਸਵਾਰੀਆਂ ਨੂੰ ਬਿਹਤਰ ਅਤੇ ਸੁਵਿਧਾਜਨਕ ਬੱਸ ਸੇਵਾਵਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣੂ ਕਰਵਾਇਆ ਗਿਆ।

ਉਨ੍ਹਾਂ ਦੱਸਿਆ ਕਿ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਜਲਦ ਹੀ 100 ਨਵੀਆਂ ਮਿੱਡੀ ਬੱਸਾਂ ਸ਼ਾਮਲ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਸਵਾਰੀਆਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦ ਮਿਲੇਗੀ। ਇਸ ਤੋਂ ਇਲਾਵਾ, ਪੀ.ਆਰ.ਟੀ.ਸੀ. ਦੀਆਂ ਜ਼ਮੀਨਾਂ ’ਤੇ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ (ਆਈ.ਓ.ਸੀ.ਐੱਲ.) ਰਾਹੀਂ ਰਿਟੇਲ ਪੈਟਰੋਲੀਅਮ ਆਊਟਲੈੱਟ ਸਥਾਪਤ ਕਰਨ ਸਬੰਧੀ ਕਾਰਵਾਈ ਵੀ ਅਰੰਭੀ ਜਾ ਚੁੱਕੀ ਹੈ। ਇਸ ਤਹਿਤ ਪੀ.ਆਰ.ਟੀ.ਸੀ. ਮੁੱਖ ਦਫ਼ਤਰ, ਪਟਿਆਲਾ, ਪੀ.ਆਰ.ਟੀ.ਸੀ. ਵਰਕਸ਼ਾਪ ਸਰਹਿੰਦੀ ਗੇਟ ਪਟਿਆਲਾ ਅਤੇ ਪੀ.ਆਰ.ਟੀ.ਸੀ. ਵਰਕਸ਼ਾਪ ਸੰਗਰੂਰ ਵਿਖੇ ਆਈ.ਓ.ਸੀ.ਐੱਲ. ਵੱਲੋਂ ਜਲਦ ਹੀ ਪੈਟਰੋਲ ਪੰਪ ਸਥਾਪਤ ਕਰਨ ਸਬੰਧੀ ਕਾਰਵਾਈ ਕੀਤੀ ਜਾ ਰਹੀ ਹੈ।

ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਪੀ.ਆਰ.ਟੀ.ਸੀ. ਵੱਲੋਂ ਹਾਲ ਹੀ ਅਤਿ-ਆਧੁਨਿਕ ਇਲੈਕਟ੍ਰਾਨਿਕ ਟਿਕਟਿੰਗ ਮਸ਼ੀਨਾਂ (ਈ.ਟੀ.ਐਮ.) ਦਾ ਪਟਿਆਲਾ ਡਿਪੂ ਵਿਖੇ ਪਾਇਲਟ ਪ੍ਰੋਜੈਕਟ ਸਫ਼ਲਤਾਪੂਰਵਕ ਚਲਾਇਆ ਜਾ ਚੁੱਕਾ ਹੈ। ਆਉਣ ਵਾਲੇ ਹਫ਼ਤਿਆਂ ਦੌਰਾਨ ਪੀ.ਆਰ.ਟੀ.ਸੀ. ਦੇ ਸਮੂਹ ਡਿਪੂਆਂ ਵਿੱਚ ਸਬੰਧਤ ਸਟਾਫ਼ ਨੂੰ ਨਵੀਆਂ ਈ.ਟੀ.ਐਮ. ਮਸ਼ੀਨਾਂ ਦੀ ਵਰਤੋਂ ਸਬੰਧੀ ਸਿਖਲਾਈ ਪ੍ਰਦਾਨ ਕਰਨ ਉਪਰੰਤ ਇਸ ਪ੍ਰੋਜੈਕਟ ਨੂੰ ਪੂਰੀ ਤਰ੍ਹਾਂ ਲਾਗੂ ਕਰ ਦਿੱਤਾ ਜਾਵੇਗਾ।

## ਕੋਹਲੀ ਤੇ ਮੇਅਰ ਗੋਗੀਆ ਵਲੋਂ ਸੜਕ ਦੇ ਵਿਕਾਸ ਕਾਰਜਾਂ ’ਚ ਲਿਆਂਦੀ ਤੇਜੀ



**ਪਟਿਆਲਾ, 24 ਅਕਤੂਬਰ**
**-ਛਤਰਪਾਲ ਸਿੰਘ-**

ਪਟਿਆਲਾ ਸ਼ਹਿਰੀ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਢਿਲੋਂ ਕਲੋਨੀ, ਰੋਜ਼ ਕਲੋਨੀ, ਜੋਗਿੰਦਰ ਨਗਰ ਤੋਂ ਬਾਅਦ ਪ੍ਰਤਾਪ ਨਗਰ ਵਿਖੇ ਬਣਨ ਵਾਲੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਐਕਸੀਅਨ ਨਰਾਇਣ ਦਾਸ, ਕੌਂਸਲਰ ਜਗਮੋਹਨ ਚੌਹਾਨ, ਰੁਪਿੰਦਰ ਸਿੰਘ ਕੋਚ ਅਤੇ ਇਲਾਕੇ ਦੇ ਪਤਵੰਤੇ ਸੱਜਣ ਅਤੇ ਹੋਰ ਮੌਜੂਦ ਵਿਅਕਤੀ ਹਾਜ਼ਰ ਸਨ।

ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕਾਂ ਦਾ ਨਿਰਮਾਣ ਅਤੇ ਸੁਧਾਰ ਸ਼ਹਿਰੀ ਵਿਕਾਸ ਦਾ ਅਹਿਮ ਹਿੱਸਾ ਹੈ।
ਕਿਉਂਕਿ ਇਸ ਨਾਲ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਸਹੂਲਤ ਮਿਲਦੀ ਹੈ ਅਤੇ ਇਲਾਕੇ ਦੀ ਆਵਾਜਾਈ ਵਿਵਸਥਾ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲਦੀ ਹੈ।

## ਅੰਮ੍ਰਿਤਸਰ ਵਿੱਚ ਦਿਨ ਦਿਹਾੜੇ ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ



**ਅੰਮ੍ਰਿਤਸਰ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੰਮ੍ਰਿਤਸਰ ਦੇ ਗੇਟ ਹਕੀਮਾ ਇਲਾਕੇ ਵਿੱਚ ਐਕਟਿਵਾ ਪਾਰਕ ਕਰਨ ਨੂੰ ਲੈ ਕੇ ਹੋਏ ਮਾਮੂਲੀ ਝਗੜੇ ਦੌਰਾਨ ਇੱਕ 27 ਸਾਲਾ ਨੌਜਵਾਨ ਅਮਿਤ ਸੱਭਰਵਾਲ ਦਾ ਉਸਦੇ ਘਰ ਦੇ ਬਾਹਰ ਗੋਲੀਆਂ ਮਾਰ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਹਮਲਾਵਰਾਂ ਵੱਲੋਂ ਚਲਾਈਆਂ ਗਈਆਂ ਗੋਲੀਆਂ ਵਿੱਚੋਂ ਚਾਰ ਗੋਲੀਆਂ ਅਮਿਤ ਦੇ ਸਿਰ, ਕਮਰ ਅਤੇ ਲੱਤ ਵਿੱਚ ਜਾ ਵੱਜੀਆਂ, ਜਿਸ ਕਾਰਨ ਉਸਦੀ ਮੌਤ ਹੋ ਗਈ।

ਪਰਿਵਾਰ ਅਤੇ ਪੁਲਿਸ ਵੱਲੋਂ ਮਿਲੀ ਜਾਣਕਾਰੀ ਮੁਤਾਬਕ ਮ੍ਰਿਤਕ ਅਮਿਤ ਸ਼ੁੱਕਰਵਾਰ ਦੇਰ ਰਾਤ ਆਪਣੇ ਦੋਸਤਾਂ ਨਾਲ ਪਾਰਟੀ ਤੋਂ ਵਾਪਸ ਪਰਤਿਆ ਸੀ ਅਤੇ ਉਸਨੇ ਆਪਣੀ ਐਕਟਿਵਾ ਘਰ ਦੇ ਬਾਹਰ ਗਲੀ ਵਿੱਚ ਖੜ੍ਹੀ ਕੀਤੀ ਸੀ। ਇਸ ਦੌਰਾਨ ਗੁਆਂਢ ਵਿੱਚ ਰਹਿਣ ਵਾਲੇ ਤਿੰਨ ਸਕੇ ਭਰਾ, ਅਭੀ ਸ਼ਾਹ, ਸੰਨੀ ਸ਼ਾਹ ਅਤੇ ਰਿਤਿਕ ਸ਼ਾਹ ਉੱਥੇ ਆਏ ਅਤੇ ਐਕਟਿਵਾ ਹਟਾਉਣ ਨੂੰ ਲੈ ਕੇ ਬਹਿਸ ਸ਼ੁਰੂ ਕਰ ਦਿੱਤੀ।

ਬਹਿਸ ਇੰਨੀ ਵਧ ਗਈ ਕਿ ਮੁਲਜ਼ਮ ਅਭੀ ਸ਼ਾਹ ਨੇ ਆਪਣੇ ਦੇਸੀ ਪਿਸਤੌਲ ਨਾਲ ਅਮਿਤ ‘ਤੇ 5 ਤੋਂ 6 ਫ਼ਾਇਰ ਕਰ ਦਿੱਤੇ। ਘਰ ਦੇ ਅੰਦਰ ਪਰਿਵਾਰਕ ਮੈਂਬਰਾਂ ਨੇ ਪਟਾਕਿਆਂ ਵਰਗੀ ਆਵਾਜ਼ ਸੁਣੀ ਅਤੇ ਜਦੋਂ ਉਹ ਬਾਹਰ ਆਏ ਤਾਂ ਅਮਿਤ ਜ਼ਖਮੀ ਹਾਲਤ ਵਿੱਚ ਕਰਾਹ ਰਿਹਾ ਸੀ। ਉਸਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਪਰ ਰਸਤੇ ਵਿੱਚ ਹੀ ਉਸਦੀ ਮੌਤ ਹੋ ਗਈ।

ਥਾਣਾ ਗੇਟ ਹਕੀਮਾ ਦੇ ਐਸ.ਐਚ.ਓ. ਬਲਜਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਪਿਤਾ ਸੁਨੀਲ ਕੁਮਾਰ ਸੱਭਰਵਾਲ ਦੇ ਬਿਆਨਾਂ ਦੇ ਆਧਾਰ ‘ਤੇ ਤਿੰਨਾਂ ਮੁਲਜ਼ਮ ਭਰਾਵਾਂ ਖ਼ਿਲਾਫ਼ ਕਤਲ ਦਾ ਕੇਸ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਮੌਕੇ ‘ਤੇ ਲੱਗੇ CCTV ਕੈਮਰਿਆਂ ਦੀ ਫੁਟੇਜ ਖੰਘਾਲੀ ਜਾ ਰਹੀ ਹੈ ਅਤੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਜਾਰੀ ਹੈ।

## ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਇਤਿਹਾਸਿਕ ਮਾਤਾ ਸ਼੍ਰੀ ਚਕਰੇਸ਼ਵਰੀ ਦੇਵੀ ਮੰਦਰ ਵਿਖੇ ਹੋਏ ਨਤਮਸਤਕ

**ਫ਼ਤਹਿਗੜ੍ਹ ਸਾਹਿਬ, 24 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਅੱਜ ਫਤਿਹਗੜ੍ਹ ਸਾਹਿਬ ਦੇ ਇਤਿਹਾਸਿਕ ਮਾਤਾ ਸ੍ਰੀ ਚਕਰੇਸ਼ਵਰੀ ਦੇਵੀ ਮੰਦਰ ਵਿਖੇ ਸਲਾਨਾ ਸਮਾਗਮ ਮੌਕੇ ਨਤਮਸਤਕ ਹੋਏ। ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਇਸ ਪਵਿੱਤਰ ਅਸਥਾਨ ‘ਤੇ ਦੂਜੀ ਵਾਰ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਅਜਿਹੇ ਪਵਿੱਤਰ ਧਾਰਮਿਕ ਅਸਥਾਨ ਸਾਡੇ ਲਈ ਪਾਵਰ ਹਾਊਸ ਦੀ ਤਰ੍ਹਾਂ ਕੰਮ ਕਰਦੇ ਹਨ, ਜਿੱਥੋਂ ਸਾਨੂੰ ਆਤਮਿਕ ਸ਼ਕਤੀ ਅਤੇ ਨਵੀਂ ਊਰਜਾ ਮਿਲਦੀ ਹੈ।

ਰਾਜਪਾਲ ਕਟਾਰੀਆ ਨੇ ਕਿਹਾ ਕਿ ਇੱਥੋਂ ਨਵੀਂ ਊਰਜਾ ਪ੍ਰਾਪਤ ਕਰਕੇ ਅਸੀਂ ਮੁੜ ਆਪਣੇ ਕੰਮਾਂ ਵਿੱਚ ਜੁਟਦੇ ਹਾਂ ਅਤੇ ਲੋਕਾਂ ਦਾ ਪਿਆਰ ਤੇ ਸਹਿਯੋਗ ਵੀ ਪ੍ਰਾਪਤ ਹੁੰਦਾ ਹੈ। ਉਹਨਾ ਕਿਹਾ ਧਾਰਮਿਕ ਸਥਾਨਾਂ ‘ਤੇ ਆਉਣ ਨਾਲ ਮਨੁੱਖ ਦਾ ਜੀਵਨ ਪ੍ਰਮਾਤਮਾ ਪ੍ਰਤੀ ਸਮਰਪਿਤ ਹੋਣ ਦੇ ਨਾਲ-ਨਾਲ ਲੋਕ ਸੇਵਾ ਦੀ ਭਾਵਨਾ ਨਾਲ ਵੀ ਜੁੜਿਆ ਰਹਿੰਦਾ ਹੈ। ਇਸ ਮੌਕੇ ਜ਼ਿਲ੍ਹਾ ਪੁਲੀਸ ਮੁਖੀ ਸ਼ੁਭਮ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਅਮਰਬੀਰ ਕੌਰ ਭੁੱਲਰ, ਐਸ ਡੀ ਐਮ ਕਰੁਣ ਗੁਪਤਾ, ਐਸ ਪੀ ਜਸਪ੍ਰੀਤ ਸਿੰਘ, ਡੀਐਸਪੀ ਕੁਲਬੀਰ ਸਿੰਘ, ਡੀ ਐਸ ਪੀ ਰਾਜੇਸ਼ ਕੁਮਾਰ ਮਲਹੋਤਰਾ, ਪ੍ਰਧਾਨ ਸੁਨੀਲ ਕੁਮਾਰ ਜੈਨ, ਸੀਨੀਅਰ ਮੀਤ ਪ੍ਰਧਾਨ ਪਿਊਸ਼ ਜੈਨ, ਮੀਤ ਪ੍ਰਧਾਨ ਪ੍ਰਦੀਪ ਕੁਮਾਰ ਜੈਨ, ਜਨਰਲ ਸਕੱਤਰ ਨਵਲ ਕੁਮਾਰ ਜੈਨ, ਸਕੱਤਰ ਨਵੀਨ ਕੁਮਾਰ ਜੈਨ, ਕੈਸ਼ੀਅਰ ਅਸ਼ਵਨੀ ਕੁਮਾਰ ਜੈਨ, ਸਹਾਇਕ ਕੈਸ਼ੀਅਰ, ਨਵਨੀਤ ਜੈਨ ਤੋਂ ਇਲਾਵਾ ਹੋਰ ਅਹੁਦੇਦਾਰ ਤੇ ਸ਼ਰਧਾਲੂ ਵੀ ਹਾਜ਼ਰ ਸਨ।




ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

## ਸੰਪਾਦਕੀ

### ਡਿਗਰੀਆਂ ਤੋਂ ਪਾਰ, ਭਵਿੱਖ ਦਾ ਆਧਾਰ

### ਭਵਿੱਖ ਦੀ ਸਿੱਖਿਆ: ਤਕਨੀਕੀ ਹੁਨਰ ਜਾਂ ਰਵਾਇਤੀ ਡਿਗਰੀ ?

ਅੱਜ ਦਾ ਵਿਦਿਆਰਥੀ ਸਿਰਫ਼ ਇਮਤਿਹਾਨ ਪਾਸ ਕਰਨ ਦੀ ਚੁਣੌਤੀ ਦਾ ਸਾਹਮਣਾ ਨਹੀਂ ਕਰ ਰਿਹਾ, ਸਗੋਂ ਉਸ ਨੂੰ ਅਜਿਹੇ ਭਵਿੱਖ ਲਈ ਤਿਆਰ ਹੋਣਾ ਪੈ ਰਿਹਾ ਹੈ, ਜਿਸ ਵਿੱਚ ਰੁਜ਼ਗਾਰ, ਕੰਮ ਕਰਨ ਦੇ ਢੰਗ ਅਤੇ ਲੋੜੀਂਦੇ ਹੁਨਰ ਤੇਜ਼ੀ ਨਾਲ ਬਦਲ ਰਹੇ ਹਨ। ਇੱਕ ਸਮਾਂ ਸੀ ਜਦੋਂ ਡਿਗਰੀ ਨੂੰ ਰੁਜ਼ਗਾਰ ਦੀ ਗਾਰੰਟੀ ਮੰਨਿਆ ਜਾਂਦਾ ਸੀ, ਪਰ ਅੱਜ ਵਿਹਾਰਕ ਗਿਆਨ, ਤਕਨੀਕੀ ਸਮਝ ਅਤੇ ਸਮੱਸਿਆਵਾਂ ਹੱਲ ਕਰਨ ਦੀ ਸਮਰੱਥਾ ਵੀ ਲਾਜ਼ਮੀ ਬਣ ਗਈ ਹੈ। ਸਵਾਲ ਇਹ ਹੈ ਕਿ ਵਿਦਿਆਰਥੀ ਰਵਾਇਤੀ ਸਿੱਖਿਆ ਚੁਣਨ ਜਾਂ ਤਕਨੀਕੀ, ਅਤੇ ਆਪਣੀ ਸਿੱਖਿਆ ਨੂੰ ਸਮੇਂ ਦੀਆਂ ਲੋੜਾਂ ਨਾਲ ਕਿਵੇਂ ਜੋੜਨ ?

ਵਿਸ਼ਵ ਆਰਥਿਕ ਮੰਚ ਦੀ ਭਵਿੱਖੀ ਰੁਜ਼ਗਾਰ ਰਿਪੋਰਟ 2025 ਅਨੁਸਾਰ, 2030 ਤੱਕ ਵਿਸ਼ਵ ਪੱਧਰ ’ਤੇ ਲਗਭਗ 17 ਕਰੋੜ ਨਵੇਂ ਰੁਜ਼ਗਾਰ ਪੈਦਾ ਹੋਣ ਅਤੇ 9.2 ਕਰੋੜ ਮੌਜੂਦਾ ਰੁਜ਼ਗਾਰ ਖ਼ਤਮ ਹੋਣ ਦਾ ਅਨੁਮਾਨ ਹੈ। ਇਹ ਅਨੁਮਾਨ ਕੰਮਕਾਜ ਦੀ ਦੁਨੀਆ ਵਿੱਚ ਆ ਰਹੇ ਵੱਡੇ ਬਦਲਾਅ ਦਾ ਸੰਕੇਤ ਹਨ। ਕ੍ਰਿਤ੍ਰਿਮ ਬੁੱਧੀ, ਵੱਡੇ ਅੰਕੜਿਆਂ ਦੀ ਘੋਖ-ਪੜਤਾਲ, ਸਾਈਬਰ ਸੁਰੱਖਿਆ ਅਤੇ ਤਕਨੀਕੀ ਸਾਖਰਤਾ ਦੇ ਨਾਲ ਤਾਰਕਿਕ ਸੋਚ, ਨਵ-ਸਿਰਜਣ ਦੀ ਸਮਰੱਥਾ ਅਤੇ ਬਦਲਦੇ ਹਾਲਾਤਾਂ ਅਨੁਸਾਰ ਢਲਣ ਦੀ ਯੋਗਤਾ ਵੀ ਮਹੱਤਵਪੂਰਨ ਹੋਵੇਗੀ।

ਇਸ ਦਾ ਅਰਥ ਹੈ ਕਿ ਸਿਰਫ਼ ਕੰਪਿਊਟਰ ਚਲਾਉਣਾ ਜਾਂ ਕਿਸੇ ਸਾਫ਼ਟਵੇਅਰ ਦੀ ਵਰਤੋਂ ਜਾਣਨਾ ਕਾਫ਼ੀ ਨਹੀਂ। ਵਿਦਿਆਰਥੀ ਨੂੰ ਤਕਨੀਕ ਦੇ ਕੰਮ ਕਰਨ ਦੇ ਢੰਗ, ਉਸ ਦੀਆਂ ਸੀਮਾਵਾਂ ਅਤੇ ਜ਼ਿੰਮੇਵਾਰ ਵਰਤੋਂ ਦੀ ਸਮਝ ਵੀ ਹੋਣੀ ਚਾਹੀਦੀ ਹੈ।

ਸਮਾਜ ਵਿੱਚ ਅਜੇ ਵੀ ਡਾਕਟਰੀ, ਇੰਜੀਨੀਅਰਿੰਗ ਅਤੇ ਹੋਰ ਰਵਾਇਤੀ ਡਿਗਰੀਆਂ ਨੂੰ ਸਫ਼ਲਤਾ ਦਾ ਮੁੱਖ ਪੈਮਾਨਾ ਮੰਨਿਆ ਜਾਂਦਾ ਹੈ। ਦੂਜੇ ਪਾਸੇ, ਕਈ ਨੌਜਵਾਨ ਛੇਤੀ ਕਮਾਈ ਦੀ ਆਸ ਵਿੱਚ ਬਿਨਾਂ ਮਜ਼ਬੂਤ ਬੁਨਿਆਦ ਦੇ ਛੋਟੇ ਤਕਨੀਕੀ ਕੋਰਸਾਂ ਵੱਲ ਦੌੜਦੇ ਹਨ। ਦੋਵੇਂ ਰੁਝਾਨ ਅਧੂਰੀ ਸੋਚ ਨੂੰ ਦਰਸਾਉਂਦੇ ਹਨ। ਡਿਗਰੀ ਡੂੰਘਾ ਸਿਧਾਂਤਕ ਗਿਆਨ ਦਿੰਦੀ ਹੈ, ਤਕਨੀਕੀ ਸਿੱਖਿਆ ਵਿਗਿਆਨ ਅਤੇ ਤਕਨੀਕ ਦੀ ਵਰਤੋਂ ਸਿਖਾਉਂਦੀ ਹੈ, ਜਦਕਿ ਕਿੱਤਾਮੁਖੀ ਸਿਖਲਾਈ ਕਿਸੇ ਖ਼ਾਸ ਕੰਮ ਦੀ ਮੁਹਾਰਤ ਪੈਦਾ ਕਰਦੀ ਹੈ। ਇਹ ਤਿੰਨੇ ਇੱਕ-ਦੂਜੇ ਦੇ ਪੂਰਕ ਹਨ। ਭਾਰਤ ਦੀ ਰਾਸ਼ਟਰੀ ਸਿੱਖਿਆ ਨੀਤੀ 2020 ਵੀ ਕਿੱਤਾਮੁਖੀ ਸਿੱਖਿਆ, ਵਿਹਾਰਕ ਸਿਖਲਾਈ ਅਤੇ ਕੰਮ ਰਾਹੀਂ ਪ੍ਰਾਪਤ ਤਜਰਬੇ ਨੂੰ ਮੁੱਖ ਧਾਰਾ ਦੀ ਸਿੱਖਿਆ ਨਾਲ ਜੋੜਨ ’ਤੇ ਜ਼ੋਰ ਦਿੰਦੀ ਹੈ।

ਪੰਜਾਬ ਵਰਗੇ ਖੇਤੀ-ਪ੍ਰਧਾਨ ਸੂਬੇ ਵਿੱਚ ਸਿੱਖਿਆ ਨੂੰ ਸਿਰਫ਼ ਸਰਕਾਰੀ ਨੌਕਰੀ ਜਾਂ ਵਿਦੇਸ਼ ਜਾਣ ਦੀ ਤਿਆਰੀ ਤੱਕ ਸੀਮਤ ਨਹੀਂ ਕੀਤਾ ਜਾ ਸਕਦਾ। ਖੇਤੀਬਾੜੀ ਵਿੱਚ ਡਰੋਨ ਤਕਨੀਕ, ਮਿੱਟੀ ਦੀ ਜਾਂਚ, ਆਧੁਨਿਕ ਸਿੰਚਾਈ, ਖੁਰਾਕੀ ਪਦਾਰਥਾਂ ਦੀ ਪ੍ਰਕਿਰਿਆ ਅਤੇ ਖੇਤੀ-ਉੱਦਮ ਦੇ ਮੌਕੇ ਹਨ। ਇਸੇ ਤਰ੍ਹਾਂ ਬਿਜਲੀ-ਚਾਲਿਤ ਵਾਹਨਾਂ ਦੀ ਮੁਰੰਮਤ, ਸੂਰਜੀ ਊਰਜਾ, ਸਿਹਤ ਸੇਵਾਵਾਂ, ਮਾਲ-ਢੋਆਈ, ਡਿਜੀਟਲ ਵਿਕਰੀ ਅਤੇ ਸਾਈਬਰ ਸੁਰੱਖਿਆ ਵਰਗੇ ਖੇਤਰਾਂ ਵਿੱਚ ਵੀ ਸੰਭਾਵਨਾਵਾਂ ਹਨ। ਪਰ ਕਿਸੇ ਖੇਤਰ ਵਿੱਚ ਮੌਕੇ ਹੋਣ ਦਾ ਅਰਥ ਹਰ ਕੋਰਸ ਤੋਂ ਨੌਕਰੀ ਮਿਲਣਾ ਨਹੀਂ। ਵਿਦਿਆਰਥੀਆਂ ਨੂੰ ਕੋਰਸ ਦੀ ਮਾਨਤਾ, ਸੰਸਥਾ ਦੀ ਭਰੋਸੇਯੋਗਤਾ, ਉਦਯੋਗ ਨਾਲ ਸੰਬੰਧ, ਵਿਹਾਰਕ ਤਜਰਬੇ ਅਤੇ ਰੁਜ਼ਗਾਰ ਦੀ ਅਸਲ ਮੰਗ ਦੀ ਜਾਂਚ ਕਰਨੀ ਚਾਹੀਦੀ ਹੈ।

ਕ੍ਰਿਤ੍ਰਿਮ ਬੁੱਧੀ ਸਿੱਖਣ ਦਾ ਪ੍ਰਭਾਵਸ਼ਾਲੀ ਸਾਧਨ ਹੈ, ਪਰ ਇਸ ’ਤੇ ਅੰਨ੍ਹਾ ਭਰੋਸਾ ਖ਼ਤਰਨਾਕ ਹੋ ਸਕਦਾ ਹੈ। ਇਸ ਤੋਂ ਮਿਲੀ ਜਾਣਕਾਰੀ ਗ਼ਲਤ ਜਾਂ ਅਧੂਰੀ ਵੀ ਹੋ ਸਕਦੀ ਹੈ। ਯੂਨੈਸਕੋ ਦਾ ਵਿਦਿਆਰਥੀਆਂ ਲਈ ਕ੍ਰਿਤ੍ਰਿਮ ਬੁੱਧੀ ਸਮਰੱਥਾ ਢਾਂਚਾ ਵੀ ਤਕਨੀਕੀ ਗਿਆਨ ਦੇ ਨਾਲ ਨੈਤਿਕਤਾ, ਮਨੁੱਖ-ਕੇਂਦਰਿਤ ਸੋਚ ਅਤੇ ਜ਼ਿੰਮੇਵਾਰ ਵਰਤੋਂ ’ਤੇ ਜ਼ੋਰ ਦਿੰਦਾ ਹੈ। ਇਸ ਲਈ ਜਾਣਕਾਰੀ ਦੀ ਪੁਸ਼ਟੀ ਅਤੇ ਤੱਥਾਂ ਤੇ ਰਾਇ ਵਿਚਲਾ ਫ਼ਰਕ ਸਮਝਣਾ ਜ਼ਰੂਰੀ ਹੈ।

ਇਸ ਦੇ ਨਾਲ ਪੰਜਾਬੀ ਅਤੇ ਅੰਗਰੇਜ਼ੀ ਵਿੱਚ ਪ੍ਰਭਾਵਸ਼ਾਲੀ ਗੱਲਬਾਤ, ਗਣਿਤ, ਲਿਖਣ ਦੀ ਯੋਗਤਾ, ਟੀਮਵਰਕ ਅਤੇ ਵਿੱਤੀ ਸਾਖਰਤਾ ਨੂੰ ਵੀ ਅਣਡਿੱਠਾ ਨਹੀਂ ਕੀਤਾ ਜਾ ਸਕਦਾ। ਵਿਦਿਆਰਥੀਆਂ ਨੂੰ ਆਪਣੀ ਰੁਚੀ, ਸਮਰੱਥਾ ਅਤੇ ਆਰਥਿਕ ਹਾਲਾਤ ਅਨੁਸਾਰ ਸਿੱਖਿਆ ਦਾ ਰਾਹ ਚੁਣਨਾ ਚਾਹੀਦਾ ਹੈ। ਸਕੂਲਾਂ ਵਿੱਚ ਬੁਨਿਆਦੀ ਵਿਸ਼ਿਆਂ ਦੇ ਨਾਲ ਵਿਹਾਰਕ ਹੁਨਰ, ਕਾਲਜਾਂ ਵਿੱਚ ਇੰਟਰਨਸ਼ਿਪ ਅਤੇ ਉਦਯੋਗਿਕ ਸਿਖਲਾਈ, ਅਤੇ ਪੜ੍ਹਾਈ ਪੂਰੀ ਕਰ ਚੁੱਕੇ ਨੌਜਵਾਨਾਂ ਲਈ ਮਾਨਤਾ ਪ੍ਰਾਪਤ ਸੰਸਥਾਵਾਂ ਦੇ ਹੁਨਰ-ਵਧਾਊ ਕੋਰਸ ਲਾਹੇਵੰਦ ਹੋ ਸਕਦੇ ਹਨ।

ਮਾਪਿਆਂ ਨੂੰ ਬੱਚਿਆਂ ’ਤੇ ਸਿਰਫ਼ ਡਾਕਟਰ, ਇੰਜੀਨੀਅਰ ਜਾਂ ਸਰਕਾਰੀ ਮੁਲਾਜ਼ਮ ਬਣਨ ਦਾ ਦਬਾਅ ਪਾਉਣ ਦੀ ਥਾਂ ਉਨ੍ਹਾਂ ਦੀ ਰੁਚੀ ਅਤੇ ਯੋਗਤਾ ਸਮਝਣੀ ਚਾਹੀਦੀ ਹੈ। ਵਿਦਿਅਕ ਸੰਸਥਾਵਾਂ ਨੂੰ ਵੀ ਪਾਠਕ੍ਰਮ ਉਦਯੋਗਿਕ ਲੋੜਾਂ ਨਾਲ ਜੋੜ ਕੇ ਪ੍ਰਯੋਗਸ਼ਾਲਾਵਾਂ ਅਤੇ ਵਿਹਾਰਕ ਸਿਖਲਾਈ ਵਿੱਚ ਸੁਧਾਰ ਕਰਨਾ ਚਾਹੀਦਾ ਹੈ। ਭਵਿੱਖ ਦੀ ਸਿੱਖਿਆ ਦਾ ਮਕਸਦ ਸਿਰਫ਼ ਨੌਕਰੀ ਹਾਸਲ ਕਰਨਾ ਨਹੀਂ, ਸਗੋਂ ਸਮਰੱਥ, ਜ਼ਿੰਮੇਵਾਰ ਅਤੇ ਆਤਮ-ਨਿਰਭਰ ਨਾਗਰਿਕ ਤਿਆਰ ਕਰਨਾ ਹੈ। ਡਿਗਰੀ ਗਿਆਨ ਦਾ ਆਧਾਰ ਹੈ, ਹੁਨਰ ਉਸ ਦੀ ਵਿਹਾਰਕ ਤਾਕਤ ਅਤੇ ਤਕਨੀਕ ਕਾਰਜ-ਸਮਰੱਥਾ ਵਧਾਉਣ ਦਾ ਸਾਧਨ ਹੈ। ਸਫ਼ਲਤਾ ਇਨ੍ਹਾਂ ਤਿੰਨਾਂ ਦੇ ਸੰਤੁਲਿਤ ਸੁਮੇਲ ਵਿੱਚ ਹੈ।

ਅਸਲ ਸਿੱਖਿਆ ਇਮਤਿਹਾਨ ਪਾਸ ਕਰਨਾ ਹੀ ਨਹੀਂ, ਸਗੋਂ ਜ਼ਿੰਦਗੀ ਦੀਆਂ ਅਣਕਿਆਸੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਸਿਖਾਉਂਦੀ ਹੈ।

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਸਟੇਟ ਬੈਂਕ ਦੀ ਜ਼ਮਾਨਤ, ਅਮਾਨਤ ’ਚ ਖਿਆਨਤ

## ਬੈਂਕਾਂ ਵਿੱਚ ਜਮ੍ਹਾਂ ਪੂੰਜੀ ਹੀ ਨਹੀਂ, ਗਾਹਕਾਂ ਦੀ ਨਿੱਜਤਾ ਵੀ ਖ਼ਤਰੇ ਵਿੱਚ ! ਸਟੇਟ ਬੈਂਕ ਦੇ ਅੰਕੜਿਆਂ ਦੇ ਰਿਸਾਅ ਨੇ ਖੋਲ੍ਹੀਆਂ ਸਾਈਬਰ ਸੁਰੱਖਿਆ ਦੀਆਂ ਪਰਤਾਂ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਲਗਭਗ 3.75 ਲੱਖ ਰਿਕਾਰਡਾਂ ਦੇ ਖੁਲਾਸੇ ਵਿੱਚੋਂ 3,897 ਗਾਹਕਾਂ ਦੀ ਨਿੱਜੀ ਪਛਾਣ ਨਾਲ ਜੁੜੀ ਜਾਣਕਾਰੀ ਮਿਲਣ ਦਾ ਮੁੱਢਲਾ ਦਾਅਵਾ ਮੋਬਾਈਲ ਨੰਬਰਾਂ, ਘਰਾਂ ਦੇ ਪਤਿਆਂ ਅਤੇ ਕਰਜ਼ੇ ਦੇ ਵੇਰਵਿਆਂ ਦੀ ਸੁਰੱਖਿਆ ਬਾਰੇ ਗੰਭੀਰ ਸਵਾਲ।

ਦੇਸ਼ ਵਿੱਚ ਜਦੋਂ ਬੈਂਕਿੰਗ ਸੇਵਾਵਾਂ ਦਾ ਵੱਡਾ ਹਿੱਸਾ ਡਿਜੀਟਲ ਮਾਧਿਅਮਾਂ ਉੱਤੇ ਨਿਰਭਰ ਹੋ ਚੁੱਕਾ ਹੈ, ਉਦੋਂ ਗਾਹਕਾਂ ਦੀ ਨਿੱਜੀ ਜਾਣਕਾਰੀ ਦਾ ਅਣਅਧਿਕਾਰਤ ਹੱਥਾਂ ਤੱਕ ਪਹੁੰਚਣਾ ਸਿਰਫ਼ ਤਕਨੀਕੀ ਗੜਬੜ ਨਹੀਂ, ਸਗੋਂ ਭਰੋਸੇ, ਨਿੱਜਤਾ ਅਤੇ ਜਮ੍ਹਾ ਪੂੰਜੀ ਦੀ ਸੁਰੱਖਿਆ ਨਾਲ ਜੁੜਿਆ ਗੰਭੀਰ ਮਾਮਲਾ ਹੈ। ਭਾਰਤੀ ਸਟੇਟ ਬੈਂਕ ਨਾਲ ਸਬੰਧਤ ਅੰਕੜਿਆਂ ਦੇ ਰਿਸਾਅ ਦੀ ਖ਼ਬਰ ਨੇ ਇਸੇ ਚਿੰਤਾ ਨੂੰ ਮੁੜ ਕੇਂਦਰ ਵਿੱਚ ਲਿਆ ਖੜ੍ਹਾ ਕੀਤਾ ਹੈ।

22 ਅਕਤੂਬਰ 2026 ਨੂੰ ਪ੍ਰਕਾਸ਼ਿਤ ਰਿਪੋਰਟ ਅਨੁਸਾਰ, ਦੇਸ਼ ਦੇ ਸਭ ਤੋਂ ਵੱਡੇ ਸਰਕਾਰੀ ਖੇਤਰ ਦੇ ਬੈਂਕ ਨੇ ਆਪਣੇ ਕੁਝ ਗਾਹਕਾਂ ਦੀ ਜਾਣਕਾਰੀ ਸਾਹਮਣੇ ਆਉਣ ਦੀ ਘਟਨਾ ਦੀ ਤਸਦੀਕ ਕਰਦਿਆਂ ਜਾਂਚ ਸ਼ੁਰੂ ਕਰਨ ਦੀ ਜਾਣਕਾਰੀ ਦਿੱਤੀ। ਬੈਂਕ ਦੇ ਮੁੱਢਲੇ ਅਧਿਐਨ ਵਿੱਚ ਗੁਪਤ ਜਾਲ ਉੱਤੇ ਉਪਲਬਧ ਲਗਭਗ 3 ਲੱਖ 75 ਹਜ਼ਾਰ ਰਿਕਾਰਡਾਂ ਦੀ ਪੜਤਾਲ ਕੀਤੀ ਗਈ, ਜਿਨ੍ਹਾਂ ਵਿੱਚੋਂ 3,897 ਰਿਕਾਰਡਾਂ ਵਿੱਚ ਗਾਹਕਾਂ ਦੀ ਨਿੱਜੀ ਪਛਾਣ ਨਾਲ ਜੁੜੀ ਜਾਣਕਾਰੀ ਤਸਦੀਕ ਹੋਈ। ਹਾਲਾਂਕਿ, ਪੂਰੇ ਅੰਕੜਾ-ਭੰਡਾਰ ਦੀ ਪ੍ਰਮਾਣਿਕਤਾ, ਉਸ ਦੇ ਅਸਲ ਸਰੋਤ ਅਤੇ ਰਿਸਾਅ ਦੀ ਪੂਰੀ ਹੱਦ ਬਾਰੇ ਜਾਂਚ ਅਜੇ ਬਾਕੀ ਹੈ।

ਰਿਪੋਰਟਾਂ ਅਨੁਸਾਰ, ਸਾਹਮਣੇ ਆਈ ਜਾਣਕਾਰੀ ਵਿੱਚ ਗਾਹਕਾਂ ਦੇ ਨਾਂ, ਮੋਬਾਈਲ ਨੰਬਰ, ਜਨਮ ਮਿਤੀਆਂ, ਬਿਜਲਈ ਡਾਕ ਪਤੇ, ਰਿਹਾਇਸ਼ੀ ਪਤੇ, ਲਿੰਗ, ਬੈਂਕ ਦੀਆਂ ਸ਼ਾਖਾਵਾਂ ਨਾਲ ਸਬੰਧਤ ਵੇਰਵੇ, ਗਾਹਕ ਪਛਾਣ ਨੰਬਰ ਅਤੇ ਕਰਜ਼ਾ ਜਾਂ ਕਰਜ਼ਾ-ਅਰਜ਼ੀਆਂ ਨਾਲ ਜੁੜੇ ਅੰਕੜੇ ਸ਼ਾਮਲ ਹਨ। ਇੱਕ ਦਾਅਵੇ ਵਿੱਚ ਸਾਦੀ ਲਿਖਤ ਵਾਲੀਆਂ ਅੰਕੜਾ-ਫਾਈਲਾਂ ਅਤੇ 2,722 ਦਸਤਾਵੇਜ਼ਾਂ ਦਾ ਵੀ ਜ਼ਿਕਰ ਕੀਤਾ ਗਿਆ ਹੈ।

ਆਮ ਤੌਰ ’ਤੇ ਲੋਕ ਸਮਝਦੇ ਹਨ ਕਿ ਜਦੋਂ ਤੱਕ ਉਨ੍ਹਾਂ ਦੇ ਬੈਂਕ ਖਾਤੇ ਵਿੱਚੋਂ ਪੈਸੇ ਨਹੀਂ ਨਿਕਲਦੇ, ਉਦੋਂ ਤੱਕ ਉਨ੍ਹਾਂ ਦਾ ਕੋਈ ਨੁਕਸਾਨ ਨਹੀਂ ਹੋਇਆ। ਪਰ ਇਹ ਸੋਚ ਅਧੂਰੀ ਹੈ। ਕਿਸੇ ਵਿਅਕਤੀ ਦਾ ਨਾਂ, ਫ਼ੋਨ ਨੰਬਰ, ਪਤਾ ਅਤੇ ਕਰਜ਼ੇ ਦੀ ਜਾਣਕਾਰੀ ਇਕੱਠੀ ਹੋ ਕੇ ਧੋਖੇਬਾਜ਼ਾਂ ਨੂੰ ਉਸ ਦੀ ਪਛਾਣ ਅਤੇ ਆਰਥਿਕ ਹਾਲਤ ਬਾਰੇ ਕਾਫ਼ੀ ਕੁਝ ਦੱਸ ਸਕਦੀ ਹੈ। ਇਹ ਜਾਣਕਾਰੀ ਬਾਅਦ ਵਿੱਚ ਠੱਗੀ ਦੀਆਂ ਹੋਰ ਗੁੰਝਲਦਾਰ ਕੋਸ਼ਿਸ਼ਾਂ ਲਈ ਵਰਤੀ ਜਾ ਸਕਦੀ ਹੈ।

ਜਾਣਕਾਰੀ ਦੇ ਰਿਸਾਅ ਦੇ ਸਭ ਤੋਂ ਖ਼ਤਰਨਾਕ ਪੱਖਾਂ ਵਿੱਚੋਂ ਇੱਕ ਹੈ ਵਿਸ਼ਵਾਸਯੋਗ ਦਿਖਾਈ ਦੇਣ ਵਾਲੀ ਠੱਗੀ। ਜੇ ਕਿਸੇ ਅਪਰਾਧੀ ਕੋਲ ਗਾਹਕ ਦਾ ਅਸਲ ਨਾਂ, ਬੈਂਕ ਦੀ ਸ਼ਾਖਾ, ਕਰਜ਼ੇ ਨਾਲ ਜੁੜਿਆ ਵੇਰਵਾ ਅਤੇ ਮੋਬਾਈਲ ਨੰਬਰ ਹੋਵੇ, ਤਾਂ ਉਹ ਆਪਣੇ ਆਪ ਨੂੰ ਬੈਂਕ ਦਾ ਅਧਿਕਾਰੀ ਦੱਸ ਕੇ ਗੱਲ ਕਰ ਸਕਦਾ ਹੈ। ਉਹ ਗਾਹਕ ਨੂੰ ਇਹ ਵਿਸ਼ਵਾਸ ਦਿਵਾਉਣ ਦੀ ਕੋਸ਼ਿਸ਼ ਕਰ ਸਕਦਾ ਹੈ ਕਿ ਉਸ ਦੇ ਕਰਜ਼ੇ, ਖਾਤੇ ਜਾਂ ਪਛਾਣ-ਪੱਤਰ ਵਿੱਚ ਕੋਈ ਸਮੱਸਿਆ ਆ ਗਈ ਹੈ।

ਇਸ ਤਰ੍ਹਾਂ ਦੀ ਠੱਗੀ ਵਿੱਚ ਅਪਰਾਧੀ ਨੂੰ ਹਰ ਵਾਰ ਤਕਨੀਕੀ ਤੌਰ ’ਤੇ ਬੈਂਕ ਦਾ ਖਾਤਾ ਤੋੜਨ ਦੀ ਲੋੜ ਨਹੀਂ ਪੈਂਦੀ। ਕਈ ਵਾਰ ਉਹ ਮਨੁੱਖੀ ਭਰੋਸੇ ਅਤੇ ਡਰ ਦਾ ਫ਼ਾਇਦਾ ਚੁੱਕ ਕੇ ਗਾਹਕ ਤੋਂ ਹੀ ਗੁਪਤ ਜਾਣਕਾਰੀ ਹਾਸਲ ਕਰ ਲੈਂਦੇ ਹਨ। ਇਸੇ ਕਰਕੇ ਨਿੱਜੀ ਅੰਕੜਿਆਂ ਦੀ ਸੁਰੱਖਿਆ ਸਿਰਫ਼ ਕੰਪਿਊਟਰਾਂ ਅਤੇ ਸਰਵਰਾਂ ਦੀ ਸੁਰੱਖਿਆ ਦਾ ਮਸਲਾ ਨਹੀਂ, ਸਗੋਂ ਲੋਕਾਂ ਦੀ ਆਰਥਿਕ ਸੁਰੱਖਿਆ ਦਾ ਵੀ ਮਸਲਾ ਹੈ।

ਇਸ ਘਟਨਾ ਤੋਂ ਬਾਅਦ ਗਾਹਕਾਂ ਨੂੰ ਖ਼ਾਸ ਤੌਰ ’ਤੇ ਸੁਚੇਤ ਰਹਿਣ ਦੀ ਲੋੜ ਹੈ। ਬੈਂਕ ਦਾ ਨਾਂ ਲੈ ਕੇ ਆਉਣ ਵਾਲੀ ਹਰ ਫ਼ੋਨ ਕਾਲ, ਸੁਨੇਹੇ ਜਾਂ ਬਿਜਲਈ ਡਾਕ ਨੂੰ ਸੱਚ ਨਾ ਮੰਨਿਆ ਜਾਵੇ। ਕਿਸੇ ਨਾਲ ਵੀ ਗੁਪਤ ਅੰਕ, ਪਾਸਵਰਡ, ਓ.ਟੀ.ਪੀ ਜਾਂ ਖਾਤੇ ਤੱਕ ਪਹੁੰਚ ਦੇਣ ਵਾਲੇ ਵੇਰਵੇ ਸਾਂਝੇ ਨਾ ਕੀਤੇ ਜਾਣ। ਸ਼ੱਕੀ ਸੁਨੇਹਿਆਂ ਵਿੱਚ ਦਿੱਤੇ ਲਿੰਕ ਨਾ ਖੋਲ੍ਹੇ ਜਾਣ ਅਤੇ ਕਿਸੇ ਵੀ ਸ਼ੱਕ ਦੀ ਸੂਰਤ ਵਿੱਚ ਬੈਂਕ ਨਾਲ ਉਸ ਦੇ ਅਧਿਕਾਰਤ ਸੰਪਰਕ ਮਾਧਿਅਮ ਰਾਹੀਂ ਹੀ ਗੱਲ ਕੀਤੀ ਜਾਵੇ।

ਪ੍ਰਕਾਸ਼ਿਤ ਜਾਣਕਾਰੀ ਮੁਤਾਬਕ, ਬੈਂਕ ਨੂੰ 16 ਅਕਤੂਬਰ ਨੂੰ ਆਪਣੇ ਖ਼ਤਰਾ-ਨਿਗਰਾਨੀ ਸੇਵਾ ਪ੍ਰਦਾਤਾ, ਰੱਖਿਆ ਸਾਈਬਰ ਏਜੰਸੀ ਅਤੇ ਭਾਰਤੀ ਕੰਪਿਊਟਰ ਐਮਰਜੈਂਸੀ ਪ੍ਰਤੀਕਿਰਿਆ ਟੀਮ ਵੱਲੋਂ ਸੰਭਾਵੀ ਜਾਣਕਾਰੀ-ਰਿਸਾਅ ਬਾਰੇ ਸੂਚਨਾ ਮਿਲੀ ਸੀ। ਇਸ ਤੋਂ ਬਾਅਦ ਬੈਂਕ ਨੇ ਸਾਈਬਰ ਘਟਨਾ ਨਾਲ ਨਜਿੱਠਣ ਅਤੇ ਪ੍ਰਭਾਵ ਨੂੰ ਸੀਮਤ ਕਰਨ ਲਈ ਆਪਣੀ ਕਾਰਵਾਈ ਸ਼ੁਰੂ ਕੀਤੀ। ਜਾਂਚ ਲਈ ਇੱਕ ਸੁਤੰਤਰ ਸਾਈਬਰ ਸੁਰੱਖਿਆ ਸੰਸਥਾ ਦੀ ਸਹਾਇਤਾ ਵੀ ਲਈ ਗਈ।

ਬੈਂਕ ਦਾ ਕਹਿਣਾ ਹੈ ਕਿ ਇਸ ਘਟਨਾ ਦਾ ਉਸ ਦੇ ਮੁੱਖ ਕਾਰੋਬਾਰੀ ਕੰਮਕਾਜ, ਵਿੱਤੀ ਕਾਰਗੁਜ਼ਾਰੀ ਜਾਂ ਸੇਵਾਵਾਂ ਦੀ ਨਿਰੰਤਰਤਾ ਉੱਤੇ ਕੋਈ ਮਹੱਤਵਪੂਰਨ ਅਸਰ ਨਹੀਂ ਪਿਆ। ਪਰ ਇੱਥੇ ਇੱਕ ਅਹਿਮ ਫ਼ਰਕ ਸਮਝਣਾ ਜ਼ਰੂਰੀ ਹੈ ਕਿ ਬੈਂਕਿੰਗ ਸੇਵਾਵਾਂ ਦਾ ਆਮ ਵਾਂਗ ਚੱਲਦੇ ਰਹਿਣਾ ਅਤੇ ਗਾਹਕਾਂ ਦੀ ਨਿੱਜੀ ਜਾਣਕਾਰੀ ਦਾ ਪੂਰੀ ਤਰ੍ਹਾਂ ਸੁਰੱਖਿਅਤ ਹੋਣਾ ਦੋ ਵੱਖਰੀਆਂ ਗੱਲਾਂ ਹਨ।

-ਕੁਝ ਬੁਨਿਆਦੀ ਸਵਾਲਾਂ

ਪਹਿਲਾ, ਇਹ ਅੰਕੜੇ ਅਸਲ ਵਿੱਚ ਕਿੱਥੋਂ ਆਏ ? ਕੀ ਇਹ ਕਿਸੇ ਅੰਦਰੂਨੀ ਢੰਗ , ਕਿਸੇ ਬਾਹਰੀ ਸਰਵਿਸ ਪ੍ਰੋਵਾਈਜ਼ਰ , ਕਿਸੇ ਪੁਰਾਣੇ ਅੰਕੜਾ-ਭੰਡਾਰ ਜਾਂ ਕਿਸੇ ਹੋਰ ਸਰੋਤ ਨਾਲ ਸਬੰਧਤ ਹਨ ?

ਦੂਜਾ, ਜਾਣਕਾਰੀ ਕਿੰਨੇ ਸਮੇਂ ਤੋਂ ਅਣਅਧਿਕਾਰਤ ਲੋਕਾਂ ਦੀ ਪਹੁੰਚ ਵਿੱਚ ਸੀ ਅਤੇ ਕੀ ਕਿਸੇ ਨੇ ਇਸ ਦੀ ਵਰਤੋਂ ਕਰਕੇ ਗਾਹਕਾਂ ਨਾਲ ਧੋਖਾਧੜੀ ਕੀਤੀ ਹੈ ?

ਤੀਜਾ, ਕੀ ਪ੍ਰਭਾਵਿਤ ਹੋ ਸਕਣ ਵਾਲੇ ਗਾਹਕਾਂ ਨੂੰ ਸਿੱਧੇ ਤੌਰ ’ਤੇ ਸੂਚਿਤ ਕੀਤਾ ਗਿਆ ਹੈ ? ਜੇ ਹਾਂ, ਤਾਂ ਉਨ੍ਹਾਂ ਨੂੰ ਕਿਹੜੀ ਸਹਾਇਤਾ ਦਿੱਤੀ ਗਈ ਹੈ ?

ਚੌਥਾ, ਕੀ ਇਹ ਘਟਨਾ ਕਿਸੇ ਇਕੱਲੀ ਸੁਰੱਖਿਆ-ਕਮੀ ਦਾ ਨਤੀਜਾ ਹੈ ਜਾਂ ਅੰਕੜਿਆਂ ਤੱਕ ਪਹੁੰਚ, ਉਨ੍ਹਾਂ ਦੀ ਸੰਭਾਲ ਅਤੇ ਨਿਗਰਾਨੀ ਦੀ ਵਿਵਸਥਾ ਵਿੱਚ ਵੱਡੀਆਂ ਕਮੀਆਂ ਮੌਜੂਦ ਹਨ ?

ਇਨ੍ਹਾਂ ਸਵਾਲਾਂ ਦੇ ਜਵਾਬਾਂ ਤੋਂ ਬਿਨਾਂ ਸਿਰਫ਼ ਭਰੋਸਾ ਦੇਣ ਵਾਲੇ ਬਿਆਨ ਜਨਤਕ ਚਿੰਤਾ ਨੂੰ ਪੂਰੀ ਤਰ੍ਹਾਂ ਦੂਰ ਨਹੀਂ ਕਰ ਸਕਦੇ।

ਇੰਟਰਨੈੱਟ ਦਾ ਇੱਕ ਅਜਿਹਾ ਹਿੱਸਾ ਵੀ ਹੈ, ਜਿਸ ਤੱਕ ਆਮ ਖੋਜ-ਸਾਧਨਾਂ ਰਾਹੀਂ ਸਿੱਧੀ ਪਹੁੰਚ ਨਹੀਂ ਹੁੰਦੀ। ਇਸ ਨੂੰ ਆਮ ਤੌਰ ’ਤੇ ਗੁਪਤ ਜਾਲ ਕਿਹਾ ਜਾਂਦਾ ਹੈ। ਇਸ ਦੇ ਸਾਰੇ ਉਪਯੋਗ ਗ਼ੈਰਕਾਨੂੰਨੀ ਨਹੀਂ ਹਨ, ਪਰ ਇਸ ਦੇ ਕੁਝ ਹਿੱਸਿਆਂ ਵਿੱਚ ਚੋਰੀ ਕੀਤੇ ਅੰਕੜਿਆਂ, ਪਛਾਣ-ਵੇਰਵਿਆਂ ਅਤੇ ਹੋਰ ਗੁਪਤ ਸਮੱਗਰੀ ਦੀ ਖ਼ਰੀਦੋ-ਫ਼ਰੋਖ਼ਤ ਹੁੰਦੀ ਹੈ।

ਇੱਥੇ ਖ਼ਤਰਾ ਸਿਰਫ਼ ਇਹ ਨਹੀਂ ਕਿ ਕਿਸੇ ਦੀ ਜਾਣਕਾਰੀ ਸਾਹਮਣੇ ਆ ਗਈ। ਅਸਲ ਖ਼ਤਰਾ ਇਹ ਵੀ ਹੈ ਕਿ ਇੱਕ ਵਾਰ ਅੰਕੜੇ ਅਪਰਾਧੀਆਂ ਦੇ ਹੱਥ ਲੱਗ ਜਾਣ ਤਾਂ ਉਨ੍ਹਾਂ ਦੀਆਂ ਨਕਲਾਂ ਬਣ ਸਕਦੀਆਂ ਹਨ ਅਤੇ ਉਹ ਲੰਮੇ ਸਮੇਂ ਤੱਕ ਵੱਖ-ਵੱਖ ਠੱਗੀ ਦੀਆਂ ਕਾਰਵਾਈਆਂ ਵਿੱਚ ਵਰਤੇ ਜਾ ਸਕਦੇ ਹਨ। ਇਸ ਲਈ ਮੂਲ ਸਰੋਤ ਬੰਦ ਕਰਨਾ ਜ਼ਰੂਰੀ ਹੈ, ਪਰ ਜੇ ਜਾਣਕਾਰੀ ਪਹਿਲਾਂ ਹੀ ਬਾਹਰ ਜਾ ਚੁੱਕੀ ਹੋਵੇ ਤਾਂ ਪ੍ਰਭਾਵਿਤ ਗਾਹਕਾਂ ਦੀ ਨਿਗਰਾਨੀ ਅਤੇ ਸਹਾਇਤਾ ਵੀ ਉਤਨੀ ਹੀ ਮਹੱਤਵਪੂਰਨ ਹੈ।

ਇੱਕ ਹੋਰ ਚਿੰਤਾਜਨਕ ਪੱਖ ਇਹ ਹੈ ਕਿ ਹੁਣ ਅਪਰਾਧੀ ਨਿੱਜੀ ਜਾਣਕਾਰੀ ਨੂੰ ਇਕੱਠਾ ਕਰਕੇ ਉਸ ਦੀ ਛਾਂਟੀ, ਤੁਲਨਾ ਅਤੇ ਵਰਤੋਂ ਕਰਨ ਲਈ ਉੱਨਤ ਤਕਨੀਕਾਂ ਦੀ ਸਹਾਇਤਾ ਲੈ ਸਕਦੇ ਹਨ। ਇਸ ਨਾਲ ਵੱਡੇ ਪੱਧਰ ’ਤੇ ਨਿਸ਼ਾਨਾ ਬਣਾਉਣਾ ਆਸਾਨ ਹੋ ਸਕਦਾ ਹੈ। ਪਰ ਇਸ ਘਟਨਾ ਵਿੱਚ ਕਿਸੇ ਖ਼ਾਸ ਤਕਨੀਕ ਜਾਂ ਵਿਅਕਤੀ ਦੀ ਭੂਮਿਕਾ ਬਾਰੇ ਜਾਂਚ ਪੂਰੀ ਹੋਣ ਤੋਂ ਪਹਿਲਾਂ ਕੋਈ ਨਤੀਜਾ ਕੱਢਣਾ ਠੀਕ ਨਹੀਂ ਹੋਵੇਗਾ।

ਭਾਰਤ ਵਿੱਚ ਨਿੱਜੀ ਡਿਜੀਟਲ ਜਾਣਕਾਰੀ ਦੀ ਸੁਰੱਖਿਆ ਲਈ ਡਿਜੀਟਲ ਨਿੱਜੀ ਅੰਕੜਾ ਸੁਰੱਖਿਆ ਕਾਨੂੰਨ, 2023 ਬਣਾਇਆ ਗਿਆ। ਇਸ ਦੇ ਅਧੀਨ ਨਿੱਜੀ ਜਾਣਕਾਰੀ ਦੀ ਵਰਤੋਂ, ਉਸ ਦੀ ਸੁਰੱਖਿਆ ਅਤੇ ਵਿਅਕਤੀਆਂ ਦੇ ਅਧਿਕਾਰਾਂ ਨਾਲ ਸਬੰਧਤ ਪ੍ਰਬੰਧਕੀ ਢਾਂਚਾ ਤੈਅ ਕੀਤਾ ਗਿਆ ਹੈ । ਇਸ ਕਾਨੂੰਨ ਨੂੰ ਲਾਗੂ ਕਰਨ ਲਈ 14 ਨਵੰਬਰ 2025 ਨੂੰ ਨਿਯਮ ਵੀ ਜਾਰੀ ਕੀਤੇ ਗਏ, ਪਰ ਸਾਰੀਆਂ ਬੰਦੋਬਸਤ ਇੱਕੋ ਸਮੇਂ ਲਾਗੂ ਨਹੀਂ ਹੋਣੇ ; ਉਨ੍ਹਾਂ ਲਈ ਵੱਖ-ਵੱਖ ਪੜਾਅ ਨਿਰਧਾਰਤ ਕੀਤੇ ਗਏ ਹਨ।

ਇਸ ਲਈ ਇਹ ਕਹਿਣਾ ਕਿ ਇਸ ਘਟਨਾ ਕਾਰਨ ਬੈਂਕ ਉੱਤੇ ਲਾਜ਼ਮੀ ਤੌਰ ’ਤੇ ਕੋਈ ਖ਼ਾਸ ਜੁਰਮਾਨਾ ਲੱਗੇਗਾ, ਹਾਲੇ ਜਲਦਬਾਜ਼ੀ ਹੋਵੇਗੀ। ਇਸ ਲਈ ਕਾਨੂੰਨ ਦੀਆਂ ਸੰਬੰਧਿਤ ਵਿਵਸਥਾਵਾਂ ਦੇ ਲਾਗੂ ਹੋਣ ਦੀ ਸਥਿਤੀ, ਜਾਂਚ ਦੇ ਨਤੀਜੇ, ਬੈਂਕ ਦੀ ਜ਼ਿੰਮੇਵਾਰੀ ਅਤੇ ਹੋਰ ਲਾਗੂ ਨਿਯਮਾਂ ਨੂੰ ਧਿਆਨ ਵਿੱਚ ਰੱਖਣਾ ਪਵੇਗਾ। ਪਰ ਕਾਨੂੰਨੀ ਪੜਤਾਲ ਦੇ ਨਾਲ-ਨਾਲ ਇਹ ਵੀ ਜ਼ਰੂਰੀ ਹੈ ਕਿ ਅੰਕੜਿਆਂ ਦੀ ਸੁਰੱਖਿਆ ਲਈ ਜ਼ਿੰਮੇਵਾਰ ਸੰਸਥਾਵਾਂ ਆਪਣੀਆਂ ਕਮੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਦੂਰ ਕਰਨ।

ਬੈਂਕਾਂ ਦੀ ਸੁਰੱਖਿਆ ਨੂੰ ਸਿਰਫ਼ ਇਸ ਗੱਲ ਨਾਲ ਨਹੀਂ ਮਾਪਿਆ ਜਾ ਸਕਦਾ ਕਿ ਉਨ੍ਹਾਂ ਦੀਆਂ ਸ਼ਾਖਾਵਾਂ ਖੁੱਲ੍ਹੀਆਂ ਹਨ ਜਾਂ ਲੋਕ ਪੈਸੇ ਕਢਵਾ ਰਹੇ ਹਨ। ਅਸਲ ਕਸੌਟੀ ਇਹ ਹੈ ਕਿ ਗਾਹਕਾਂ ਦੀ ਜਾਣਕਾਰੀ ਤੱਕ ਪਹੁੰਚ ਕਿਸ ਨੂੰ ਹੈ, ਉਸ ਦੀ ਨਿਗਰਾਨੀ ਕਿਵੇਂ ਹੁੰਦੀ ਹੈ, ਸ਼ੱਕੀ ਗਤੀਵਿਧੀ ਕਿੰਨੀ ਜਲਦੀ ਪਛਾਣੀ ਜਾਂਦੀ ਹੈ ਅਤੇ ਕਿਸੇ ਘਟਨਾ ਮਗਰੋਂ ਪ੍ਰਭਾਵਿਤ ਲੋਕਾਂ ਨੂੰ ਕਿੰਨੀ ਤੇਜ਼ੀ ਨਾਲ ਸਹਾਇਤਾ ਮਿਲਦੀ ਹੈ।

ਬੈਂਕਾਂ ਨੂੰ ਜਾਣਕਾਰੀ ਦੀ ਲੋੜ ਅਨੁਸਾਰ ਹੀ ਪਹੁੰਚ ਦੇਣੀ ਚਾਹੀਦੀ ਹੈ। ਕਰਮਚਾਰੀਆਂ ਦੀ ਪਹੁੰਚ ਉਨ੍ਹਾਂ ਦੇ ਕੰਮ ਤੱਕ ਸੀਮਤ ਹੋਵੇ, ਪੁਰਾਣੇ ਅਤੇ ਬੇਲੋੜੇ ਅੰਕੜਿਆਂ ਦੀ ਸੁਰੱਖਿਅਤ ਸੰਭਾਲ ਜਾਂ ਨਸ਼ਟ ਕਰਨ ਦੀ ਨੀਤੀ ਹੋਵੇ ਅਤੇ ਹਰ ਸ਼ੱਕੀ ਗਤੀਵਿਧੀ ਦਾ ਲੇਖਾ ਰੱਖਿਆ ਜਾਵੇ। ਇਸ ਦੇ ਨਾਲ ਨਿਯਮਤ ਸੁਰੱਖਿਆ ਜਾਂਚ, ਕਰਮਚਾਰੀਆਂ ਦੀ ਸਿਖਲਾਈ, ਅਚਾਨਕ ਘਟਨਾਵਾਂ ਨਾਲ ਨਜਿੱਠਣ ਦੀ ਤਿਆਰੀ ਅਤੇ ਬਾਹਰੋਂ ਸੇਵਾ ਦੇਣ ਵਾਲੇ (ਸਰਵਿਸ ਪ੍ਰੋਵਾਈਡਰ) ਦੀ ਸਖ਼ਤ ਪੜਤਾਲ ਵੀ ਲਾਜ਼ਮੀ ਹੈ।

ਗਾਹਕਾਂ ਲਈ ਵੀ ਸਾਵਧਾਨੀ ਹੁਣ ਕੋਈ ਵਿਕਲਪ ਨਹੀਂ ਰਹੀ। ਖਾਤੇ ਦੇ ਮੈਸੇਜ ਵੱਲ ਧਿਆਨ ਦੇਣਾ, ਅਣਜਾਣ ਲੈਣ-ਦੇਣ ਦੀ ਤੁਰੰਤ ਸੂਚਨਾ ਦੇਣਾ, ਮਜ਼ਬੂਤ ਅਤੇ ਵੱਖਰੇ ਗੁਪਤ-ਸ਼ਬਦ ਵਰਤਣਾ ਅਤੇ ਬੈਂਕ ਬਣ ਕੇ ਗੱਲ ਕਰਨ ਵਾਲਿਆਂ ਦੀ ਪਛਾਣ ਦੀ ਪੁਸ਼ਟੀ ਕਰਨਾ ਬਹੁਤ ਜ਼ਰੂਰੀ ਹੈ। ਜੇ ਕੋਈ ਸ਼ੱਕੀ ਵਿੱਤੀ ਧੋਖਾਧੜੀ ਹੋਵੇ ਤਾਂ ਬੈਂਕ ਨੂੰ ਤੁਰੰਤ ਸੂਚਿਤ ਕਰਨ ਦੇ ਨਾਲ ਭਾਰਤ ਦੇ ਅਧਿਕਾਰਤ ਸਾਈਬਰ ਅਪਰਾਧ ਸ਼ਿਕਾਇਤ ਮਾਧਿਅਮ ਰਾਹੀਂ ਵੀ ਰਿਪੋਰਟ ਕਰਨੀ ਚਾਹੀਦੀ ਹੈ।

ਭਾਰਤੀ ਸਟੇਟ ਬੈਂਕ ਨਾਲ ਸਬੰਧਤ ਜਾਣਕਾਰੀ-ਰਿਸਾਅ ਦਾ ਮਾਮਲਾ ਸਾਨੂੰ ਇੱਕ ਬੁਨਿਆਦੀ ਸਬਕ ਦਿੰਦਾ ਹੈ. ਡਿਜੀਟਲ ਬੈਂਕਿੰਗ ਦੀ ਤਰੱਕੀ ਉਦੋਂ ਹੀ ਸਾਰਥਕ ਹੈ, ਜਦੋਂ ਉਸ ਦੇ ਨਾਲ ਗਾਹਕਾਂ ਦੀ ਨਿੱਜਤਾ ਦੀ ਰਾਖੀ ਵੀ ਉਤਨੀ ਹੀ ਮਜ਼ਬੂਤ ਹੋਵੇ।

ਅੱਜ ਗਾਹਕ ਬੈਂਕ ਨੂੰ ਸਿਰਫ਼ ਆਪਣੀ ਕਮਾਈ ਜਮ੍ਹਾਂ ਕਰਵਾਉਣ ਦੀ ਥਾਂ ਨਹੀਂ ਸਮਝਦਾ ਸਗੋਂ ਉਹ ਆਪਣੀ ਪਛਾਣ, ਪਰਿਵਾਰਕ ਪਤੇ, ਸੰਪਰਕ ਵੇਰਵਿਆਂ ਅਤੇ ਆਰਥਿਕ ਜੀਵਨ ਨਾਲ ਜੁੜੀ ਜਾਣਕਾਰੀ ਵੀ ਉਸ ਦੇ ਹਵਾਲੇ ਕਰਦਾ ਹੈ। ਇਸ ਭਰੋਸੇ ਦੀ ਰਾਖੀ ਕਰਨਾ ਬੈਂਕ ਦੀ ਨੈਤਿਕ ਅਤੇ ਕਾਨੂੰਨੀ ਜ਼ਿੰਮੇਵਾਰੀ ਹੈ।

ਇਸ ਮਾਮਲੇ ਵਿੱਚ ਜਾਂਚ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਅਸਲ ਵਿੱਚ ਕਿਹੜੀ ਜਾਣਕਾਰੀ ਸਾਹਮਣੇ ਆਈ, ਉਸ ਦਾ ਸਰੋਤ ਕੀ ਸੀ, ਕਿੰਨੇ ਗਾਹਕ ਪ੍ਰਭਾਵਿਤ ਹੋਏ ਅਤੇ ਭਵਿੱਖ ਵਿੱਚ ਅਜਿਹੀ ਘਟਨਾ ਰੋਕਣ ਲਈ ਕੀ ਤਬਦੀਲੀਆਂ ਕੀਤੀਆਂ ਗਈਆਂ। ਪ੍ਰਭਾਵਿਤ ਹੋ ਸਕਣ ਵਾਲੇ ਗਾਹਕਾਂ ਨੂੰ ਸਮੇਂ ਸਿਰ ਸੂਚਿਤ ਕਰਨਾ ਅਤੇ ਉਨ੍ਹਾਂ ਨੂੰ ਅਮਲੀ ਸਹਾਇਤਾ ਦੇਣਾ ਵੀ ਜਵਾਬਦੇਹੀ ਦਾ ਅਹਿਮ ਹਿੱਸਾ ਹੈ।

ਕਿਉਂਕਿ ਬੈਂਕ ਦੀ ਅਸਲ ਪੂੰਜੀ ਸਿਰਫ਼ ਉਸ ਕੋਲ ਜਮ੍ਹਾਂ ਧਨ ਨਹੀਂ, ਸਗੋਂ ਉਹ ਭਰੋਸਾ ਵੀ ਹੈ ਜੋ ਕਰੋੜਾਂ ਲੋਕ ਆਪਣੀ ਮਿਹਨਤ ਦੀ ਕਮਾਈ ਉਸ ਦੇ ਹਵਾਲੇ ਕਰਦਿਆਂ ਕਰਦੇ ਹਨ।

ਉਸ ਭਰੋਸੇ ਵਿੱਚ ਤਰੇੜ ਪੈ ਜਾਵੇ ਤਾਂ ਉਸ ਦੀ ਮੁਰੰਮਤ ਸਿਰਫ਼ ਤਕਨੀਕ ਨਾਲ ਨਹੀਂ, ਸੱਚਾਈ, ਪਾਰਦਰਸ਼ਤਾ ਅਤੇ ਠੋਸ ਕਾਰਵਾਈ ਨਾਲ ਹੀ ਹੋ ਸਕਦੀ ਹੈ।

# ਵਿਧਾਇਕ ਲਖਬੀਰ ਸਿੰਘ ਰਾਏ ਨੇ ਪਿੰਡ ਰਿਉਣਾ ਉੱਚਾ ਸਮੇਤ ਵੱਖ-ਵੱਖ ਪਿੰਡਾਂ ਵਿਖੇ ‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ ਯੋਗ ਲਾਭਪਾਤਰੀਆਂ ਨੂੰ ਮਾਲਕਾਨਾ ਹੱਕਾਂ ਦੇ ਕਾਗਜ਼ਾਤ ਵੰਡੇ

ਫ਼ਤਹਿਗੜ੍ਹ ਸਾਹਿਬ, 24 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਦੇ ਅੰਦਰ ਆਉਂਦੇ ਘਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕਾਨਾ ਹੱਕ ਦੇਣਾ ਅਹਿਮ ਕਦਮ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਅੱਜ ਪਿੰਡ ਰਿਊਣਾ ਉੱਚਾ, ਹਲੋਤਾਲੀ, ਤਾਣਾ, ਰਿਊਣਾ ਉੱਚਾ, ਰਿਊਣਾ ਭੋਲਾ, ਜਿਉਣਪੁਰਾ, ਜਲਵੇੜੀ ਧੂੰਮੀ, ਸਾਧੂਗੜ੍ਹ, ਰਾਮਗੜ ਸੈਣੀਆ, ਮਹਿਤਾਬਗੜ੍ਹ ਵਿਖੇ ਮੇਰਾ ਘਰ ਮੇਰੇ ਨਾਮ ਸਕੀਮ ਤਹਿਤ ਯੋਗ ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਕਾਗਜ਼ਾਤ ਦੀ ਵੰਡ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ‘ਮੇਰਾ ਘਰ ਮੇਰੇ ਨਾਮ’ ਸਕੀਮ ਦਾ ਮੁੱਖ ਉਦੇਸ਼ ਲਾਲ ਲਕੀਰ ਅੰਦਰ ਸਥਿਤ ਘਰਾਂ ਵਿੱਚ ਲੰਮੇ ਸਮੇਂ ਤੋਂ ਰਹਿ ਰਹੇ ਯੋਗ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਘਰਾਂ ਸਬੰਧੀ ਮਾਲਕੀ ਹੱਕ ਦੇਣ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਘਰ ਹਰ ਪਰਿਵਾਰ ਦੀ ਮੁੱਢਲੀ ਲੋੜ



ਐਡਵੋਕੇਟ ਹਰਮੀਤ ਬਰਾੜ ਜੀ ਨੂੰ ਸ਼੍ਰੋਮਣੀ ਅਕਾਲੀਦਲ ਵਲੋ ਮੁੱਖ ਬੁਲਾਰਾ ਲੱਗਣ ਤੇ ਸੰਮਾਨਿਤ ਕਰਦੇ ਹੋਏ ਸਰਦਾਰ ਕਸ਼ਮੀਰ ਸਿੰਘ ਬਿੱਲਾ ਕੌਮੀ ਜੋਇੰਟ ਸਕੱਤਰ ਐਸ ਸੀ ਵਿੰਗ ਪੰਜਾਬ, ਮੈਡਮ ਪ੍ਰੀਤੀ ਮਲਹੋਤਰਾ, ਪ੍ਰਦੀਪ ਸਪਲ, ਲਲਿਤ ਭਾਂਖਰ, ਗੁਰਵਿੰਦਰ ਕੁਮਾਰ ਮਜੂਦ ਰਹੇ ! ਫ਼ੋਟੋ ਤੇ ਵੇਰਵਾ : ਸ਼ਹੀਦ-ਏ-ਆਜ਼ਮ ਬਿਊਰੋ



ਹੋਣ ਦੇ ਨਾਲ-ਨਾਲ ਉਸ ਦੀ ਜ਼ਿੰਦਗੀ ਦੀ ਮਹੱਤਵਪੂਰਨ ਸੰਪਤੀ ਵੀ ਹੁੰਦਾ ਹੈ। ਮਾਲਕੀ ਹੱਕਾਂ ਨਾਲ ਸਬੰਧਤ ਦਸਤਾਵੇਜ਼ ਮਿਲਣ ਨਾਲ ਲੋਕਾਂ ਨੂੰ ਆਪਣੇ ਘਰਾਂ ਬਾਰੇ ਭਰੋਸਾ ਅਤੇ ਸੁਰੱਖਿਆ ਦੀ ਭਾਵਨਾ ਮਿਲਦੀ ਹੈ। ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਰਾਹੀਂ ਲੋਕਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਇਸ ਲੋੜ ਨੂੰ ਪੂਰਾ ਕਰਨ ਲਈ ਕਦਮ ਚੁੱਕੇ ਗਏ ਹਨ। ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਯੋਜਨਾਵਾਂ ਲੋਕਾਂ ਦੇ ਹੱਕਾਂ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਦੇ ਜੀਵਨ ਵਿੱਚ ਸਥਿਰਤਾ ਲਿਆਉਣ ਵਿੱਚ ਸਹਾਈ ਹੁੰਦੀਆਂ ਹਨ। ਇਸ ਮੌਕੇ ਜਗਜੀਤ ਸਿੰਘ, ਦੀਪ ਕੁਮਾਰ ਸਾਬਕਾ ਸਰਪੰਚ, ਗੁਰਜੰਟ ਸਿੰਘ ਲੰਬੜਦਾਰ, ਸੁਖਵਿੰਦਰ ਸਿੰਘ, ਕਰਨੈਲ ਸਿੰਘ, ਸੁਰਿੰਦਰ ਸਿੰਘ ਪੰਚ, ਦੀਦਾਰ ਸਿੰਘ, ਸੁਬੇਗ ਸਿੰਘ, ਲਖਵਿੰਦਰ ਸਿੰਘ ਫੌਜੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਸਟ੍ਰੋਕ ਅਤੇ ਹਿਰਦੇ ਸਿਹਤ ਸੰਭਾਲ ਵਿੱਚ ਫਿਜ਼ੀਓਥੈਰੇਪੀ ’ਤੇ ਰਾਸ਼ਟਰੀ ਸੈਮੀਨਾਰ ਦਾ ਆਯੋਜਨ

ਫ਼ਤਹਿਗੜ੍ਹ ਸਾਹਿਬ, 24 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਵੱਲੋਂ 22 ਅਕਤੂਬਰ 2026 ਨੂੰ ਸਟ੍ਰੋਕ ਅਤੇ ਹਿਰਦੇ ਤੇ ਰਕਤ ਵਾਹਿਕਾ ਸਿਹਤ ਸੰਭਾਲ ਵਿੱਚ ਫਿਜ਼ੀਓਥੈਰੇਪੀ: ਰੋਕਥਾਮ ਤੋਂ ਮੁੜ-ਵਸੇਬੇ ਤੱਕ (Physiotherapy in Stroke and Cardiovascular Healthcare: From Prevention to Rehabilitation) ਵਿਸ਼ੇ ‘ਤੇ ਇਕ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਸਿਹਤ ਸੰਭਾਲ ਮਾਹਰਾਂ, ਅਕਾਦਮਿਕ ਸ਼ਖ਼ਸੀਅਤਾਂ, ਖੋਜਕਰਤਾਵਾਂ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਸਟ੍ਰੋਕ ਤੋਂ ਬਾਅਦ ਮੁੜ-ਵਸੇਬੇ (rehabilitation), ਹਿਰਦੇ ਸਿਹਤ ਸੰਭਾਲ ਅਤੇ ਤੱਥ-ਆਧਾਰਿਤ (evidence-based) ਇਲਾਜ ਪ੍ਰਣਾਲੀਆਂ ਵਿੱਚ ਹੋ ਰਹੀਆਂ ਨਵੀਆਂ ਪ੍ਰਾਪਤੀਆਂ ‘ਤੇ ਵਿਚਾਰ-ਵਟਾਂਦਰਾ ਕਰਨਾ ਸੀ।

ਪ੍ਰੋਗਰਾਮ ਦੀ ਸ਼ੁਰੂਆਤ ਯੂਨੀਵਰਸਿਟੀ ਧੁਨ ਨਾਲ ਹੋਈ, ਜਿਸ ਤੋਂ ਬਾਅਦ ਫਿਜ਼ੀਓਥੈਰੇਪੀ ਵਿਭਾਗ ਦੇ ਮੁਖੀ ਡਾ. ਸੁਪ੍ਰੀਤ ਬਿੰਦਰਾ ਨੇ ਜੀ ਆਇਆਂ ਦਾ ਭਾਸ਼ਣ ਦਿੱਤਾ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਫਿਜ਼ੀਓਥੈਰੇਪੀ ਵਿਭਾਗ ਦੀ ਸਾਬਕਾ ਮੁਖੀ ਅਤੇ ਪ੍ਰਸਿੱਧ ਫਿਜ਼ੀਓਥੈਰੇਪਿਸਟ ਪ੍ਰੋ. (ਡਾ.) ਨਰਕੀਸ਼ ਅਰੁਮੁਗਮ ਨੇ ਮੁੱਖ ਭਾਸ਼ਣ ਦਿੱਤਾ। ਉਦਘਾਟਨੀ ਸ਼ੈਸ਼ਨ ਦੀ ਪ੍ਰਧਾਨਗੀ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪ੍ਰਿਤ ਪਾਲ ਸਿੰਘ ਨੇ ਕੀਤੀ, ਜਿਨ੍ਹਾਂ ਨੇ ਸਿਹਤ ਸੰਭਾਲ ਖੇਤਰ ਵਿੱਚ ਅਕਾਦਮਿਕ ਗਤੀਵਿਧੀਆਂ, ਪੇਸ਼ੇਵਰ ਵਿਕਾਸ ਅਤੇ ਆਧੁਨਿਕ ਤਕਨਾਲੋਜੀ ਦੀ ਮਹੱਤਤਾ ‘ਤੇ ਜ਼ੋਰ ਦਿੱਤਾ। ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਵੀ ਹਾਜ਼ਰ ਸਨ।





ਸੈਮੀਨਾਰ ਦੇ ਤਕਨੀਕੀ ਸ਼ੈਸ਼ਨਾਂ ਦੌਰਾਨ ਗ੍ਰੈਜੂਏਟ, ਪੋਸਟ ਗ੍ਰੈਜੂਏਟ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੇ ਆਨਲਾਈਨ ਅਤੇ ਆਫਲਾਈਨ ਮਾਧਿਅਮ ਰਾਹੀਂ ਖੋਜ ਪੱਤਰ ਅਤੇ ਪੋਸਟਰ ਪੇਸ਼ ਕੀਤੇ। ਮਾਹਰਾਂ ਨੇ ਨੌਜਵਾਨਾਂ ਵਿੱਚ ਸਟ੍ਰੋਕ ਦੇ ਸੰਭਾਵਿਤ ਕਾਰਨਾਂ, ਛਾਤੀ ਦੇ ਉਪਰਲੇ ਹਿੱਸੇ ਦੀਆਂ ਰਕਤ ਵਾਹਿਕਾਵਾਂ ‘ਤੇ ਦਬਾਅ ਅਤੇ ਸਟ੍ਰੋਕ ਦੇ ਆਪਸੀ ਸਬੰਧ, ਹਿਰਦੇ ਦੇ ਮੁੜ-ਵਸੇਬੇ ਅਤੇ ਸਟ੍ਰੋਕ ਦੇ ਇਲਾਜ ਵਿੱਚ ਵਰਚੁਅਲ ਰਿਐਲਿਟੀ (Virtual Reality) ਤਕਨਾਲੋਜੀ ਦੀ ਵਰਤੋਂ ਵਰਗੇ ਵਿਸ਼ਿਆਂ ‘ਤੇ ਚਰਚਾ ਕੀਤੀ। ਇਸ ਤੋਂ ਇਲਾਵਾ ਖਾਣ-ਪੀਣ ਨਾਲ ਸਬੰਧਤ ਵਿਗਾੜਾਂ ਕਾਰਨ ਹਿਰਦੇ ਅਤੇ ਨਾੜੀ ਪ੍ਰਣਾਲੀ ‘ਤੇ ਪੈਣ ਵਾਲੇ ਪ੍ਰਭਾਵਾਂ ‘ਤੇ ਵੀ ਵਿਚਾਰ ਸਾਂਝੇ ਕੀਤੇ ਗਏ।ਇਨ੍ਹਾਂ ਸ਼ੈਸ਼ਨਾਂ ਦੌਰਾਨ ਸਟ੍ਰੋਕ ਦੇ ਮਰੀਜ਼ਾਂ ਦੇ ਮੁੜ-ਵਸੇਬੇ ਵਿੱਚ ਮਦਦਗਾਰ ਉਪਕਰਨਾਂ ਦੀ ਭੂਮਿਕਾ ਅਤੇ ਪੱਠਿਆਂ ਦੇ ਖਿਚਾਅ ਨਾਲ ਪ੍ਰਭਾਵਿਤ ਹੱਥਾਂ ਦੀ ਕਾਰਜਕੁਸ਼ਲਤਾ ਵਿੱਚ ਸੁਧਾਰ ਲਈ ਤੱਥ-ਆਧਾਰਿਤ ਰਣਨੀਤੀਆਂ ‘ਤੇ ਵੀ ਚਰਚਾ ਕੀਤੀ ਗਈ। ਮਾਹਰਾਂ ਨੇ ਦੱਸਿਆ ਕਿ ਆਧੁਨਿਕ ਫਿਜ਼ੀਓਥੈਰੇਪੀ ਰਾਹੀਂ ਮਰੀਜ਼ਾਂ ਦੀ ਕਾਰਜਕੁਸ਼ਲਤਾ ਨੂੰ ਬਿਹਤਰ ਬਣਾਉਣ, ਮੁੜ-ਵਸੇਬੇ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਲੰਬੇ ਸਮੇਂ ਦੀ ਸਿਹਤ ਸੰਭਾਲ ਵਿੱਚ ਵੱਡੀ ਮਦਦ ਮਿਲ ਸਕਦੀ ਹੈ।

ਮੁੜ-ਵਸੇਬੇ ਤੋਂ ਅੱਗੇ: ਸਟ੍ਰੋਕ ਅਤੇ ਹਿਰਦੇ ਸਿਹਤ ਸੰਭਾਲ ਵਿੱਚ ਫਿਜ਼ੀਓਥੈਰੇਪੀ ਦੀ ਬਦਲਦੀ ਭੂਮਿਕਾ ਵਿਸ਼ੇ ‘ਤੇ ਕਰਵਾਈ ਗਈ ਪੈਨਲ ਚਰਚਾ ਦੌਰਾਨ ਮਾਹਰਾਂ ਨੇ ਉੱਭਰ ਰਹੀਆਂ ਕਲੀਨਿਕਲ ਚੁਣੌਤੀਆਂ, ਤੱਥ-ਆਧਾਰਿਤ ਇਲਾਜ ਵਿਧੀਆਂ ਅਤੇ ਬੀਮਾਰੀ ਦੀ ਰੋਕਥਾਮ ਤੋਂ ਲੈ ਕੇ ਮਰੀਜ਼ ਦੀ ਦੇਖਭਾਲ ਤੱਕ ਫਿਜ਼ੀਓਥੈਰੇਪੀ ਦੀ ਮਹੱਤਤਾ ‘ਤੇ ਵਿਚਾਰ-ਵਟਾਂਦਰਾ ਕੀਤਾ। ਸਮਾਪਤੀ ਸਮਾਰੋਹ ਵਿੱਚ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ ਅਤੇ ਡੀਨ ਰਿਸਰਚ ਪ੍ਰੋ. (ਡਾ.) ਨਵਦੀਪ ਕੌਰ ਨੇ ਸ਼ਿਰਕਤ ਕੀਤੀ। ਫੈਕਲਟੀ ਆਫ਼ ਅਲਾਇਡ ਐਂਡ ਹੈਲਥਕੇਅਰ ਸਾਇੰਸਜ਼ ਦੇ ਡੀਨ ਡਾ. ਪੰਕਜਪ੍ਰੀਤ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਮਹਿਮਾਨਾਂ, ਬੁਲਾਰਿਆਂ, ਭਾਗੀਦਾਰਾਂ, ਖੋਜਕਰਤਾਵਾਂ ਅਤੇ ਆਯੋਜਕ ਟੀਮ ਦੀ ਸ਼ਲਾਘਾ ਕੀਤੀ। ਇਹ ਰਾਸ਼ਟਰੀ ਸੈਮੀਨਾਰ ਫਿਜ਼ੀਓਥੈਰੇਪੀ ਸਿੱਖਿਆ ਨੂੰ ਮਜ਼ਬੂਤ ਕਰਨ, ਖੋਜ ਤੇ ਅਕਾਦਮਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ ਅਤੇ ਸਟ੍ਰੋਕ ਮੁੜ-ਵਸੇਬੇ ਤੇ ਹਿਰਦੇ ਸਿਹਤ ਸੰਭਾਲ ਵਿੱਚ ਤੱਥ-ਆਧਾਰਿਤ ਇਲਾਜ ਪ੍ਰਣਾਲੀਆਂ ਨੂੰ ਵਧਾਵਾ ਦੇਣ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।



# ਪੋਲੀਟਿਕਸ



## ਹਡਾਣਾ ਦੀ ਅਗਵਾਈ ’ਚ ਹਲਕਾ ਸਨੌਰ ਤੋਂ ਸ੍ਰੀ ਹਰਿਮੰਦਰ ਸਾਹਿਬ ਲਈ ਬੱਸਾਂ ਰਵਾਨਾ

### ਸੰਗਤਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਆਪ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ: ਰਣਜੋਧ ਹਡਾਣਾ

**ਸਨੌਰ, 24 ਅਕਤੂਬਰ, 2026 (ਗੁਰਮੀਤ ਸਿੰਘ ਤੁੰਗ) :**

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਲੋਕ-ਪੱਖੀ ‘ਪੰਜਾਬ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ’ ਤਹਿਤ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਵਿੱਚ ਹਲਕੇ ਸਨੌਰ ਦੇ ਵੱਖ ਵੱਖ ਪਿੰਡਾਂ ਅਤੇ ਵਾਰਡਾਂ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਦਰਸ਼ਨ-ਦੀਦਾਰ ਲਈ ਸ਼ਰਧਾਲੂਆਂ ਦੀਆਂ ਵਿਸ਼ੇਸ਼ ਬੱਸਾਂ ਰਵਾਨਾ ਕੀਤੀਆਂ ਗਈਆਂ। ਦੱਸਣਯੋਗ ਹੈ ਕਿ ਕਸਬਾ ਸਨੌਰ ਤੋਂ ਵਾਰਡ ਨੰਬਰ 3, ਪਿੰਡ ਉਦੈਪੁਰ ਦੀਵਾਨ ਵਾਲਾ ਅਤੇ ਪਿੰਡ ਗੰਗਰੋਲੀ ਤੋਂ ਸ਼ਰਧਾਲੂਆਂ ਨੂੰ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ-ਦੀਦਾਰ ਲਈ ਰਵਾਨਾ ਹੋਈਆ ਬੱਸਾਂ ਦੇਵ ਯਾਤਰੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਰਣਜੋਧ ਹਡਾਣਾ ਦੇ ਇਸ ਉਪਰਾਲੇ ਦੀ ਬੇਹੱਦ ਸ਼ਲਾਘਾ ਕੀਤੀ।



ਇਸ ਮੌਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਨਿਮਾਣਾ ਉਪਰਾਲਾ ਹੈ ਕਿ ਸੂਬੇ ਦੇ ਹਰ ਨਾਗਰਿਕ, ਖ਼ਾਸ ਕਰਕੇ ਬਜ਼ੁਰਗਾਂ ਨੂੰ ਪਵਿੱਤਰ ਤੀਰਥ ਅਸਥਾਨਾਂ ਦੇ ਦਰਸ਼ਨ ਮੁਫ਼ਤ ਅਤੇ ਸੁਖਾਵੇਂ ਮਾਹੌਲ ਵਿੱਚ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਇਹ ਯੋਜਨਾ ਲੋਕਾਂ ਵਿੱਚ ਆਪਸੀ ਭਾਈਚਾਰਕ ਸਾਂਝ ਅਤੇ ਅਧਿਆਤਮਿਕ ਭਾਵਨਾ ਨੂੰ ਹੋਰ ਮਜ਼ਬੂਤ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਵਿਕਾਸ ਕਾਰਜਾਂ ਦੇ ਨਾਲ-ਨਾਲ ਉਹਨਾਂ ਦੀਆਂ ਧਾਰਮਿਕ ਅਤੇ ਸਮਾਜਿਕ ਭਾਵਨਾਵਾਂ ਦਾ ਵੀ ਪੂਰਾ ਸਤਿਕਾਰ ਕਰਦੀ ਹੈ। ਹਲਕਾ ਸਨੌਰ ਦੇ ਹਰ ਪਿੰਡ ਅਤੇ ਸ਼ਹਿਰ ਵਾਸੀਆਂ ਨੂੰ ਸਰਕਾਰੀ ਸਕੀਮਾਂ ਦਾ ਬਿਨਾਂ ਕਿਸੇ ਪੱਖਪਾਤ ਦੇ ਲਾਭ ਪਹੁੰਚਾਇਆ ਜਾ ਰਿਹਾ ਹੈ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਯੁਵਰਾਜ ਸਿੰਘ, ਸ਼ਾਲੂ ਰਾਣੀ, ਦਰਸ਼ਨ ਸਿੰਘ, ਮਲਕੀਤ ਸਿੰਘ ਸਰੁਸਤੀਗੜ੍ਹ, ਕਾਲਾ ਰਾਮ, ਤੇਜਿੰਦਰ ਸਿੰਘ ਗੰਗਰੋਲੀ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂ, ਕੌਂਸਲਰ, ਪੰਚਾਇਤਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਹਾਜ਼ਰ ਸਨ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾਦੂਮਾਜਰਾ ਵਿਖੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ

**ਫ਼ਤਹਿਗੜ੍ਹ ਸਾਹਿਬ, 24 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਅਤੇ ਸਮਾਜ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਦੇ ਉਦੇਸ਼ ਨਾਲ ਅੱਜ ਹੌਟਸਪੋਟ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਦਾਦੂਮਾਜਰਾ ਵਿਖੇ ਜਾਗਰੂਕਤਾ ਗਤੀਵਿਧੀ ਕਰਵਾਈ ਗਈ। ਇਸ ਮੌਕੇ ਐਸ.ਐਮ.ਓ. ਖੇੜਾ ਸ੍ਰੀ ਰਾਕੇਸ਼ ਬਾਲੀ ਦੀ ਅਗਵਾਈ ਹੇਠ ਡਾਕਟਰਾਂ ਦੀ ਟੀਮ ਨੇ ਸਕੂਲ ਦਾ ਦੌਰਾ ਕਰਕੇ ਵਿਦਿਆਰਥੀਆਂ ਤੇ ਸਕੂਲ ਸਟਾਫ਼ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਤੌਰ ਤੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਡਾਕਟਰਾਂ ਦੀ ਟੀਮ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸਮਾਜ ਦੇ ਹਰੇਕ ਵਰਗ ਦਾ ਸਹਿਯੋਗ ਜ਼ਰੂਰੀ ਹੈ ਅਤੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ



ਜਾਗਰੂਕ ਕਰਨਾ ਇਸ ਦਿਸ਼ਾ ਵਿੱਚ ਅਹਿਮ ਕਦਮ ਹੈ। ਇਸੇ ਦੌਰਾਨ ਜ਼ਿਲ੍ਹਾ ਰੋਜ਼ਗਾਰ ਦਫ਼ਤਰ, ਫ਼ਤਹਿਗੜ੍ਹ ਸਾਹਿਬ ਤੋਂ ਸ੍ਰੀ ਜਸਵਿੰਦਰ ਸਿੰਘ ਨੇ ਆਪਣੀ ਟੀਮ ਦੇ ਮੈਂਬਰਾਂ ਸਮੇਤ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਨਸ਼ਿਆਂ ਦੀ ਸਮੱਸਿਆ ਨੂੰ ਖ਼ਤਮ ਕਰਨ ਲਈ ਜਾਗਰੂਕਤਾ ਦੇ ਨਾਲ-ਨਾਲ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕਿਆਂ ਨਾਲ ਜੋੜਨਾ ਉਨ੍ਹਾਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਵਿੱਚ ਸਹਾਈ ਹੋ ਸਕਦਾ ਹੈ। ਇਸ ਜਾਗਰੂਕਤਾ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਨਾ ਸੀ।

## ਪਟਿਆਲਾ ਦੀ ਨੌਜਵਾਨ ਕਵਿੱਤਰੀ ਨੰਦਿਕਾ ਦੀ ਪਹਿਲੀ ਕਾਵਿ-ਪੁਸਤਕ ‘Things That Make Life Worth Remembering’ ਐਮਾਜ਼ਾਨ ’ਤੇ ਰਿਲੀਜ਼

**ਪਟਿਆਲਾ, 24 ਅਕਤੂਬਰ**
**-ਛਤਰਪਾਲ ਸਿੰਘ-**

ਸ਼ਹਿਰ ਦੀ ਹੋਣਹਾਰ ਨੌਜਵਾਨ ਕਵਿੱਤਰੀ ਨੰਦਿਕਾ ਨੇ ਆਪਣੀ ਪਹਿਲੀ ਕਾਵਿ-ਪੁਸਤਕ “Things That Make Life Worth Remembering: A Book of Poetry ਰਾਹੀਂ ਸਾਹਿਤਕ ਖੇਤਰ ਵਿੱਚ ਕਦਮ ਰੱਖਿਆ ਹੈ। ਜੀਵਨ ਦੀਆਂ ਖ਼ੂਬਸੂਰਤ ਯਾਦਾਂ, ਸੁਪਨਿਆਂ, ਸੰਘਰਸ਼, ਸ਼ੁਕਰਗੁਜ਼ਾਰੀ ਅਤੇ ਰਿਸ਼ਤਿਆਂ ਦੀ ਅਹਿਮੀਅਤ ਨੂੰ ਬਿਆਨ ਕਰਦੀ ਹੈ।




ਨੰਦਿਕਾ ਇਸ ਸਮੇਂ ਦਿੱਲੀ ਪਬਲਿਕ ਸਕੂਲ (ਡੀਪੀਐਸ), ਪਟਿਆਲਾ ਵਿੱਚ ਗਿਆਰ੍ਹਵੀਂ ਜਮਾਤ ਦੀ ਨਾਨ-ਮੈਡੀਕਲ ਦੀ ਵਿਦਿਆਰਥਣ ਹੈ। ਪਰਿਵਾਰ ਵਿੱਚ ਪਹਿਲਾਂ ਕੋਈ ਸਾਹਿਤਕ ਪਿਛੋਕੜ ਨਾ ਹੋਣ ਦੇ ਬਾਵਜੂਦ, ਉਸ ਨੇ ਆਪਣੀ ਸੋਚ, ਰੋਜ਼ਾਨਾ ਜੀਵਨ ਦੀਆਂ ਘਟਨਾਵਾਂ ਨੂੰ ਬਾਰੀਕੀ ਨਾਲ ਦੇਖਣ ਦੀ ਕਲਾ ਅਤੇ ਲਿਖਣ ਦੇ ਸ਼ੌਕ ਨਾਲ ਆਪਣੀ ਵੱਖਰੀ ਪਛਾਣ ਬਣਾਈ ਹੈ।

ਇਸ ਪੁਸਤਕ ਵਿੱਚ ਕੁੱਲ 23 ਕਵਿਤਾਵਾਂ ਸ਼ਾਮਲ ਹਨ, ਜੋ ਨੰਦਿਕਾ ਨੇ ਆਪਣੇ ਪਰਿਵਾਰਕ ਮੈਂਬਰਾਂ, ਅਧਿਆਪਕਾਂ ਅਤੇ ਜੀਵਨ ਵਿੱਚ ਪ੍ਰੇਰਣਾ ਦੇਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਮਰਪਿਤ ਕੀਤੀਆਂ ਹਨ।

ਨੰਦਿਕਾ ਦੇ ਪਿਤਾ ਇੰਜੀਨੀਅਰ ਗਗਨ ਚੋਪੜਾ ਪੀਐਸਪੀਸੀਐਲ ਵਿੱਚ ਡਿਪਟੀ ਚੀਫ਼ ਇੰਜੀਨੀਅਰ/ਆਈਟੀ ਵਜੋਂ ਸੇਵਾਵਾਂ ਨਿਭਾ ਰਹੇ ਹਨ, ਜਦਕਿ ਉਨ੍ਹਾਂ ਦੀ ਮਾਤਾ ਵੰਦਨਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਭਾਦਸੋਂ ਵਿਖੇ ਕੈਮਿਸਟਰੀ ਦੀ ਲੈਕਚਰਾਰ ਹਨ।

ਇਹ ਪੁਸਤਕ ਨੈਕਸਟ ਟੌਪਰ ਦੇ ਡਿਗਰਾਜ ਸਰ ਨੂੰ ਸਮਰਪਿਤ ਕੀਤੀ ਗਈ ਹੈ, ਜੋ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹਨ। ਪੁਸਤਕ ਨੂੰ ਪ੍ਰਕਾਸ਼ਿਤ ਕਰਨ ਦੇ ਸਫ਼ਰ ਵਿੱਚ ਡਾ. ਕੁਲਦੀਪ ਸਿੰਘ ਦੇ ਮਾਰਗਦਰਸ਼ਨ ਅਤੇ ਹੌਸਲਾ-ਅਫ਼ਜ਼ਾਈ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ ਹੈ।

ਇਸ ਮੌਕੇ ਆਪਣੀ ਖ਼ੁਸ਼ੀ ਸਾਂਝੀ ਕਰਦਿਆਂ ਨੰਦਿਕਾ ਦੇ ਪਰਿਵਾਰ ਨੇ ਕਿਹਾ ਕਿ ਇਹ ਪੁਸਤਕ ਸਿਰਫ਼ ਰਚਨਾਤਮਕ ਪ੍ਰਗਟਾਵਾ ਨਹੀਂ, ਸਗੋਂ ਨੌਜਵਾਨ ਪੀੜ੍ਹੀ ਲਈ ਇੱਕ ਪ੍ਰੇਰਣਾਦਾਇਕ ਸੰਦੇਸ਼ ਵੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਨੰਦਿਕਾ ਦੀਆਂ ਕਵਿਤਾਵਾਂ ਪਾਠਕਾਂ ਨੂੰ ਨਿਡਰ ਹੋ ਕੇ ਸੁਪਨੇ ਦੇਖਣ, ਆਪਣੇ ਆਲੇ-ਦੁਆਲੇ ਦੇ ਲੋਕਾਂ ਦੀ ਕਦਰ ਕਰਨ ਅਤੇ ਚੰਗੇ ਨਤੀਜਿਆਂ ਲਈ ਸਬਰ ਰੱਖਣ ਦੀ ਪ੍ਰੇਰਣਾ ਦੇਣਗੀਆਂ।

ਨੰਦਿਕਾ ਦੀ ਇਹ ਪਹਿਲੀ ਪੁਸਤਕ ਉਸ ਦੇ ਸਾਹਿਤਕ ਸਫ਼ਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ ਅਤੇ ਪੁਸਤਕ ਐਮਾਜ਼ਾਨ ’ਤੇ ਦੁਨੀਆ ਭਰ ਵਿੱਚ ਉਪਲਬਧ ਹੈ।

## ਕਲਾਸ ਫੋਰਥ ਗੋਰਮਿੰਟ ਇਪਲਾਈਜ ਯੂਨੀਅਨ ਜੰਗਲਾਤ ਸਬ ਕਮੇਟੀ ਦੀ ਮੀਟਿੰਗ ਆਯੋਜਿਤ



**ਪਟਿਆਲਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਬਾਰਡੀਨੇਟ ਸਰਵਿਸ ਫੈਡਰੇਸ਼ਨ 1680-22ਕੀ ਦੀ ਕਲਾਸ ਫੋਰਥ ਗੋਰਮਿੰਟ ਇਪਲਾਈਜ ਯੂਨੀਅਨ ਜੰਗਲਾਤ ਸਬ ਕਮੇਟੀ ਦੀ ਮੀਟਿੰਗ ਜਲ ਸਰੋਤ ਵਿਭਾਗਾ ਬਾਹਰਾ ਖੂਹਾ ਵਿਖੇ ਕੀਤੀ ਗਈ। ਮੀਟਿੰਗ ਵਿੱਚ ਜੰਗਲਾਤ, ਜੰਗਲੀ ਜੀਵ ਨਾਲ ਸਬੰਧਤ ਮੰਗਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ,ਵਣ ਮੰਡਲ ਅਫਸਰ ਨਾਲ ਸਮਾਂ ਨਿਯਮਤ ਕਰਨ ਅਤੇ ਮੰਗਾਂ ਦੀ ਪੂਰਤੀ ਕਰਨ ਲਈ ਮੰਗ ਪੱਤਰ ਦਿੱਤਾ ਗਿਆ। ਜੰਗਲਾਤ ਵਿਭਾਗ ਵਿੱਚ ਕੰਮ ਕਰਦੇ ਕਰਮਚਾਰੀਆਂ ਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ। ਦਰਜਾ ਚਾਰ ਕਰਮਚਾਰੀ ਜਿਨ੍ਹਾਂ ਦੀ ਰਿਟਾਇਰਮੈਂਟ ਉਮਰ ਸੀਮਾਂ 60 ਸਾਲ ਤੋਂ ਘਟਾ ਕੇ 58 ਸਾਲ ਕੀਤੀ ਹੈ ਉਹਨਾਂ ਦੀ ਰਿਟਾਇਰਮੈਂਟ ਸੀਮਾਂ 60 ਸਾਲ ਕੀਤੀ ਜਾਵੇ। ਬਦਲੀਆਂ ਸਬੰਧੀ ਪ੍ਰਤੀ ਬੇਨਤੀਆਂ ਦਿੱਤੀਆਂ ਹਨ ਉਹਨਾਂ ਦੀਆਂ ਬਦਲੀਆਂ ਪ੍ਰਤੀ ਬੇਨਤੀ ਅਨੁਸਾਰ ਕੀਤੀਆਂ ਜਾਣ।ਦਰਜਾ ਚਾਰ ਕਰਮਚਾਰੀ ਡਰਾਈਵਰ,ਬੇਲਦਾਰ,ਵਰਕਮੈਨ ਆਦ ਦਰਜਾ ਚਾਰ ਕਰਮਚਾਰੀਆਂ ਨੂੰ ਵਰਦੀਆਂ ਮੌਸਮ ਅਨੁਸਾਰ ਦਿੱਤੀਆਂ ਜਾਣ। ਦਰਜਾ ਚਾਰ ਕਰਮਚਾਰੀਆਂ ਦੇ ਜੀ.ਪੀ. ਐਫ ਅਤੇ ਈ.ਪੀ.ਐਫ. ਨੰਬਰ ਅਲਾਟ ਕੀਤੇ ਜਾਣ।60 ਸਾਲਾ ਸੇਵਾ ਪੂਰੀ ਕਰ ਚੁੱਕੇ ਕਰਮਚਾਰੀਆਂ/ਵਰਕਰਾਂ ਦੀਆਂ ਤਨਖਾਹ ਦਾ ਬਕਾਈਆਂ ਜਾਰੀ ਕੀਤਾ ਜਾਵੇ। ਵਰਕਰਾ ਦੀਆਂ ਰਹਿੰਦੀਆਂ ਤਨਖਾਹਾਂ ਦੇ ਬਕਾਏ ਦਿੱਤੇ ਜਾਣ।ਬਿਡ ?ਾਂ ਵਿੱਚ ਕੰਮ ਕਰ ਰਹੇ ਕਰਮਚਾਰੀਆਂ ਨੂੰ ਸੱਟ ਲੱਗਣ, ਜਹਿਰੀਲੇ ਜਾਨਵਰਾਂ ਦੇ ਕੱਟਣ ਦਾ ਮੁਆਵਜਾ ਦਿੱਤਾ ਜਾਵੇ। ਦਸ ਸਾਲ ਦੀ ਸੇਵਾ ਪੂਰੀ ਕਰ ਚੁੱਕੇ ਵਰਕਰ 2016 ਤੋਂ 2026 ਤੱਕ ਨੂੰ ਪੱਕਾ ਕੀਤਾ ਜਾਵੇ। ਮੀਟਿੰਗ ਵਿੱਚ ਚੇਅਰਮੈਨ ਦਰਸ਼ਨ ਸਿੰਘ ਮੱਲੋਵਾਲ,ਜਰਨਲ ਸਕੱਤਰ ਬਲਵਿੰਦਰ ਨਾਂਡਾ, ਸ਼ਾਮ ਸਿੰਘ,ਤਰਲੋਚਨ ਮਡੋਲੀ, ਨਛੱਤਰ ਲਾਛੜੂ,ਜਿਨੂੰ ਖਾਂ, ਸਾਧੂ ਦੂਧੇੜਾ,ਗਗਨ,ਕੁਲਦੀਪ ਸਿੰਘ,ਸੋਨੀ ਸਿੰਘ,ਆਦ ਆਗੂ ਸ਼ਾਮਲ ਸਨ।

## ਪਰਵਿੰਦਰ ਝੋਟਾ ਕਤਲ ਮਾਮਲੇ ’ਚ ਸੀਬੀਆਈ ਵੱਲੋਂ ਮਾਨਸਾ ਦੇ ਮੈਡੀਕਲ ਸਟੋਰ ’ਤੇ ਛਾਪਾ

### ਇਸ ਤੋਂ ਪਹਿਲਾਂ ਮੁਅੱਤਲ ਡਰੱਗ ਇੰਸਪੈਕਟਰ ਨਰੇਸ਼ ਕੁਮਾਰ ਨੂੰ ਵੀ ਆਪਣੇ ਨਾਲ ਲੈ ਕੇ ਆਈ ਸੀ ਟੀਮ

**ਮਾਨਸਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਸ਼ਾ ਵਿਰੋਧੀ ਕਾਰਕੁਨ ਪਰਮਿੰਦਰ ਸਿੰਘ ਝੋਟਾ ਕਤਲ ਕੇਸ ਵਿੱਚ ਸੀਬੀਆਈ ਨੇ ਇੱਕ ਵਾਰ ਫਿਰ ਮਾਨਸਾ ਮੈਡੀਕਲ ਹਾਲ ’ਤੇ ਛਾਪਾ ਮਾਰਿਆ ਹੈ।

ਰਿਪੋਰਟਾਂ ਅਨੁਸਾਰ ਸੀ ਬੀ ਆਈ ਦੋ ਦਿਨ ਪਹਿਲਾਂ ਵੀ ਇਸੇ ਮੈਡੀਕਲ ਹਾਲ ਤੇ ਪਹੁੰਚੀ ਸੀ। ਉਸ ਸਮੇਂ, ਟੀਮ ਪੰਜਾਬ ਸਰਕਾਰ ਵੱਲੋਂ ਮੁਅੱਤਲ ਕੀਤੇ ਗਏ ਡਰੱਗ ਇੰਸਪੈਕਟਰ ਨਰੇਸ਼ ਕੁਮਾਰ ਨੂੰ ਵੀ ਆਪਣੇ ਨਾਲ ਲੈ ਕੇ ਆਈ ਸੀ ਅਤੇ ਦੁਕਾਨ ਤੋਂ ਪੁੱਛਗਿੱਛ ਕੀਤੀ ਸੀ।



ਅੱਜ ਸਵੇਰ ਸੀਬੀਆਈ ਟੀਮ ਇੱਕ ਵਾਰ ਫਿਰ ਮੈਡੀਕਲ ਹਾਲ ਪੁੱਜੀ ਹੈ ਅਤੇ ਦੁਕਾਨ ਦੇ ਮਾਲਕ ਤੋਂ ਪੁੱਛਗਿੱਛ ਕਰ ਰਹੀ ਹੈ। ਅਧਿਕਾਰੀਆਂ ਵੱਲੋਂ ਮੁੜ ਇਸੇ ਮੈਡੀਕਲ ਸਟੋਰ ਪਹੁੰਚਣ ਤੋਂ ਬਾਅਦ ਵੱਡਾ ਸਵਾਲ ਨਿਕਲਕੇ ਸਾਹਮਣੇ ਆ ਰਿਹਾ ਹੈ ਕਿ ਸੀਬੀਆਈ ਵਾਰ-ਵਾਰ ਉਸੇ ਮੈਡੀਕਲ ਹਾਲ ਦੀ ਜਾਂਚ ਕਿਉਂ ਕਰ ਰਹੀ ਹੈ?

ਹਾਲਾਂਕਿ ਹੁਣ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਕੀ ਜਾਂਚ ਦੌਰਾਨ ਕੋਈ ਨਵੀਂ ਜਾਣਕਾਰੀ ਸਾਹਮਣੇ ਆਈ ਹੈ, ਜਾਂ ਕੀ ਜਾਂਚ ਟੀਮ ਕਿਸੇ ਮਹੱਤਵਪੂਰਨ ਕੜੀ ਨੂੰ ਜੋੜਨ ਦੀ ਕੋਸ਼ਿਸ਼ ਕਰ ਰਹੀ ਹੈ? ਇਸ ਛਾਪੇਮਾਰੀ ਦੌਰਾਨ ਮਹੱਤਵਪੂਰਨ ਸਬੂਤ ਮਿਲਣ ਦੀ ਸੰਭਾਵਨਾ ਹੈ, ਪਰ ਇਸ ਸਮੇਂ ਸੀਬੀਆਈ ਨੇ ਅਧਿਕਾਰਤ ਤੌਰ ’ਤੇ ਕਿਸੇ ਵੀ ਮਹੱਤਵਪੂਰਨ ਸਬੂਤ ਦੀ ਖੋਜ ਦੀ ਪੁਸ਼ਟੀ ਨਹੀਂ ਕੀਤੀ ਹੈ।

## ਭਾਰਤੀ ਏਅਰਟੈੱਲ ਫਾਉਂਡੇਸ਼ਨ ਵੱਲੋਂ ਵਿਦਿਆਰਥੀਆਂ ਨੂੰ ਦਿੱਤੀ ਗਈ ਸਕਾਲਰਸ਼ਿਪ



**ਮਾਛੀਵਾੜਾ ਸਾਹਿਬ, 24 ਅਕਤੂਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਏਅਰ ਫਾਊਂਡੇਸ਼ਨ ਵੱਲੋਂ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਸਕਾਲਰਸ਼ਿਪ ਜਾਰੀ ਕੀਤੀ ਗਈ। ਸੱਤਿਆ ਐਲੀਮੈਂਟਰੀ ਸਕੂਲ ਬਲੀਏਵਾਲ ਸਕੂਲ ਮੁੱਖੀ ਸੁਨੀਤਾ ਭੱਟੀ ਨੇ ਦੱਸਿਆ ਕਿ ਭਾਰਤੀ ਏਅਰਟੈੱਲ ਫਾਊਂਡੇਸ਼ਨ ਵੱਲੋਂ ਸੱਤਿਆ ਐਲੀਮੈਂਟਰੀ ਸਕੂਲ ਬਲੀਏਵਾਲ ਅਤੇ ਸੱਤਿਆ ਐਲੀਮੈਂਟਰੀ ਸਕੂਲ ਖਾਨਪੁਰ ਦੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਜਾਰੀ ਕੀਤੀ ਗਈ। ਉਹਨਾਂ ਦੱਸਿਆ ਕਿ ਸੱਤਿਆ ਐਲੀਮੈਂਟਰੀ ਸਕੂਲ ਬਲੀਏਵਾਲ ਦੇ ਸੱਤ ਵਿਦਿਆਰਥੀ ਅਤੇ ਸੱਤਿਆ ਐਲੀਮੈਂਟਰੀ ਸਕੂਲ ਖਾਨਪੁਰ ਦੇ ਦੋ ਵਿਦਿਆਰਥੀਆਂ ਨੂੰ ਇਹ ਸਕਾਲਰਸ਼ਿਪ ਜਾਰੀ ਕੀਤੀ ਗਈ ਤਾਂ ਜੋ ਉਹ ਆਪਣੀ ਅਗਲੇਰੀ ਪੜ੍ਹਾਈ ਨਿਰੰਤਰ ਜਾਰੀ ਰੱਖ ਸਕਣ। ਇਸ ਮੌਕੇ ਸਕਾਲਰਸ਼ਿਪ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਨਗਰ ਪੰਚਾਇਤ ਬਲੀਏਵਾਲ, ਸਮੂਹ ਸਟਾਫ ਸੱਤਿਆ ਐਲੀਮੈਂਟਰੀ ਸਕੂਲ ਬਲੀਏਵਾਲ ,ਕਲਸਟਰ ਕੋਆਰਡੀਨੇਟਰ ਸਾਧੂ ਰਾਮ ਅਤੇ ਸਕੂਲ ਮੁੱਖੀ ਸੁਨੀਤਾ ਭੱਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸਕਾਲਰਸ਼ਿਪ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਮਾਪਿਆਂ ਨੇ ਭਾਰਤੀ ਏਅਰਟੈੱਲ ਫਾਊਂਡੇਸ਼ਨ ਦਾ ਧੰਨਵਾਦ ਪ੍ਰਗਟ ਕਰਦਿਆਂ , ਵਿਦਿਆਰਥੀਆਂ ਦੀ ਅਗਲੇਰੀ ਪੜ੍ਹਾਈ ਲਈ ਮੱਦਦ ਕਰਨ ਤੇ ਭਾਰਤੀ ਏਅਰ ਫਾਊਂਡੇਸ਼ਨ ਦੀ ਪ੍ਰਸ਼ੰਸ਼ਾ ਕੀਤੀ।

ਇਸ ਮੌਕੇ ਸੱਤਿਆ ਐਲੀਮੈਂਟਰੀ ਸਕੂਲ ਬਲੀਏਵਾਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਹਾਜ਼ਰ ਸਨ।

## ਪਰਮਿੰਦਰ ਭਲਵਾਨ ਵੱਲੋਂ 97ਵੀਂ ਵਾਰ ਖ਼ੂਨਦਾਨ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਚੱਲਣ ਲਈ ਪ੍ਰੇਰਿਤ ਕਰਨਾ ਸ਼ਲਾਘਾਯੋਗ ਕਦਮ: ਐਸ ਪੀ

**ਪਟਿਆਲਾ, 24 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਅਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਬਲੱਡ ਬੈਂਕਾਂ ਵਿੱਚ ਖ਼ੂਨ ਦੀ ਕਮੀ ਨੂੰ ਵੇਖਦਿਆਂ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਐਸ ਪੀ ਸਿਟੀ ਮੋਹਿਤ ਅਗਰਵਾਲ ਅਤੇ ਐਸ ਪੀ ਇੰਨਵੈਸਟੀਗੇਸਨ ਰਾਜੇਸ਼ ਛਿੱਬਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਯੁਵਾ ਪੁਲਿਸ ਸਾਂਝ ਕਮੇਟੀ, ਮੈਂਬਰ ਜ਼ਿਲ੍ਹਾ ਪੁਲਿਸ ਸਾਂਝ ਕੇਂਦਰ, ਮੈਂਬਰ ਵੂਮੈਨ ਕੋਸਲਿੰਗ ਸੈੱਲ ਪਟਿਆਲਾ ਪੁਲਿਸ ਨੇ ਖ਼ੁਦ 97ਵੀਂ ਵਾਰ ਖ਼ੂਨਦਾਨ ਕਰਕੇ ਕੀਤੀ।



ਸਟੇਟ ਐਵਾਰਡੀ ਪਰਮਿੰਦਰ ਭਲਵਾਨ ਵੱਲੋਂ 97ਵੀਂ ਵਾਰ ਖ਼ੂਨਦਾਨ ਕਰਨ ਤੇ ਐਸ ਪੀ ਸਿਟੀ ਮੋਹਿਤ ਅਗਰਵਾਲ, ਐਸ ਪੀ ਇੰਨਵੈਸਟੀਗੇਸਨ ਰਾਜੇਸ਼ ਛਿੱਬਰ, ਸੁਖਜਿੰਦਰ ਬਾਜਵਾ ਹੌਸਲਾ ਅਫਜ਼ਾਈ ਕਰਦੇ ਹੋਏ।

ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਰਿਟਾਇਰ ਐਸ ਪੀ ਮਨਜੀਤ ਸਿੰਘ ਬਰਾੜ, ਵਰਿੰਦਰ ਸਿੰਘ ਖਰੋੜ, ਰੁਦਰਪ੍ਰਤਾਪ ਸਿੰਘ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਮੁਕੇਸ਼ ਸਿੰਗਲਾ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ, ਗੁਰਮਨਜੋਤ ਕੌਰ, ਗਗਨਪ੍ਰੀਤ ਕੌਰ, ਖ਼ੁਸ਼ਪ੍ਰੀਤ ਕੌਰ, ਭਿੰਦਰ ਜਲਵੇੜਾ ਤੋਂ ਇਲਾਵਾ ਮੇਹਰ ਦੀਨ ਖ਼ਾਨ ਲੰਗ ਦੀ ਅਗਵਾਈ ਹੇਠ ਮੁਹੰਮਦ ਅਨਹਸ, ਅਜਗਰ ਹੁਸੇਨ, ਮੁਹੰਮਦ ਦਾਨਿਸ਼, ਮੁਜ਼ਫਰ ਅਲੀ ਖਾਨ, ਮਨਪ੍ਰੀਤ ਸਿੰਘ ਗਰੇਵਾਲ, ਜੋਤ ਸਿੰਘ ਲਚਕਾਣੀ, ਵਿੱਕੀ ਰੋਗਲਾ, ਸਰਬਜੀਤ ਸਿੰਘ ਮਿੱਠਾ ਇੰਦਰਪੁਰਾ ਨੇ ਖ਼ੂਨਦਾਨ ਕੀਤਾ।

ਸੰਬੋਧਨ ਕਰਦਿਆਂ ਐਸ ਪੀ ਮੋਹਿਤ ਅਗਰਵਾਲ ਅਤੇ ਐਸ ਪੀ ਰਾਜੇਸ਼ ਛਿੱਬਰ ਨੇ ਕਿਹਾ ਕਿ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਵੱਲੋਂ 97ਵੀਂ ਵਾਰ ਖ਼ੂਨਦਾਨ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਚੱਲਣ ਅਤੇ ਜਾਗਰੂਕ ਕਰਨ ਲਈ ਪ੍ਰੇਰਿਤ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਤੁਹਾਡੇ ਦਿੱਤੇ ਖ਼ੂਨਦਾਨ ਨਾਲ 4 ਜ਼ਿੰਦਗੀਆਂ ਬਚ ਸਕਦੀਆਂ ਹਨ। ਹਰ ਤੰਦਰੁਸਤ ਇਨਸਾਨ ਜਿਸ ਦੀ ਉਮਰ 18 ਤੋਂ 65 ਸਾਲ ਹੈ, ਸਰੀਰਕ ਭਾਰ 45 ਕਿਲੋ ਤੋਂ ਉੱਪਰ ਹੈ ਅਤੇ ਖ਼ੂਨ ਦੀ ਮਾਤਰਾ 12.5 ਗ੍ਰਾਮ ਤੋਂ ਉੱਪਰ ਹੈ ਉਹ ਸਾਲ ਵਿੱਚ 4 ਵਾਰ ਖ਼ੂਨਦਾਨ ਕਰ ਸਕਦਾ ਹੈ। ਖ਼ੂਨਦਾਨ ਕਰਨ ਨਾਲ ਕੋਈ ਸਰੀਰਕ ਕਮਜ਼ੋਰੀ ਨਹੀਂ ਆਉਂਦੀ ਸਗੋਂ ਸਰੀਰ ਤੰਦਰੁਸਤ ਰਹਿੰਦਾ ਹੈ। ਇਸ ਮੌਕੇ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਦੱਸਿਆ ਕਿ ਉਨ੍ਹਾਂ ਦੀਆਂ ਸੰਸਥਾਵਾਂ ਵੱਲੋਂ ਪਿਛਲੇ 15 ਸਾਲਾਂ ਵਿੱਚ ਵੱਖ-ਵੱਖ ਧਾਰਮਿਕ ਸੰਸਥਾਵਾਂ, ਯੂਥ ਕਲੱਬਾਂ ਦੇ ਸਹਿਯੋਗ ਨਾਲ ਭਾਰਤ ਦੇ 18 ਰਾਜਾਂ ਅਤੇ ਅੰਤਰਰਾਸ਼ਟਰੀ ਪੱਧਰ ਤੇ 6 ਦੇਸ਼ਾਂ ਅਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤਕਰੀਬਨ 800 ਤੋਂ ਉੱਪਰ ਖ਼ੂਨਦਾਨ ਕੈਂਪ ਆਯੋਜਿਤ ਕਰਕੇ ਹੁਣ ਤੱਕ 45000 ਤੋਂ ਉੱਪਰ ਬਲੱਡ ਯੂਨਿਟ ਇਕੱਤਰ ਕਰਕੇ ਦਿੱਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਉਹਨਾਂ ਦੀਆਂ ਸੰਸਥਾਵਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਕੰਮ ਕਰ ਰਹੀਆਂ ਹਨ।

## ਆਉਣ ਵਾਲੀਆਂ ਪੀੜ੍ਹੀਆਂ ਨੂੰ ਵਿਰਾਸਤ ਸੰਭਾਲਣ ਦੀ ਲੋੜ

**ਪਟਿਆਲਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਹਾਵਲਪੁਰ ਸਮਾਜ ਦੇ ਸ਼੍ਰੇਸ਼ਠ ਸਮਾਜ ਸੇਵਕ ਅਤੇ ਬਹਾਵਲਪੁਰ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਸਤਨਾਮ ਹਸੀਜਾ ਨੇ ਕਿਹਾ ਕਿ ਕਿਸੇ ਕੌਮ ਦੀ ਵਿਰਾਸਤ ਉਦੋਂ ਤੱਕ ਸਾਂਭੀ ਰਹਿੰਦੀ ਹੈ ਜਦੋਂ ਤੱਕ ਉਸ ਸਮਾਜ ਦਾ ਹਰ ਵਿਅਕਤੀ ਅਤੇ ਬੱਚਾ—ਬੱਚਾ ਆਪਣੀ ਮਾਂ—ਬੋਲੀ ਵਿੱਚ ਗੱਲਾਂ ਕਰਦਾ ਹੈ ਅਤੇ ਉਸ ਨੂੰ ਬੋਲਣ ਵਿੱਚ ਆਪਣਾ ਫ਼ਖ਼ਰ ਮਹਿਸੂਸ ਕਰਦਾ ਹੈ।

ਸਾਡੇ ਬਜੁਰਗਾਂ ਦਾ ਇਹ ਫਰਜ਼ ਬਣਦਾ ਹੈ ਕਿ ਘੱਟੋ—ਘੱਟ ਉਹ ਆਪਣੇ ਘਰ—ਪਰਿਵਾਰ ਵਿੱਚ ਬਹਾਵਲਪੁਰੀ ਬੋਲੀ ਵਿੱਚ ਗੱਲਾਂ ਕਰਨਾ। ਸਿਰਫ ਜੈ ਬਹਾਵਲਪੁਰੀ, ਜੀਵੇਂ ਬਹਾਵਲਪੁਰੀ ਦੇ ਫੋਕੇ ਨਾਅਰਿਆਂ ਨਾਲ ਸਮਾਜ ਦੀ ਤਰੱਕੀ ਸੰਭਵ ਨਹੀਂ। ਜਦੋਂ ਆਪਸ ਵਿੱਚ ਬਹਾਵਲਪੁਰੀ ਭਾਈ ਮਿਲਦੇ ਹਨ ਤਾਂ ਉਹ ਵੀ ਆਪਸ ਵਿੱਚ ਬਹਾਵਲਪੁਰੀ ਬੋਲੀ ਬੋਲਣ ਅਤੇ ਜਦੋਂ ਮੀਟਿੰਗ ਵਿੱਚ ਵੀ ਕੋਈ ਗੱਲਬਾਤ ਹੁੰਦੀ ਹੈ ਉਹ ਵੀ ਬਹਾਵਲਪੁਰੀ ਬੋਲੀ ਵਿੱਚ ਹੋਣੀ ਚਾਹੀਦੀ ਹੈ।



ਜਦੋਂ ਇਸ ਸੰਦਰਭ ਵਿੱਚ ਭਾਸ਼ਾ ਵਿਭਾਗ ਦੇ ਰਿਟਾਇਰਡ ਡਾਇਰੈਕਟਰ ਡਾ. ਮਦਨ ਲਾਲ ਹਸੀਜਾ ਨਾਲ ਸੰਪਰਕ ਕੀਤਾ ਗਿਆ, ਜਿਨ੍ਹਾਂ ਨੇ ਬਹਾਵਲਪੁਰ ਸਮਾਜ ਦੇ ਰੀਤੀ—ਰਿਵਾਜਾਂ, ਤੀਜ ਤਿਉਹਾਰਾਂ, ਉਹਨਾ ਦੇ ਰਹਿਣ ਸਹਿਣ ਅਤੇ ਹੋਰ ਸਭਿਆਚਾਰਕ ਜਾਣਕਾਰੀਆਂ ਬਾਰੇ ਖੋਜ ਭਰਪੂਰ ਲੇਖਾਂ ਨੂੰ ਆਪਣੀਆਂ ਪੁਸਤਕਾਂ ਵਿੱਚ ਸੰਕਲਿਤ ਕੀਤਾ ਹੈ ਤਾਂ ਉਨ੍ਹਾਂ ਦੱਸਿਆ ਕਿ ਜੇਕਰ ਸਾਨੂੰ ਬੋਲੀ ਭੁੱਲ ਗਈ, ਅਤੇ ਆਪਣੇ ਸਭਿਆਚਾਰ ਨੂੰ ਸੰਭਾਲਿਆ ਨਾ ਗਿਆ ਤਾਂ ਸਮਾਜ ਦਾ ਨਾਂ ਵਿਸ਼ਵ ਦੀਆਂ ਇਮਾਨਦਾਰ, ਮਿਹਨਤੀ ਅਤੇ ਗੈਰਤਮੰਦ ਕੌਮਾਂ ਦੇ ਨਕਸ਼ੇ ਤੋਂ ਮਿੱਟ ਜਾਵੇਗਾ।

ਇਸੇ ਲਈ ਸ੍ਰੀ ਸਤਨਾਮ ਹਸੀਜਾ ਨੇ ਸਮਾਜ ਦੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸਾਨੂੰ ਆਪਸੀ ਮਨ—ਮਟਾਉ ਨੂੰ ਮਿਟਾ ਕੇ ਇੱਕ ਮੁੱਠ ਹੋ ਕੇ ਏਕਤਾ ਦਾ ਸਬੂਤ ਦਿਓ ਅਤੇ ਆਪਣੀ ਬੋਲੀ ਅਤੇ ਸਭਿਆਚਾਰਕ ਨੂੰ ਬਚਾਉਣ ਵਿੱਚ ਡੱਟ ਜਾਉ ਅਤੇ ਆਪਣੇ ਬੱਚਿਆਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਾਉ।


SEA DESIGN COMPANY
Customized and Designer
- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਖੇਡਾਂ ਵਤਨ ਪੰਜਾਬ ਦੀਆਂ-2026: ਪਟਿਆਲਾ ਵਿਖੇ ਰਾਜ ਪੱਧਰੀ ਖੇਡਾਂ (ਸਲਾਟ-2) ਸਮਾਪਤ, ਖੋ-ਖੋ ਤੇ ਕਬੱਡੀ ਵਿੱਚ ਖਿਡਾਰੀਆਂ ਨੇ ਦਿਖਾਏ ਸ਼ਾਨਦਾਰ ਜੌਹਰ

**ਪਟਿਆਲਾ, 24 ਅਕਤੂਬਰ**
**-ਜੀ. ਐਸ. ਤੁੰਗ-**




ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜਿਲ੍ਹਾ ਪਟਿਆਲਾ ਵਿਖੇ ਮਿਤੀ 17-10-26 ਤੋਂ ਚੱਲ ਰਹੀਆਂ ਰਾਜ ਪੱਧਰੀ ਖੇਡਾਂ (ਸਲੌਟ-2) ਸਮਾਪਤ ਹੋ ਗਈਆ ਹਨ। ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਨਵਜੋਤ ਸਿੰਘ ਧਾਲੀਵਾਲ ਜਿਲ੍ਹਾ ਖੇਡ ਅਫਸਰ ਪਟਿਆਲਾ ਨੇ ਦੱਸਿਆ ਕਿ ਗੇਮ ਕਬੱਡੀ ਸਰਕਲ ਸਟਾਇਲ ਜੋ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਰਵਾਈ ਜਾ ਰਹੀ ਸੀ, ਵਿੱਚ ਸ੍ਰ. ਗੁਰਲਾਲ ਸਿੰਘ ਐਮ.ਐਲ.ਏ. ਘਨੌਰ ਵੱਲੋਂ ਖਿਡਾਰੀਆਂ ਦੀ ਮੈਡਲ ਸੈਰਮਨੀ ਕੀਤੀ ਗਈ।

ਇਸ ਸਮੇਂ ਪੋਲੋ ਗਰਾਊਂਡ ਪਟਿਆਲਾ ਵਿਖੇ ਖੋ-ਖੋ ਗੇਮ ਦੇ ਖਿਡਾਰੀਆਂ ਦੀ ਮੈਡਲ ਸੈਰਮਨੀ ਸ੍ਰ. ਉਪਕਾਰ ਸਿੰਘ ਵਿਰਕ ਜਨਰਲ ਸੈਕਟਰੀ ਖੋ-ਖੋ ਫੈਡਰੇਸ਼ਨ ਆਫ ਇੰਡੀਆ ਵੱਲੋਂ ਕੀਤੀ ਗਈ।

ਖੋ-ਖੋ ਅੰਡਰ-21 ਲੜਕਿਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਜਲੰਧਰ ਅਤੇ ਕਪੂਰਥਲਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-21 ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਸ੍ਰੀ ਮੁਕਤਸਰ ਸਾਹਿਬ ਅਤੇ ਲੁਧਿਆਣਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਉਮਰ ਵਰਗ 21-30 ਲੜਕਿਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਫਰੀਦਕੋਟ ਅਤੇ ਜਲੰਧਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਮਾਨਸਾ ਅਤੇ ਫਾਜਿਲਕਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।

ਕਬੱਡੀ ਸਰਕਲ ਸਟਾਇਲ ਉਮਰ ਵਰਗ 21-30 ਲੜਕਿਆਂ ਵਿੱਚ ਮਾਨਸਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ ਅਤੇ ਸ੍ਰੀ ਮੁਕਤਸਰ ਸਾਹਿਬ ਅਤੇ ਫਿਰੋਜਪੁਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੜਕੀਆਂ ਵਿੱਚ ਮੋਗਾ ਦੀ ਟੀਮ ਨੇ ਪਹਿਲਾ ਸਥਾਨ, ਫਾਜਿਲਕਾ ਦੀ ਟੀਮ ਨੇ ਦੂਸਰਾ ਸਥਾਨ, ਤਰਨਤਾਰਨ ਅਤੇ ਪਟਿਆਲਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-21 ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਮੋਗਾ ਦੀ ਟੀਮ ਨੇ ਦੂਸਰਾ ਸਥਾਨ, ਫਰੀਦਕੋਟ ਅਤੇ ਫਾਜਿਲਕਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।

# ਪਿੰਡ ਕਸਬਾ ਭਰਾਲ ਵਿਖੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਅਤੇ ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਲਈ ਜਾਗਰੂਕਤਾ ਸੈਮੀਨਾਰ ਆਯੋਜਿਤ



**ਮਲੇਰਕੋਟਲਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਅਤੇ ਪੰਜਾਬ ਪੁਲਿਸ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਤਹਿਤ ਪਿੰਡ ਕਸਬਾ ਭਰਾਲ ਵਿਖੇ ਬੱਚਿਆਂ ਦੇ ਅਧਿਕਾਰਾਂ, ਪੋਕਸੋ ਐਕਟ, ਬਾਲ ਵਿਆਹ ਦੀ ਰੋਕਥਾਮ ਅਤੇ ਸਵੈ-ਰੱਖਿਆ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਬਾਰੇ ਜਾਗਰੂਕ ਕਰਨਾ ਸੀ।

ਸੈਮੀਨਾਰ ਦੌਰਾਨ ਬਾਲ ਸੁਰੱਖਿਆ ਅਫ਼ਸਰ ਮੁਬੀਨ ਕੁਰੈਸ਼ੀ ਨੇ ਬੱਚਿਆਂ ਨੂੰ ਪੋਕਸੋ ਐਕਟ (POCSO Act) ਤਹਿਤ ਜਿਨਸੀ ਸ਼ੋਸ਼ਣ ਤੋਂ ਮਿਲਣ ਵਾਲੀ ਕਾਨੂੰਨੀ ਸੁਰੱਖਿਆ, ਬਾਲ ਵਿਆਹ ਦੀ ਰੋਕਥਾਮ ਅਤੇ ਸਵੈ-ਰੱਖਿਆ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਬੱਚਿਆਂ ਨੂੰ ਸਮਝਾਇਆ ਗਿਆ ਕਿ ਕਿਸੇ ਵੀ ਅਣਸੁਖਾਵੀਂ ਸਥਿਤੀ ਜਾਂ ਸ਼ੋਸ਼ਣ ਦਾ ਸਾਹਮਣਾ ਕਰਨ ਸਮੇਂ ਘਬਰਾਉਣ ਦੀ ਬਜਾਏ ਤੁਰੰਤ ਆਪਣੇ ਮਾਪਿਆਂ, ਅਧਿਆਪਕਾਂ ਜਾਂ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕਰਨਾ ਚਾਹੀਦਾ ਹੈ।

ਇਸ ਮੌਕੇ ਬੱਚਿਆਂ ਅਤੇ ਮਾਪਿਆਂ ਨੂੰ ਚਾਈਲਡ ਹੈਲਪਲਾਈਨ ਨੰਬਰ 1098 ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਕਿਸੇ ਵੀ ਸੰਕਟ ਦੀ ਸਥਿਤੀ ਵਿੱਚ ਬੱਚਿਆਂ ਦੀ ਸੁਰੱਖਿਆ ਅਤੇ ਸਹਾਇਤਾ ਲਈ ਇਸ ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਡੀ.ਐੱਸ.ਪੀ. ਯਾਦਵਿੰਦਰ ਸਿੰਘ ਨੇ ਨਸ਼ਾ ਵਿਰੋਧੀ ਜਾਗਰੂਕਤਾ ਤਹਿਤ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਪੜ੍ਹਾਈ, ਖੇਡਾਂ ਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਮਾਪਿਆਂ ਨੂੰ ਬੱਚਿਆਂ ਦੀ ਸੰਗਤ, ਪੜ੍ਹਾਈ ਅਤੇ ਮਾਨਸਿਕ ਸਿਹਤ ਵੱਲ ਵਿਸ਼ੇਸ਼ ਧਿਆਨ ਦੇਣ ਦੀ ਅਪੀਲ ਕੀਤੀ ਗਈ। ਇਸ ਮੌਕੇ ਮਹਿਲਾ ਸੈੱਲ ਇੰਚਾਰਜ ਮਨਪ੍ਰੀਤ ਕੌਰ ਗਿੱਲ, ਆਊਟਰੀਚ ਵਰਕਰ ਸਰਬਜੀਤ ਕੌਰ, ਸਕੂਲ ਦੇ ਪ੍ਰਿੰਸੀਪਲ, ਸਮੂਹ ਸਟਾਫ਼, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਹਾਜ਼ਰ ਸਨ।

# 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਬ੍ਰਹਮਪੁਰਾ ਦੀ ਮੁਲਾਕਾਤ

**ਤਰਨ ਤਾਰਨ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਨਵੀਂ ਦਿੱਲੀ ਵਿਖੇ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਨਾਲ ਉਨ੍ਹਾਂ ਦੇ ਨਿਵਾਸ ਅਸਥਾਨ 'ਤੇ ਵਿਸ਼ੇਸ਼ ਮੁਲਾਕਾਤ ਕੀਤੀ। 'ਆਪ' ਵਿੱਚ ਸ਼ਾਮਲ ਹੋਣ ਤੋਂ ਬਾਅਦ ਪਾਰਟੀ ਸੁਪਰੀਮੋ ਨਾਲ ਉਨ੍ਹਾਂ ਦੀ ਇਹ ਪਹਿਲੀ ਅਤੇ ਰਸਮੀ ਮੁਲਾਕਾਤ ਸੀ, ਜਿਸ ਦੌਰਾਨ ਪੰਜਾਬ ਨਾਲ ਜੁੜੇ ਅਹਿਮ ਰਾਜਨੀਤਕ ਵਿਸ਼ਿਆਂ 'ਤੇ ਡੂੰਘੀਆਂ ਚਰਚਾਵਾਂ ਹੋਈਆਂ। ਇਸ ਮੌਕੇ ਉਨ੍ਹਾਂ ਦੇ ਨਾਲ ਚਾਂਦਨੀ ਚੌਂਕ ਤੋਂ 'ਆਪ' ਵਿਧਾਇਕ ਪੁਨਰਦੀਪ ਸਾਹਨੀ ਅਤੇ ਸ. ਬ੍ਰਹਮਪੁਰਾ ਦੇ ਸਪੁੱਤਰ ਕੰਵਰਦੀਪ ਸਿੰਘ ਬ੍ਰਹਮਪੁਰਾ ਵੀ ਹਾਜ਼ਰ ਸਨ।

ਮੁਲਾਕਾਤ ਦੌਰਾਨ ਸ੍ਰੀ ਅਰਵਿੰਦ ਕੇਜਰੀਵਾਲ ਨੇ 'ਮਾਝੇ ਦੇ ਜਰਨੈਲ' ਵਜੋਂ ਜਾਣੇ ਜਾਂਦੇ ਮਰਹੂਮ ਟਕਸਾਲੀ ਆਗੂ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਦੀਆਂ ਪੰਜਾਬ ਪ੍ਰਤੀ ਕੁਰਬਾਨੀਆਂ ਨੂੰ ਯਾਦ ਕਰਦਿਆਂ ਕਿਹਾ ਕਿ ਜਥੇਦਾਰ ਬ੍ਰਹਮਪੁਰਾ ਹੀ ਅਸਲੀ ਟਕਸਾਲੀ ਅਕਾਲੀ ਲੀਡਰ ਸਨ, ਜਿਨ੍ਹਾਂ ਨੂੰ ਹਮੇਸ਼ਾ ਪੰਥ, ਪੰਜਾਬ ਅਤੇ ਪੰਜਾਬੀਅਤ ਦੀ ਸੱਚੀ ਫ਼ਿਕਰ ਸੀ। ਜ਼ਿਕਰਯੋਗ ਹੈ ਕਿ ਜਥੇਦਾਰ ਬ੍ਰਹਮਪੁਰਾ ਨੇ ਪੰਜਾਬ ਦੇ ਹੱਕਾਂ ਲਈ ਐਨ.ਐਸ.ਏ., ਟਾਡਾ ਅਤੇ ਐਸਮਾ ਵਰਗੇ ਸਖ਼ਤ ਕਾਨੂੰਨਾਂ ਤਹਿਤ 12 ਸਾਲ ਤੋਂ ਵੱਧ ਸਮਾਂ ਜੇਲ੍ਹਾਂ ਵਿੱਚ ਕੱਟਿਆ।

ਉਨ੍ਹਾਂ ਦੇ ਸਿਆਸੀ ਸੰਘਰਸ਼ ਦੀਆਂ ਜੜ੍ਹਾਂ ਇਸ ਖਿੱਤੇ ਵਿੱਚ ਬੇਹੱਦ ਡੂੰਘੀਆਂ ਰਹੀਆਂ ਹਨ; ਸੰਨ 1961-62 ਵਿੱਚ ਜਦੋਂ ਅਕਾਲੀ ਆਗੂ ਜਥੇਦਾਰ ਮੋਹਨ ਸਿੰਘ ਤੁੜ ਨੂੰ ਤਤਕਾਲੀ ਮੁੱਖ ਮੰਤਰੀ ਪ੍ਰਤਾਪ ਸਿੰਘ ਕੈਰੋਂ ਦੀ ਆਲੋਚਨਾ ਕਰਨ 'ਤੇ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਤੁੜ ਸਾਹਿਬ ਨੇ ਜੇਲ੍ਹ ਵਿੱਚ ਰਹਿੰਦਿਆਂ ਕੈਰੋਂ ਵਿਰੁੱਧ ਚੋਣ ਲੜੀ ਸੀ, ਤਾਂ ਜਥੇਦਾਰ ਬ੍ਰਹਮਪੁਰਾ ਨੇ ਖੁੱਲ੍ਹ ਕੇ ਉਨ੍ਹਾਂ ਦਾ ਸਾਥ ਦਿੱਤਾ ਸੀ। ਉਸ ਦੌਰ ਵਿੱਚ ਜਦੋਂ ਪੱਟੀ ਵੱਖਰਾ ਹਲਕਾ ਨਹੀਂ ਸੀ ਅਤੇ ਨੌਸ਼ਹਿਰਾ ਪੰਨੂੰਆਂ ਹਲਕਾ ਹੁੰਦਾ ਸੀ, ਤਾਂ ਜਥੇ: ਬ੍ਰਹਮਪੁਰਾ ਨੇ ਉੱਥੋਂ ਕਈ ਵਾਰ ਚੋਣ ਲੜੀ ਅਤੇ 1977 ਵਿੱਚ ਪਹਿਲੀ ਵਾਰ ਵਿਧਾਇਕ ਬਣ ਕੇ ਤਤਕਾਲੀ ਮੁੱਖ ਮੰਤਰੀ ਕੈਰੋਂ ਪਰਿਵਾਰ ਨੂੰ ਸਿਆਸੀ ਮਾਤ ਦਿੱਤੀ ਸੀ। ਉਹ ਚਾਰ ਵਾਰ ਵਿਧਾਇਕ ਅਤੇ 2014 ਤੋਂ 2019 ਤੱਕ ਲੋਕ ਸਭਾ ਮੈਂਬਰ ਵੀ ਰਹੇ।

ਸਿਆਸੀ ਗਲਿਆਰਿਆਂ ਵਿੱਚ ਇਸ ਅਹਿਮ ਮੁਲਾਕਾਤ ਦੇ ਬਹੁਤ ਡੂੰਘੇ ਰਾਜਨੀਤਕ ਅਰਥ ਕੱਢੇ ਜਾ ਰਹੇ ਹਨ। ਸਿਆਸੀ ਗਲਿਆਰਿਆਂ ਵਿੱਚ ਇਸ ਮੀਟਿੰਗ ਤੋਂ ਬਾਅਦ ਉੱਭਰੇ ਸੰਕੇਤ ਸਾਫ਼ ਇਸ਼ਾਰਾ ਕਰ ਰਹੇ ਹਨ ਕਿ ਆਉਣ ਵਾਲੇ ਦਿਨਾਂ ਵਿੱਚ ਮਾਝੇ ਦੀ ਸਿਆਸੀ ਪਿੱਚ 'ਤੇ ਰਵਿੰਦਰ ਸਿੰਘ ਬ੍ਰਹਮਪੁਰਾ ਦੀ ਭੂਮਿਕਾ ਬੇਹੱਦ ਕੇਂਦਰੀ ਅਤੇ ਫ਼ੈਸਲਾਕੁਨ ਹੋਣ ਜਾ ਰਹੀ ਹੈ। ਭਾਵੇਂ ਬ੍ਰਹਮਪੁਰਾ ਪਰਿਵਾਰ ਪਿਛਲੇ ਸਮੇਂ ਤੋਂ ਖਡੂਰ ਸਾਹਿਬ ਹਲਕੇ ਤੋਂ ਵਿਚਰਦਾ ਆ ਰਿਹਾ ਹੈ, ਦਿੱਲੀ ਵਿਖੇ ਇਸ ਬੈਠਕ ਤੋਂ ਬਾਅਦ ਇਹ ਗੱਲ ਆਮ ਹੋ ਚੁੱਕੀ ਹੈ ਕਿ ਬ੍ਰਹਮਪੁਰਾ ਪਰਿਵਾਰ ਦੀ ਪੁਰਾਣੀ ਪੰਥਕ ਪਕੜ ਅਤੇ ਤਜਰਬੇ ਨੂੰ ਮੁੜ ਪੱਟੀ-ਨੌਸ਼ਹਿਰਾ ਪੰਨੂੰਆਂ ਦੇ ਉਸੇ ਪੁਰਾਣੇ ਖਿੱਤੇ ਵਿੱਚ ਨਵੇਂ ਸਿਆਸੀ ਅਰਥ ਦੇਣ ਦੀ ਰਣਨੀਤਕ ਵਿਉਂਤਬੰਦੀ ਅੰਦਰਖਾਤੇ ਸਿਖ਼ਰ 'ਤੇ ਹੈ।, ਜਿੱਥੋਂ ਕਦੇ ਜਥੇਦਾਰ ਬ੍ਰਹਮਪੁਰਾ ਨੇ ਕੈਰੋਂ ਪਰਿਵਾਰ ਦੇ ਗੜ੍ਹ ਨੂੰ ਤੋੜ ਕੇ ਆਪਣੀ ਸਿਆਸਤ ਦਾ ਆਗਾਜ਼ ਕੀਤਾ ਸੀ। ਇਸ ਸਿਆਸੀ ਮੁਲਾਕਾਤ ਨੇ ਜ਼ਿਲ੍ਹਾ ਤਰਨ ਤਾਰਨ ਦੇ ਸਿਆਸੀ ਪਿੜ ਵਿੱਚ ਵੱਡੀ ਕਰਵਟ ਦੇ ਸੰਕੇਤ ਦੇ ਦਿੱਤੇ ਹਨ।

# ਪੋਲੋ ਗਰਾਊਂਡ ਪਟਿਆਲਾ ਵਿਖੇ ਦੋ ਸਿੰਥੈਟਿਕ ਬਾਸਕਟਬਾਲ ਕੋਰਟ ਤਿਆਰ ਕੀਤੇ ਜਾਣਗੇ



**ਪਟਿਆਲਾ, 24 ਅਕਤੂਬਰ**
**-ਛਤਰਪਾਲ ਸਿੰਘ-**

ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਅੱਜ ਸਕੱਤਰ, ਰੈੱਡ ਕਰਾਸ ਪਟਿਆਲਾ ਅਤੇ ਜਨਰਲ ਮੈਨੇਜਰ, ਇੰਡੀਅਨ ਆਇਲ ਵੱਲੋਂ ਇੱਕ ਸਮਝੌਤਾ ਪੱਤਰ (ਐਮ.ਓ.ਯੂ.) ਸਾਈਨ ਕੀਤਾ ਗਿਆ। ਇਸ ਸਮਝੌਤੇ ਤਹਿਤ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਦੋ ਸਿੰਥੈਟਿਕ ਬਾਸਕਟਬਾਲ ਕੋਰਟ ਤਿਆਰ ਕਰਵਾਏ ਜਾਣਗੇ, ਜਿਨ੍ਹਾਂ ਦੇ ਨਾਲ ਚੇਨ ਲਿੰਕ ਫੈਂਸਿੰਗ ਵੀ ਲਗਾਈ ਜਾਵੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰੀਤ ਜੌਹਲ, ਪੀ.ਆਈ.ਐੱਸ. ਦੇ ਡਾਇਰੈਕਟਰ ਟ੍ਰੇਨਿੰਗ ਜੀਵਨਜੋਤ ਸਿੰਘ ਤੇਜਾ ਅਤੇ ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਨਵਜੋਤ ਸਿੰਘ ਧਾਲੀਵਾਲ ਵੀ ਮੌਜੂਦ ਸਨ।

ਇਸ ਸਮਝੌਤੇ ਤਹਿਤ ਰੈੱਡ ਕਰਾਸ ਵੱਲੋਂ ਪੋਲੋ ਗਰਾਊਂਡ ਪਟਿਆਲਾ ਵਿਖੇ ਦੋ ਸਿੰਥੈਟਿਕ ਬਾਸਕਟਬਾਲ ਕੋਰਟ ਤਿਆਰ ਕਰਵਾ ਕੇ ਮੁਹੱਈਆ ਕਰਵਾਏ ਜਾਣਗੇ। ਇਹ ਪਹਿਲ ਸ਼ਹਿਰ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਅਹਿਮ ਕਦਮ ਹੈ। ਇਨ੍ਹਾਂ ਕੋਰਟਾਂ ਦੇ ਤਿਆਰ ਹੋਣ ਨਾਲ ਬਾਸਕਟਬਾਲ ਖਿਡਾਰੀਆਂ ਨੂੰ ਅਭਿਆਸ ਅਤੇ ਖੇਡ ਗਤੀਵਿਧੀਆਂ ਲਈ ਬਿਹਤਰ ਸਹੂਲਤਾਂ ਮਿਲਣਗੀਆਂ, ਜਿਸ ਨਾਲ ਉਨ੍ਹਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਢੁਕਵਾਂ ਮਾਹੌਲ ਮਿਲੇਗਾ।

# ਸੀ ਆਰ ਐਮ ਸਕੀਮ ਅਧੀਨ ਪਿੰਡ ਸ਼ੇਰ ਮਾਜਰਾ ਵਿਖੇ ਨੁੱਕੜ ਨਾਟਕ ਰਾਹੀਂ ਪਰਾਲੀ ਦੀ ਸੰਭਾਲ ਸਬੰਧੀ ਕਿਸਾਨਾਂ ਨੂੰ ਕੀਤਾ ਜਾਗਰੂਕ



**ਪਟਿਆਲਾ, 24 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਬਲਾਕ ਭੁੱਨਰਹੇੜੀ ਦੇ ਖੇਤੀਬਾੜੀ ਅਫਸਰ, ਮਨਦੀਪ ਸਿੰਘ ਦੀ ਅਗਵਾਈ ਹੇਠ ਸ਼੍ਰੀ ਜਸਪ੍ਰੀਤ ਸਿੰਘ ਰੰਧਾਵਾ ਖੇਤੀਬਾੜੀ ਵਿਕਾਸ ਅਫਸਰ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਸਬੰਧੀ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ (ਛੰ੍ ਸਕੀਮ) ਤਹਿਤ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਇਸ ਦੇ ਯੋਗ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਪਿੰਡ ਸ਼ੇਰ ਮਾਜਰਾ ਵਿਖੇ ਨੁੱਕੜ ਨਾਟਕ ਕਰਵਾਇਆ ਗਿਆ। ਇਸ ਮੌਕੇ ਦੇ ਮਧੂਬਨ ਥੀਏਟਰ ਗਰੁਪ ਦੇ ਪ੍ਰਧਾਨ ਚੰਦਨ ਕੁਮਾਰ ਵੱਲੋ ਜਾਗ ਬੰਦਿਆ ਜਾਗ ਨੇ ਨੁੱਕੜ ਨਾਟਕ ਰਾਹੀਂ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਵਾਤਾਵਰਨ, ਮਿੱਟੀ ਦੀ ਉਪਜਾਊ ਸ਼ਕਤੀ, ਮਨੁੱਖੀ ਸਿਹਤ ਅਤੇ ਜੀਵ-ਜੰਤੂਆਂ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਕਲਾਕਾਰਾਂ ਨੇ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਕਿਸਾਨਾਂ ਨੂੰ ਸਮਝਾਇਆ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਨੂੰ ਖੇਤ ਵਿੱਚ ਹੀ ਵਾਹ ਕੇ ਮਿੱਟੀ ਦੀ ਸਿਹਤ ਸੁਧਾਰੀ ਜਾ ਸਕਦੀ ਹੈ ਅਤੇ ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ।

ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਉਪਲਬਧ ਖੇਤੀ ਮਸ਼ੀਨਰੀ ਜਿਵੇਂ ਸੁਪਰ ਸੀਡਰ, ਹੈਪੀ ਸੀਡਰ, ਸਮਾਰਟ ਸੀਡਰ ਅਤੇ ਹੋਰ ਖੇਤੀ ਸੰਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਦੇ ਨਾਲ ਹੀ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਸੁਚੱਜਾ ਪ੍ਰਬੰਧਨ ਕਰਕੇ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਦਾ ਸੁਨੇਹਾ ਦਿੱਤਾ ਗਿਆ।ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨਾ ਸਾੜਨ ਅਤੇ ਹੋਰ ਕਿਸਾਨਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਨ, ਤਾਂ ਜੋ ਸਾਫ਼-ਸੁਥਰੇ ਵਾਤਾਵਰਨ, ਸਿਹਤਮੰਦ ਸਮਾਜ ਅਤੇ ਟਿਕਾਊ ਖੇਤੀਬਾੜੀ ਨੂੰ ਉਤਸ਼ਾਹਿਤ ਕੀਤਾ ਜਾ ਸਕੇ।ਇਸ ਮੌਕੇ ਤੇ ਖੇਤੀਬਾੜੀ ਵਿਭਾਗ ਬਲਾਕ ਭੁੱਨਰਹੇੜੀ ਦਾ ਸਟਾਫ ਸ਼ੰਟੀ (ਏ.ਟੀ.ਐਮ), ਸਤਵੀਰ ਕੌਰ, ਗੁਰਦੀਪ ਸਿੰਘ ਅਤੇ ਪਿੰਡ ਦੇ ਮੋਹਤਵਾਰ ਕਿਸਾਨ ਵੀ ਮੌਜੂਦ ਸਨ।

# ਸਾਬਕਾ ਵਿਧਾਇਕ ਨਿਰਮਲ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਸਤਨਾਮ ਸਿੰਘ ਸ਼੍ਰੋਮਣੀ ਅਕਾਲੀ ਦਲ (ਬ) ਵਿਚ ਸ਼ਾਮਿਲ



**ਸਮਾਣਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ (ਬ) ਅਤੇ ਕਾਂਗਰਸ ਦੀਆਂ ਟਿਕਟਾਂ ਤੇ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਹਲਕਾ ਸ਼ੁਤਰਾਣਾ ਦੇ ਸਾਬਕਾ ਵਿਧਾਇਕ ਨਿਰਮਲ ਸਿੰਘ ਸ਼ੁਤਰਾਣਾ ਅਤੇ ਉਨ੍ਹਾਂ ਦੇ ਲੜਕੇ ਸਤਨਾਮ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿਚ ਚੰਡੀਗੜ੍ਹ ਵਿਖੇ ਸ੍ਰੋਮਣੀ ਅਕਾਲੀ ਦਲ (ਬ) ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਸਰਦਾਰ ਬਾਦਲ ਦੀ ਅਗਵਾਈ ਵਿਚ ਭਰੋਸਾ ਪ੍ਰਗਟ ਕਰਦਿਆਂ ਪਾਰਟੀ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹਲਕਾ ਸਮਾਨਾ ਦੇ ਹਲਕਾ ਮੁਖੀ ਜਗਮੀਤ ਸਿੰਘ ਹਰਿਆਊ, ਸ਼੍ਰੋਮਣੀ ਕਮੇਟੀ ਮੈਂਬਰ ਕੁਲਦੀਪ ਸਿੰਘ ਨੱਸੂਪੁਰ, ਗੋਪਾਲ ਸ਼ਰਮਾ, ਅਮਰਜੀਤ ਸਿੰਘ ਟੋਡਰਪੁਰ, ਨਿਸ਼ਾਨ ਸਿੰਘ ਸੰਧੂ ਆਦਿਕ ਹਾਜ਼ਰ ਸਨ।

# ਸਿੱਧ ਸ੍ਰੀ ਬਾਬਾ ਬਾਲਕ ਨਾਥ ਜੀ ਦਾ ਕੀਰਤਨ ਦਰਬਾਰ ਮੌਕੇ ਕੱਢੀ ਗਈ ਸ਼ੋਭਾ ਯਾਤਰਾ



**ਮੋਰਿੰਡਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਖਸ਼ਿਸ਼ ਪੌਣਾਹਾਰੀ ਦੀ ਸੋਸ਼ਲ ਵੈਲਫੇਅਰ ਕਲੱਬ ਰਜਿਸਟਰਡ ਮੋਰਿੰਡਾ ਵੱਲੋਂ ਸਿੱਧ ਸ਼੍ਰੀ ਬਾਬਾ ਬਾਲਕ ਨਾਥ ਜੀ ਦਾ ਸਰਬ ਸਾਂਝਾ ਕੀਰਤਨ ਦਰਬਾਰ ਮੰਦਰ ਸਿੱਧ ਬਾਬਾ ਬਾਲਕ ਨਾਥ ਜੀ ਨੇੜੇ ਸ਼ਿਵ ਨੰਦਾ ਸਕੂਲ ਮੋਰਿੰਡਾ ਵਿਖੇ ਕਰਵਾਇਆ ਗਿਐ। ਜਿਸ ਦੀ ਖੁਸ਼ੀ ਵਿੱਚ ਸ਼ਹਿਰ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ।

ਜਾਣਕਾਰੀ ਦਿੰਦੇ ਹੋਏ ਮਨੋਜ ਕੁਮਾਰ ਪੀਪਟ ਅਤੇ ਰਜਨੀਸ਼ ਕੁਮਾਰ ਨੇ ਦੱਸਿਆ ਕੀ ਇਸ ਪ੍ਰੋਗਰਾਮ ਵਿੱਚੇ ਜੋਤ ਪ੍ਰਚੰਡ ਕੀਤੀ ਗਈ ਅਤੇ 7 ਵਜੇ ਤੋਂ ਅਟੁੱਟ ਭੰਡਾਰਾ ਚਲਾਇਆ ਗਿਆ, ਪ੍ਰੋਗਰਾਮ ਵਿੱਚ ਸੰਤ ਬਾਬਾ ਸ੍ਰੀ ਸਤਨਾਮ ਦਾਸ ਜੀ ਮਹਾਰਾਜ 5 ਵਜੇ ਤੋਂ ਕੀਰਤਨ ਦਰਬਾਰ ਲਗਾਉਣਗੇ ਜਿਸ ਤੋਂ ਬਾਅਦ ਸੱਤਾ ਮੰਡਲੀ ਐਂਡ ਪਾਰਟੀ ਰਾਤ 9 ਵਜੇ ਤੱਕ ਬਾਬਾ ਜੀ ਦੇ ਭਜਨਾਂ ਦਾ ਗੁਣਗਾਨ ਕੀਤਾ। ਉਹਨਾਂ ਨੇ ਇਲਾਕਾ ਨਿਵਾਸੀਆਂ ਨੂੰ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਮੁੱਖ ਸੇਵਾਦਾਰ ਤਰਸੇਮ ਲਾਲ, ਸਵਰਨ ਸਿੰਘ, ਮਾਸਟਰ ਹਾਕਮ ਸਿੰਘ, ਵਿਵੇਕ ਮਹਿਰਾ, ਆਦੀ ਮੈਂਬਰ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਸਨ।

# ਮੋਗਾ ਤੋਂ ਪੰਜਾਬ ਭਾਜਪਾ ਨੂੰ ਮਿਲੀ ਮਜ਼ਬੂਤੀ : ਅਕਾਲੀ ਆਗੂ ਤੇ ਸੀਨੀਅਰ ਐਡਵੋਕੇਟ ਰਮੇਸ਼ ਗਰੋਵਰ ਭਾਜਪਾ ਵਿੱਚ ਸ਼ਾਮਲ

**ਮੋਗਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਾਰਤੀ ਜਨਤਾ ਪਾਰਟੀ ਪੰਜਾਬ ਨੂੰ ਅੱਜ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਮੋਗਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਉੱਘੇ ਸੀਨੀਅਰ ਐਡਵੋਕੇਟ ਰਮੇਸ਼ ਗਰੋਵਰ ਭਾਜਪਾ ਵਿੱਚ ਸ਼ਾਮਲ ਹੋ ਗਏ। ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਰਮੇਸ਼ ਗਰੋਵਰ ਦਾ ਪਾਰਟੀ ਪਰਿਵਾਰ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਆਉਣ ਨਾਲ ਮੋਗਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਹਰਜੋਤ ਕਮਲ ਵੀ ਹਾਜ਼ਰ ਸਨ।

ਜ਼ਿਕਰਯੋਗ ਹੈ ਕਿ ਰਮੇਸ਼ ਗਰੋਵਰ ਅਕਾਲੀ ਦਲ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ, ਫ਼ਰੀਦਕੋਟ ਜ਼ੋਨ ਦੇ ਲੀਗਲ ਸੈੱਲ ਦੇ ਇੰਚਾਰਜ ਤੋਂ ਇਲਾਵਾ, ਉਹ ਸਾਲ 2017 ਵਿੱਚ ਮੋਗਾ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਜੋਂ ਵੀ ਚੋਣ ਲੜ ਚੁੱਕੇ ਹਨ। ਜਦਕਿ ਉਹ ਬਾਰ ਕਾਉਂਸਿਲ ਦੇ ਵੀ ਕਈ ਦਫ਼ਾ ਪ੍ਰਧਾਨ ਰਹਿ ਚੁੱਕੇ ਹਨ।

ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਰਮੇਸ਼ ਗਰੋਵਰ ਕਾਨੂੰਨੀ ਖੇਤਰ ਦੇ ਨਾਲ-ਨਾਲ ਸਮਾਜਿਕ ਅਤੇ ਸਿਆਸੀ ਜੀਵਨ ਵਿੱਚ ਵੀ ਆਪਣੀ ਵਿਸ਼ੇਸ਼ ਪਛਾਣ ਰੱਖਦੇ ਹਨ। ਲੋਕਾਂ ਵਿੱਚ ਲੰਮੇ ਸਮੇਂ ਤੋਂ ਵਿਚਰਦਿਆਂ ਉਨ੍ਹਾਂ ਨੇ ਆਪਣਾ ਇੱਕ ਵੱਖਰਾ ਸਥਾਨ ਬਣਾਇਆ ਹੈ। ਉਨ੍ਹਾਂ ਦਾ ਤਜਰਬਾ ਅਤੇ ਲੋਕਾਂ ਨਾਲ ਜੁੜਾਅ ਪਾਰਟੀ ਲਈ ਲਾਹੇਵੰਦ ਸਾਬਤ ਹੋਵੇਗਾ।

ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਦੀ ਹੋ ਰਹੀ ਤਰੱਕੀ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਖੇਤਰਾਂ ਦੇ ਲੋਕ ਭਾਜਪਾ ਨਾਲ ਜੁੜ ਰਹੇ ਹਨ। ਇਹ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਪੱਖੀ ਸੋਚ ਵਿੱਚ ਲੋਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਸ੍ਰੀ ਢਿੱਲੋਂ ਨੇ ਕਿਹਾ ਕਿ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਹਰ ਆਗੂ ਅਤੇ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਂਦਾ ਹੈ। ਪਾਰਟੀ ਦਾ ਮੁੱਖ ਉਦੇਸ਼ ਪੰਜਾਬ ਦੀ ਤਰੱਕੀ, ਖ਼ੁਸ਼ਹਾਲੀ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਨਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਰਮੇਸ਼ ਗਰੋਵਰ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਪੰਜਾਬ ਦੀ ਬਿਹਤਰੀ ਲਈ ਆਪਣੀ ਅਹਿਮ ਭੂਮਿਕਾ ਨਿਭਾਉਣਗੇ।

ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਤੋਂ ਹੀ ਪੰਜਾਬ ਦੇ ਲੋਕਾਂ ਨੂੰ ਚੰਗੇ ਭਵਿੱਖ ਦੀ ਉਮੀਦ ਦਿਖਾਈ ਦੇ ਰਹੀ ਹੈ। ਪੰਜਾਬ ਦੇ ਲੋਕਾਂ ਦੇ ਇਸੇ ਸਾਥ ਤੇ ਵਿਸ਼ਵਾਸ ਨਾਲ ਪੰਜਾਬ ਵਿੱਚ 2027 'ਚ ਭਾਰਤੀ ਜਨਤਾ ਪਾਰਟੀ ਬਹੁਮਤ ਨਾਲ ਸਰਕਾਰ ਬਣਾਏਗੀ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਿਆਣ ਵਿਖੇ ਕਰੀਅਰ ਕਾਊਂਸਲਿੰਗ-ਕਮ-ਨਸ਼ਾ ਜਾਗਰੂਕਤਾ ਕੈਂਪ ਲਗਾਇਆ




**ਪਟਿਆਲਾ, 24 ਅਕਤੂਬਰ**
**-ਜੀ. ਐਸ. ਤੁੰਗ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਸਖ਼ਤ ਕਦਮ ਚੁੱਕ ਰਹੀ ਹੈ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.), ਪਟਿਆਲਾ ਵੱਲੋਂ ਪੰਜਾਬ ਸਰਕਾਰ ਦੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਿਆਣ, ਪਟਿਆਲਾ ਵਿਖੇ ਕਰੀਅਰ ਕਾਊਂਸਲਿੰਗ-ਕਮ-ਨਸ਼ਾ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 100 ਵਿਦਿਆਰਥੀਆਂ ਨੇ ਭਾਗ ਲਿਆ। ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਕਰੀਅਰ ਦੀ ਚੋਣ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕਿਆਂ ਬਾਰੇ ਜਾਣਕਾਰੀ ਦੇਣਾ ਸੀ।

ਇਸ ਮੌਕੇ ਡੀ.ਬੀ.ਈ.ਈ., ਪਟਿਆਲਾ ਦੇ ਡਿਪਟੀ ਸੀ.ਈ.ਓ. ਸ੍ਰੀ ਸਤਿੰਦਰ ਸਿੰਘ ਅਤੇ ਕਰੀਅਰ ਕਾਊਂਸਲਰ ਡਾ. ਰੂਪਸੀ ਪਾਹੂਜਾ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਕਰੀਅਰ ਦੀ ਚੋਣ ਕਰਨ ਅਤੇ ਜੀਵਨ ਵਿੱਚ ਸਪੱਸ਼ਟ ਟੀਚੇ ਨਿਰਧਾਰਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸਹੀ ਸਮੇਂ 'ਤੇ ਲਿਆ ਗਿਆ ਕਰੀਅਰ ਸਬੰਧੀ ਫੈਸਲਾ ਅਤੇ ਲੋੜੀਂਦੇ ਹੁਨਰਾਂ ਦੀ ਸਿਖਲਾਈ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹ ਸਕਦੀ ਹੈ।

ਕੈਂਪ ਦੌਰਾਨ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸੰਦਰਭ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ ਅਤੇ ਮਾਨਸਿਕ ਸਿਹਤ, ਪਰਿਵਾਰਕ ਜੀਵਨ, ਸਿੱਖਿਆ ਅਤੇ ਸਮਾਜ ਉੱਤੇ ਪੈਣ ਵਾਲੇ ਗੰਭੀਰ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਗਲਤ ਸੰਗਤ ਤੋਂ ਬਚਣ, ਸਿਹਤਮੰਦ ਆਦਤਾਂ ਅਪਣਾਉਣ ਅਤੇ ਆਪਣਾ ਧਿਆਨ ਸਿੱਖਿਆ, ਖੇਡਾਂ ਅਤੇ ਉਸਾਰੂ ਗਤੀਵਿਧੀਆਂ ਵੱਲ ਕੇਂਦਰਿਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਵਿਦਿਆਰਥੀਆਂ ਨੂੰ ਡੀ.ਬੀ.ਈ.ਈ. ਪਟਿਆਲਾ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਸਹੂਲਤਾਂ, ਜਿਨ੍ਹਾਂ ਵਿੱਚ ਕਰੀਅਰ ਕਾਊਂਸਲਿੰਗ, ਪਲੇਸਮੈਂਟ ਕੈਂਪ, ਨੌਕਰੀਆਂ ਸਬੰਧੀ ਜਾਣਕਾਰੀ, ਹੁਨਰ ਵਿਕਾਸ ਕੋਰਸ ਅਤੇ ਸਵੈ-ਰੋਜ਼ਗਾਰ ਲਈ ਵੱਖ-ਵੱਖ ਸਰਕਾਰੀ ਕਰਜ਼ਾ ਯੋਜਨਾਵਾਂ ਸ਼ਾਮਲ ਹਨ, ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਕਿੱਤਾਮੁਖੀ ਹੁਨਰ ਹਾਸਲ ਕਰਨ ਅਤੇ ਭਵਿੱਖ ਵਿੱਚ ਰੋਜ਼ਗਾਰ ਜਾਂ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਉਪਲਬਧ ਮੌਕਿਆਂ ਦਾ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਇਹ ਸੰਦੇਸ਼ ਦਿੱਤਾ ਗਿਆ ਕਿ ਨੌਜਵਾਨਾਂ ਨੂੰ ਸਹੀ ਦਿਸ਼ਾ, ਮਿਆਰੀ ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਕੇ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਮਾਜ ਦੀ ਤਰੱਕੀ ਵਿੱਚ ਉਨ੍ਹਾਂ ਦੀ ਭਾਗੀਦਾਰੀ ਵਧਾਉਣ ਲਈ ਸਾਂਝੇ ਯਤਨ ਬੇਹੱਦ ਜ਼ਰੂਰੀ ਹਨ।ਇਹ ਵੀ ਦੱਸਿਆ ਗਿਆ ਕਿ ਲੋਕ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਟੋਲ ਫਰੀ ਨੰਬਰ 97791-00200 ਅਤੇ ਨਸ਼ਾ ਮੁਕਤੀ ਐਪ (ਐਨ.ਐਨ.ਐਮ.) ਰਾਹੀਂ ਵੀ ਸਾਂਝੀ ਕਰ ਸਕਦੇ ਹਨ।

# ਐਸ ਡੀ ਐਮ ਹਰਜੋਤ ਕੌਰ ਮਾਵੀ ਦੀ ਅਗਵਾਈ ਹੇਠ ਝੋਨੇ ਦੀ ਖਰੀਦ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ, ਕਿਸਾਨਾਂ ਤੇ ਆੜ੍ਹਤੀਆਂ ਨਾਲ ਮੀਟਿੰਗ



**ਦੂਧਨਸਾਧਾਂ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਰਕਿਟ ਕਮੇਟੀ ਦੂਧਨਸਾਧਾਂ ਅਧੀਨ ਆਉਂਦੀ ਨਵੀਂ ਅਨਾਜ ਮੰਡੀ ਦੂਧਨਸਾਧਾਂ ਅਤੇ ਦੇਵੀਗੜ੍ਹ ਮੰਡੀ ਵਿਖੇ ਝੋਨੇ ਦੀ ਖ਼ਰੀਦ ਸਬੰਧੀ ਐਸ. ਡੀ. ਐਮ ਹਰਜੋਤ ਕੌਰ ਨੇ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਹਦਾਇਤ ਕੀਤੀ ਕਿ ਝੋਨੇ ਦੀ ਖ਼ਰੀਦ ਦੌਰਾਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕੋਈ ਸਮੱਸਿਆ ਨਾ ਆਉਣ ਦਿੱਤੀ ਜਾਵੇ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਬਲਦੇਵ ਸਿੰਘ, ਜ਼ਿਲ੍ਹਾ ਮੰਡੀ ਅਫਸਰ, ਅਸਲਮ ਮੁਹੰਮਦ, ਖੇਤੀਬਾੜੀ ਅਫ਼ਸਰ ਬਲਾਕ ਭੁੱਨਰਹੇੜੀ ਮਨਦੀਪ ਸਿੰਘ ਤੇ ਵਿਮਲਪ੍ਰੀਤ ਸਿੰਘ ਜੋਸ਼ਨ, ਜ਼ਿਲ੍ਹਾ ਖੁਰਾਕ ਤੇ ਸਪਲਾਈ ਅਫ਼ਸਰ ਵਰਿੰਦਰਪਾਲ ਕੌਰ ਸਮੇਤ ਸਕੱਤਰ ਮਾਰਕਿਟ ਕਮੇਟੀ ਅਸ਼ੋਕ ਕੁਮਾਰ ਜਿੰਦਲ ਵੀ ਹਾਜ਼ਰ ਸਨ।

ਦਫਤਰ ਮਾਰਕਿਟ ਕਮੇਟੀ ਦੁੱਧਨਸਾਧਾਂ ਵਿਖੇ ਵਿਸਥਾਰਪੂਰਵਕ ਮੀਟਿੰਗ ਦੌਰਾਨ ਕਿਸਾਨਾਂ ਤੇ ਆੜ੍ਹਤੀਆਂ ਨੂੰ ਦਰਪੇਸ਼ ਮੁਸ਼ਕਿਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਕਿਸਾਨਾਂ ਨੇ ਦੱਸਿਆ ਕਿ ਪਿਛਲੇ ਸਾਲਾਂ ਨਾਲੋਂ ਇਸ ਸਾਲ ਪਰਮਲ ਜੀਰੀ ਦਾ ਝਾੜ ਬਹੁਤ ਵਧੀਆ ਰਿਹਾ ਹੈ ਅਤੇ ਫਸਲ ਨੂੰ ਕੋਈ ਬਿਮਾਰੀ ਵੀ ਨਹੀਂ ਰਹੀ। ਇਸ ਤੋਂ ਇਲਾਵਾ ਬਹੁਤ ਸਾਰੇ ਕਿਸਾਨਾਂ ਨੇ ਬਾਸਮਤੀ ਦੀ ਜਗ੍ਹਾ ਪਰਮਲ ਝੋਨੇ ਦੀ ਬਿਜਾਈ ਕੀਤੀ ਹੈ ਅਤੇ ਇਸ ਤੋਂ ਇਲਾਵਾ ਇਸ ਸਾਲ ਬਹੁਤ ਸਾਰੇ ਕਿਸਾਨ ਅਜਿਹੇ ਹਨ, ਜਿਹੜੇ ਪਰਮਲ ਝੋਨੇ ਤਹਿਤ ਨਵੀਂ ਮੈਪਿੰਗ ਕਰਵਾ ਕੇ ਆਪਣੀ ਫਸਲ ਵੇਚ ਰਹੇ ਹਨ।

ਇਹਨਾਂ ਕਾਰਨਾਂ ਕਰਕੇ ਇਸ ਵਾਰ ਮੰਡੀ ਵਿੱਚ ਬੰਪਰ ਪਰਮਲ ਝੋਨੇ ਦੀ ਆਮਦ ਹੋ ਰਹੀ ਹੈ। ਇਸ ਲਈ ਮੰਡੀ ਦੁੱਧਨਸਾਧਾਂ ਅਤੇ ਦੇਵੀਗੜ੍ਹ ਵਿਖੇ ਪਿਛਲੇ ਸਾਲਾਂ ਨਾਲੋਂ ਝੋਨੇ ਦੀ ਆਮਦ ਵਿੱਚ ਕਾਫੀ ਵਾਧਾ ਹੋਵੇਗਾ, ਇਸ ਲਈ ਮੰਡੀ ਦੁੱਧਨਸਾਧਾਂ ਅਤੇ ਦੇਵੀਗੜ੍ਹ ਮੰਡੀ ਵਿੱਚ ਝੋਨੇ ਦੀ ਖਰੀਦ ਦੇ ਟੀਚੇ ਵਧਾਏ ਜਾਣ।

ਬੈਠਕ ਦੌਰਾਨ ਸਮੂਹ ਅਧਿਕਾਰੀਆਂ ਨੇ ਕਿਸਾਨਾਂ ਅਤੇ ਵਪਾਰੀਆਂ ਦੀਆਂ ਮੁਸ਼ਕਿਲਾਂ ਨੂੰ ਜਲਦੀ ਹੀ ਹੱਲ ਕਰਨ ਦਾ ਭਰੋਸਾ ਦਿਵਾਇਆ ਜਿਸ ਤੇ ਕਿਸਾਨਾਂ ਅਤੇ ਵਪਾਰੀਆਂ ਵੱਲੋਂ ਸਹਿਮਤੀ ਪ੍ਰਗਟਾਈ।

# ਓਰੀਐਂਟ ਇੰਟਰਨੈਸ਼ਨਲ ਸਕੂਲ ਵਿਖੇ 'ਸਹੋਦਿਆ ਅੰਤਰ-ਸਕੂਲ ਗਣਿਤ ਕੁਇਜ਼ ਮੁਕਾਬਲਾ' 2026 ਆਯੋਜਿਤ

**ਮਾਛੀਵਾੜਾ ਸਾਹਿਬ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਓਰੀਐਂਟ ਇੰਟਰਨੈਸ਼ਨਲ ਸਕੂਲ ਐਂਡ ਸਪੋਰਟਸ ਅਕੈਡਮੀ, ਸ੍ਰੀ ਮਾਛੀਵਾੜਾ ਸਾਹਿਬ (ਲੁਧਿਆਣਾ) ਵੱਲੋਂ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਸਹੋਦਿਆ ਅੰਤਰ-ਸਕੂਲ ਗਣਿਤ ਕੁਇਜ਼ ਮੁਕਾਬਲਾ 2026' ਸਫਲਤਾਪੂਰਵਕ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਵੱਖ-ਵੱਖ ਸਕੂਲਾਂ ਦੀਆਂ 13 ਰਜਿਸਟਰਡ ਟੀਮਾਂ ਵਿੱਚੋਂ 12 ਟੀਮਾਂ ਨੇ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ।

ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਗਣਿਤਕ ਯੋਗਤਾ, ਤਰਕਪੂਰਨ ਸੋਚ, ਵਿਸ਼ਲੇਸ਼ਣਾਤਮਕ ਸੋਚ ਅਤੇ ਸਮੱਸਿਆ-ਹੱਲ ਕਰਨ ਦੇ ਹੁਨਰ ਨੂੰ ਉਤਸ਼ਾਹਿਤ ਕਰਨਾ ਸੀ, ਤਾਂ ਜੋ ਉਨ੍ਹਾਂ ਵਿੱਚ ਇੱਕ ਸਿਹਤਮੰਦ ਵਿਦਿਅਕ ਮੁਕਾਬਲੇ ਦੀ ਭਾਵਨਾ ਪੈਦਾ ਹੋ ਸਕੇ। ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਕਈ ਚੁਣੌਤੀਪੂਰਨ ਦੌਰਾਂ ਦੌਰਾਨ ਆਪਣੇ ਗਣਿਤਕ ਗਿਆਨ, ਤੇਜ਼ ਸੋਚ, ਟੀਮ ਵਰਕ ਅਤੇ ਆਤਮ-ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ।ਮੁਕਾਬਲੇ ਦੇ ਨਤੀਜਿਆਂ ਵਿੱਚ ਖੰਨਾ ਸਥਿਤ ਗ੍ਰੀਨ ਗਰੋਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ ਪਹਿਲਾ ਸਥਾਨ, ਦੋਰਾਹਾ ਪਬਲਿਕ ਸਕੂਲ (ਦੋਰਾਹਾ) ਨੇ ਦੂਜਾ ਸਥਾਨ ਅਤੇ ਦ ਸੁਪੀਰੀਅਰ ਵਰਲਡ ਸਕੂਲ (ਮਾਛੀਵਾੜਾ ਸਾਹਿਬ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ, ਮਾਛੀਵਾੜਾ ਸਾਹਿਬ ਨੂੰ ਹੌਸਲਾ-ਅਫਜ਼ਾਈ ਇਨਾਮ (consolation prize) ਦਿੱਤਾ ਗਿਆ।

ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ, ਜਦਕਿ ਜੇਤੂ ਟੀਮਾਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਮੇਜ਼ਬਾਨ ਸਕੂਲ, ਓਰੀਐਂਟ ਇੰਟਰਨੈਸ਼ਨਲ ਸਕੂਲ ਐਂਡ ਸਪੋਰਟਸ ਅਕੈਡਮੀ ਦੇ ਵਿਦਿਆਰਥੀਆਂ ਨੂੰ ਵੀ ਉਨ੍ਹਾਂ ਦੀ ਭਾਗੀਦਾਰੀ ਅਤੇ ਯਤਨਾਂ ਲਈ 'ਪ੍ਰਸ਼ੰਸਾ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਪ੍ਰਬੰਧਨ ਨੇ ਜਿਊਰੀ ਮੈਂਬਰਾਂ ਅਤੇ ਨਿਰੀਖਕ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਮੁਕਾਬਲੇ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਆਪਣਾ ਕੀਮਤੀ ਯੋਗਦਾਨ ਪਾਇਆ।

ਇਸ ਮੌਕੇ ਸਾਰੇ ਹਾਜ਼ਰੀਨ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ ਸੀ।ਓਰੀਐਂਟ ਇੰਟਰਨੈਸ਼ਨਲ ਸਕੂਲ ਐਂਡ ਸਪੋਰਟਸ ਅਕੈਡਮੀ ਦੇ ਪ੍ਰਿੰਸੀਪਲ ਰਜਤ ਸ਼ਰਮਾ ਨੇ ਭਾਗ ਲੈਣ ਵਾਲੇ ਸਕੂਲਾਂ, ਨਾਲ ਆਏ ਅਧਿਆਪਕਾਂ, ਵਿਦਿਆਰਥੀਆਂ, ਜਿਊਰੀ ਮੈਂਬਰਾਂ, ਨਿਰੀਖਕ ਅਤੇ ਆਯੋਜਕ ਟੀਮ ਦਾ ਉਨ੍ਹਾਂ ਦੇ ਸਹਿਯੋਗ ਅਤੇ ਸਮਰਪਣ ਲਈ ਦਿਲੋਂ ਧੰਨਵਾਦ ਕੀਤਾ।

# ਕਿਸਾਨਾਂ ਨੂੰ 24 ਘੰਟਿਆਂ 'ਚ ਫਸਲ ਦਾ ਭੁਗਤਾਨ ਕੀਤਾ ਜਾ ਰਿਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**➢ ਮੰਡੀਆਂ ਵਿੱਚ ਫਸਲ ਦੇ ਭੰਡਾਰਨ ਲਈ ਥਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ➢ ਮੰਡੀਆਂ ਵਿੱਚ ਪਏ ਅਨਾਜ ਦੀ ਢੋਆ-ਢੁਆਈ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਹਨ ➢ ਸਰਕਾਰ ਵੱਲੋਂ ਸਾਰੇ ਮਸਲੇ ਹੱਲ; ਕਿਸਾਨ ਅਤੇ ਆੜ੍ਹਤੀਏ ਬੇਹੱਦ ਖੁਸ਼**



**ਰਾਜਪੁਰਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਜਪੁਰਾ ਮੰਡੀ ਵਿਖੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਖਰੀਦ ਨਿਰਵਿਘਨ ਚੱਲ ਰਹੀ ਹੈ। ਕਿਸਾਨਾਂ ਨੂੰ 24 ਘੰਟਿਆਂ ਦੇ ਅੰਦਰ ਭੁਗਤਾਨ ਕੀਤਾ ਜਾ ਰਿਹਾ ਹੈ, ਅਨਾਜ ਦੀ ਢੋਆ-ਢੁਆਈ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਹਨ ਅਤੇ ਸਰਕਾਰ ਮੰਡੀਆਂ ਵਿੱਚ ਫਸਲ ਦੇ ਭੰਡਾਰਨ ਲਈ ਲੋੜੀਂਦੀ ਥਾਂ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਹੈ। ਕਿਸਾਨਾਂ, ਆੜ੍ਹਤੀਆਂ ਅਤੇ ਹੋਰ ਸਬੰਧਤ ਧਿਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਆਪਸੀ ਤਾਲਮੇਲ ਨਾਲ ਸਾਰੇ ਅਹਿਮ ਮਸਲੇ ਹੱਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਝੋਨੇ ਦੀ ਚੰਗੀ ਪੈਦਾਵਾਰ ਕਿਸਾਨਾਂ ਲਈ ਦੀਵਾਲੀ ਨੂੰ ਹੋਰ ਖੁਸ਼ਹਾਲ ਬਣਾਏਗੀ। ਉਨ੍ਹਾਂ ਕਿਹਾ ਕਿ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧੇਗੀ ਅਤੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ।

ਇਸ ਦੌਰੇ ਦੀ ਇੱਕ ਵੀਡੀਓ ਸਾਂਝੀ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' ਅਕਾਊਂਟ 'ਤੇ ਲਿਖਿਆ: ਪੰਜਾਬ ਦੇ ਕਿਸਾਨ ਭਰਾਵਾਂ ਦੀ ਦਿਨ-ਰਾਤ ਦੀ ਅਣਥੱਕ ਮਿਹਨਤ ਅੱਜ ਵਧੇਰੇ ਪੈਦਾਵਾਰ ਅਤੇ ਬਿਹਤਰ ਆਮਦਨ ਦੇ ਰੂਪ ਵਿੱਚ ਰੰਗ ਲਿਆ ਰਹੀ ਹੈ। ਖੇਤਾਂ ਤੋਂ ਲੈ ਕੇ ਮੰਡੀਆਂ ਤੱਕ, ਤੁਹਾਡੀ ਆਪਣੀ ਸਰਕਾਰ ਹਰ ਕਦਮ 'ਤੇ ਤੁਹਾਡੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ, ਤਾਂ ਜੋ ਤੁਹਾਨੂੰ ਤੁਹਾਡੀ ਫਸਲ ਦਾ ਪੂਰਾ ਮੁੱਲ ਮਿਲ ਸਕੇ। ਸਾਡੇ ਕਿਸਾਨਾਂ ਦੀ ਖੁਸ਼ਹਾਲੀ ਹੀ ਪੰਜਾਬ ਦੀ ਤਰੱਕੀ ਹੈ।

ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਣ ਲਈ ਅਨਾਜ ਮੰਡੀ ਦਾ ਦੌਰਾ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵੀਰਵਾਰ ਤੱਕ ਸੂਬੇ ਭਰ ਦੀਆਂ ਮੰਡੀਆਂ ਵਿੱਚ 62.07 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿੱਚੋਂ 60.50 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ 12,969.01 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਹੈ। ਉਨ੍ਹਾਂ ਕਿਹਾ, ਜਿੱਥੇ ਵੀ ਝੋਨਾ ਪਹੁੰਚਿਆ ਹੈ, ਉੱਥੇ ਬਿਨਾਂ ਕਿਸੇ ਦੇਰੀ ਦੇ ਉਸ ਦੀ ਖਰੀਦ ਕੀਤੀ ਗਈ ਹੈ, ਜਿਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ ਹੈ। ਇਹ ਬੇਹੱਦ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਸਾਰੀਆਂ ਸਬੰਧਤ ਧਿਰਾਂ ਖੁਸ਼ ਹਨ ਅਤੇ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਹੀਂ ਹੈ। ਸਾਰੀ ਪ੍ਰਕਿਰਿਆ ਬਹੁਤ ਸੁਚਾਰੂ ਢੰਗ ਨਾਲ ਚੱਲ ਰਹੀ ਹੈ, ਜਿਸ ਵਿੱਚ ਸ਼ਾਮਲ ਸਾਰੀਆਂ ਧਿਰਾਂ ਵਿਚਕਾਰ ਸ਼ਾਨਦਾਰ ਤਾਲਮੇਲ, ਆਪਸੀ ਸਮਝ ਅਤੇ ਭਰੋਸਾ ਕਾਇਮ ਹੈ।

ਮੁੱਖ ਮੰਤਰੀ ਨੇ ਕਿਹਾ, ਇਸ ਸਾਲ ਝੋਨਾ ਸੁੱਕਾ ਹੈ ਅਤੇ ਫਸਲ ਦਾ ਝਾੜ ਵੀ ਉਤਸ਼ਾਹਜਨਕ ਰਿਹਾ ਹੈ। ਫਰੀਦਕੋਟ, ਸੰਗਰੂਰ ਅਤੇ ਗੁਰਦਾਸਪੁਰ ਵਰਗੇ ਇਲਾਕਿਆਂ ਵਿੱਚ ਬਾਸਮਤੀ ਦੀ ਪੈਦਾਵਾਰ ਬਹੁਤ ਵਧੀਆ ਰਹੀ ਹੈ। ਬਾਸਮਤੀ ਦੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਬਹੁਤ ਚੰਗੇ ਭਾਅ ਮਿਲ ਰਹੇ ਹਨ ਅਤੇ ਉਹ ਵਧੇਰੇ ਝਾੜ ਤੋਂ ਬਹੁਤ ਖੁਸ਼ ਹਨ, ਜਿਸ ਨਾਲ ਉਨ੍ਹਾਂ ਦੀ ਆਮਦਨ ਵਿੱਚ ਵੀ ਚੋਖਾ ਵਾਧਾ ਹੋ ਰਿਹਾ ਹੈ। ਨਹਿਰੀ ਸਿੰਚਾਈ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, "ਨਹਿਰੀ ਪਾਣੀ ਫਸਲਾਂ ਲਈ ਦੇਸੀ ਘਿਓ ਵਾਂਗ ਹੈ। ਇਹ ਆਪਣੇ ਨਾਲ ਜ਼ਰੂਰੀ ਪੌਸ਼ਟਿਕ ਤੱਤ ਅਤੇ ਜ਼ਰਖ਼ੇਜ਼ ਮਿੱਟੀ ਲਿਆਉਂਦਾ ਹੈ, ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ। ਮੈਨੂੰ ਉਮੀਦ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਪੰਜਾਬ ਦੀ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਹੋਰ ਸੁਧਾਰ ਹੋਵੇਗਾ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਇਸ ਸਾਲ ਘੱਟ ਮੀਂਹ ਪੈਣ ਦੇ ਬਾਵਜੂਦ, ਧਰਤੀ ਹੇਠਲੇ ਪਾਣੀ ਦੀ ਵਰਤੋਂ ਘੱਟ ਹੋਈ ਹੈ ਕਿਉਂਕਿ ਨਹਿਰੀ ਪਾਣੀ ਲੋੜੀਂਦੀ ਮਾਤਰਾ ਵਿੱਚ ਉਪਲਬਧ ਕਰਵਾਇਆ ਗਿਆ ਹੈ। ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਆਪਣੇ ਧਰਤੀ ਹੇਠਲੇ ਪਾਣੀ ਦੇ ਕੀਮਤੀ ਸਰੋਤਾਂ ਦੀ ਸੰਭਾਲ ਕਰ ਰਿਹਾ ਹੈ।"

ਅਨਾਜ ਮੰਡੀ ਦੇ ਦੌਰੇ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, "ਮੈਂ ਅਕਸਰ ਰਾਜਪੁਰਾ ਅਨਾਜ ਮੰਡੀ ਦਾ ਦੌਰਾ ਕਰਦਾ ਰਹਿੰਦਾ ਹਾਂ। ਅੱਜ ਮੈਂ ਪਟਿਆਲੇ ਜਾਣਾ ਸੀ, ਪਰ ਇੱਥੋਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਅਤੇ ਇਹ ਯਕੀਨੀ ਬਣਾਉਣ ਲਈ ਕਿ ਕਿਸੇ ਨੂੰ ਕੋਈ ਦਿੱਕਤ ਤਾਂ ਪੇਸ਼ ਨਹੀਂ ਆ ਰਹੀ, ਮੈਂ ਇੱਥੇ ਰੁਕਣ ਦਾ ਫੈਸਲਾ ਕੀਤਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "24 ਘੰਟਿਆਂ ਦੇ ਅੰਦਰ-ਅੰਦਰ ਅਦਾਇਗੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਨਕਦ ਕਰਜ਼ਾ ਹੱਦ (ਸੀਸੀਐਲ) ਤਹਿਤ ਫੰਡ ਪ੍ਰਾਪਤ ਹੋ ਚੁੱਕੇ ਹਨ। ਸੂਬਾ ਸਰਕਾਰ, ਭਾਰਤੀ ਖ਼ੁਰਾਕ ਨਿਗਮ (ਐਫ਼ਸੀਆਈ) ਅਤੇ ਹੋਰ ਅਥਾਰਟੀਆਂ ਨਾਲ ਲਗਾਤਾਰ ਸੰਪਰਕ ਵਿੱਚ ਹੈ ਤਾਂ ਜੋ ਰਾਈਸ ਮਿੱਲਾਂ ਦੀ ਭੰਡਾਰਨ ਲਈ ਥਾਂ ਸਬੰਧੀ ਕਿਸੇ ਵੀ ਸਮੱਸਿਆ ਨੂੰ ਹੱਲ ਕੀਤਾ ਜਾ ਸਕੇ।"

ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਤੋਂ ਅਨਾਜ ਦੀ ਢੋਆ-ਢੁਆਈ ਨੂੰ ਆਸਾਨ ਬਣਾਉਣ ਅਤੇ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਣ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਹਨ।

ਦੀਵਾਲੀ ਦੇ ਤਿਉਹਾਰ ਪ੍ਰਤੀ ਆਸ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਨੂੰ ਉਮੀਦ ਹੈ ਕਿ ਇਹ ਦੀਵਾਲੀ ਪੰਜਾਬ ਦੇ ਕਿਸਾਨਾਂ, ਆੜ੍ਹਤੀਆਂ, ਰਾਈਸ ਮਿੱਲ ਮਾਲਕਾਂ ਅਤੇ ਟਰਾਂਸਪੋਰਟਰਾਂ ਲਈ ਖਾਸ ਤੌਰ 'ਤੇ ਖੁਸ਼ੀਆਂ ਲੈ ਕੇ ਆਵੇਗੀ। ਸਾਰੀਆਂ ਧਿਰਾਂ ਆਪਸੀ ਤਾਲਮੇਲ ਨਾਲ ਕੰਮ ਕਰ ਰਹੀਆਂ ਹਨ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਇਹ ਤਿਉਹਾਰ ਸਾਰਿਆਂ ਲਈ ਖੁਸ਼ਹਾਲੀ ਲੈ ਕੇ ਆਵੇਗਾ।"

## ਰੋਪੜ ਦੇ ਅੱਗ ਪੀੜਤ ਵਪਾਰੀ ਦੇ ਹੱਕ ਵਿੱਚ ਨਿੱਤਰੇ ਵਿਧਾਇਕ ਦਿਨੇਸ਼ ਚੱਢਾ, ਹਰ ਸੰਭਵ ਮਦਦ ਦਾ ਦਿੱਤਾ ਭਰੋਸਾ



**ਰੂਪਨਗਰ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰੋਪੜ ਦੇ ਮੇਨ ਬਾਜ਼ਾਰ ਵਿੱਚ ਸ਼ੁੱਕਰਵਾਰ ਤੜਕਸਾਰ ਇੱਕ ਵਪਾਰੀ ਦੇ ਗੋਦਾਮ ਵਿੱਚ ਲੱਗੀ ਭਿਆਨਕ ਅੱਗ ਕਾਰਨ ਹੋਏ ਭਾਰੀ ਨੁਕਸਾਨ ਤੋਂ ਬਾਅਦ ਹਲਕਾ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।

ਇਸ ਮੌਕੇ ਉਨ੍ਹਾਂ ਨੇ ਅੱਗ ਦੀ ਘਟਨਾ ਕਾਰਨ ਪ੍ਰਭਾਵਿਤ ਹੋਏ ਵਪਾਰੀ ਪ੍ਰਵੀਨ ਕੁਮਾਰ ਸਿੰਗਲਾ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੇ ਦੁੱਖ ਵਿੱਚ ਸ਼ਰੀਕ ਹੁੰਦਿਆਂ ਹਮਦਰਦੀ ਪ੍ਰਗਟ ਕੀਤੀ ਅਤੇ ਇਸ ਔਖੀ ਘੜੀ ਵਿੱਚ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ।

ਜ਼ਿਕਰਯੋਗ ਹੈ ਕਿ ਮੇਨ ਬਾਜ਼ਾਰ ਵਿੱਚ ਸਥਿਤ ਵਪਾਰੀ ਦੇ ਗੋਦਾਮ ਵਿੱਚ ਅਚਾਨਕ ਅੱਗ ਲੱਗਣ ਕਾਰਨ ਉੱਥੇ ਪਿਆ ਸਾਮਾਨ ਸੜ ਕੇ ਸੁਆਹ ਹੋ ਗਿਆ। ਅੱਗ ਦੀ ਲਪੇਟ ਵਿੱਚ ਦਰੀਆਂ, ਮੈਟਾਂ ਅਤੇ ਸਮਾਗਮਾਂ ਵਿੱਚ ਵਰਤਿਆ ਜਾਣ ਵਾਲਾ ਹੋਰ ਸਾਮਾਨ ਵੀ ਆ ਗਿਆ। ਇਸ ਘਟਨਾ ਕਾਰਨ ਵਪਾਰੀ ਨੂੰ ਇੱਕ ਕਰੋੜ ਰੁਪਏ ਤੋਂ ਵੱਧ ਦਾ ਆਰਥਿਕ ਨੁਕਸਾਨ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਮੰਗਵਾਇਆ ਗਿਆ ਨਵਾਂ ਸਾਮਾਨ ਵੀ ਅੱਗ ਦੀ ਭੇਟ ਚੜ੍ਹ ਗਿਆ। ਵਿਧਾਇਕ ਦਿਨੇਸ਼ ਚੱਢਾ ਨੇ ਪੀੜਤ ਵਪਾਰੀ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਇਸ ਸੰਕਟ ਦੀ ਘੜੀ ਵਿੱਚ ਉਹ ਇਕੱਲੇ ਨਹੀਂ ਹਨ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਨੇ ਘਟਨਾ ਕਾਰਨ ਹੋਏ ਨੁਕਸਾਨ 'ਤੇ ਦੁੱਖ ਪ੍ਰਗਟ ਕਰਦਿਆਂ ਪੀੜਤ ਪਰਿਵਾਰ ਨਾਲ ਹਮਦਰਦੀ ਜਤਾਈ। ਇਸ ਦੁਖਦਾਈ ਘਟਨਾ ਨੇ ਵਪਾਰੀ ਦੀ ਸਾਲਾਂ ਦੀ ਮਿਹਨਤ ਨੂੰ ਵੱਡਾ ਝਟਕਾ ਦਿੱਤਾ ਹੈ। ਹੁਣ ਪੀੜਤ ਵਪਾਰੀ ਨੂੰ ਮੁੜ ਪੈਰਾਂ 'ਤੇ ਖੜ੍ਹਾ ਕਰਨ ਲਈ ਪ੍ਰਸ਼ਾਸਨਿਕ ਸਹਾਇਤਾ ਦੇ ਨਾਲ-ਨਾਲ ਸਮਾਜਿਕ ਸੰਸਥਾਵਾਂ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਦੀ ਵੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ।

## ਯੁੱਧ ਨਸ਼ਿਆਂ ਵਿਰੁੱਧ: ਸਿਵਲ ਤੇ ਪੁਲਿਸ ਟੀਮਾਂ ਵੱਲੋਂ ਨਸ਼ਿਆਂ ਦੇ ਹੌਟਸਪੌਟ ਪਿੰਡਾਂ ਦੀ ਲਗਾਤਾਰ ਨਿਗਰਾਨੀ



**ਬਠਿੰਡਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਿਆਂ ਦੇ ਵੱਧ ਮਾਮਲੇ ਸਾਹਮਣੇ ਆਉਣ ਵਾਲੇ ਪਿੰਡਾਂ ਵਿੱਚ ਸਿਵਲ ਅਤੇ ਪੁਲਿਸ ਟੀਮਾਂ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਐੱਸਐੱਸਪੀ ਬਠਿੰਡਾ ਸ੍ਰੀ ਸੁਹੇਲ ਕਾਸਿਮ ਮੀਰ ਨਾਲ ਇਨ੍ਹਾਂ ਪ੍ਰਭਾਵਿਤ ਪਿੰਡਾਂ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਅਣਵਰਤੀਆਂ ਅਤੇ ਛੱਡੀਆਂ ਹੋਈਆਂ ਇਮਾਰਤਾਂ ਨੂੰ ਖਾਲੀ ਕਰਵਾਉਣ ਅਤੇ ਉਨ੍ਹਾਂ ਦੀ ਸਫ਼ਾਈ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

ਇਨ੍ਹਾਂ ਖੇਤਰਾਂ ਵਿੱਚ ਪੁਰਾਣੀਆਂ ਸਰਕਾਰੀ ਅਤੇ ਨਿੱਜੀ ਇਮਾਰਤਾਂ ਸਮੇਤ ਅਜਿਹੀਆਂ ਨੁੱਕਰਾਂ ਅਤੇ ਥਾਵਾਂ ਨੂੰ ਸਾਫ਼ ਕੀਤਾ ਜਾ ਰਿਹਾ ਹੈ, ਜਿੱਥੇ ਨਸ਼ਾ ਤਸਕਰਾਂ ਅਤੇ ਨਸ਼ਿਆਂ ਦੇ ਆਦੀ ਵਿਅਕਤੀਆਂ ਨੂੰ ਲੁਕਣ ਲਈ ਥਾਂ ਮਿਲ ਸਕਦੀ ਹੈ। ਇਸ ਤੋਂ ਇਲਾਵਾ, ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਇਨ੍ਹਾਂ ਥਾਵਾਂ 'ਤੇ ਉੱਗੀਆਂ ਝਾੜੀਆਂ ਦੀ ਵੀ ਕਟਾਈ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਸ਼ਿਆਂ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਵਾਲੀਬਾਲ ਅਤੇ ਕ੍ਰਿਕਟ ਦੀਆਂ ਟੀਮਾਂ ਬਣਾਈਆਂ ਗਈਆਂ ਹਨ। ਉਨ੍ਹਾਂ ਕਿਹਾ, ਖੇਡ ਵਿਭਾਗ ਵੱਲੋਂ ਇਨ੍ਹਾਂ ਟੀਮਾਂ ਨੂੰ ਲੋੜੀਂਦੀ ਸਹਾਇਤਾ ਦਿੱਤੀ ਜਾਵੇਗੀ ਅਤੇ ਜਲਦ ਹੀ ਅੰਤਰ-ਪਿੰਡ ਖੇਡ ਟੂਰਨਾਮੈਂਟ ਕਰਵਾਏ ਜਾਣਗੇ।

## ਸੱਥਾਂ ਦੇ ਨਾਲ ਨਾਲ ਵਿਧਾਨ ਸਭਾ ਚੋਂ ਵੀ ਭੱਜਣ ਲੱਗੀ ਆਪ ਸਰਕਾਰ: ਟੌਹੜਾ



**ਪਟਿਆਲਾ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਸੱਥਾਂ ਦੇ ਨਾਲ-ਨਾਲ ਵਿਧਾਨ ਸਭਾ ਵਿਚੋਂ ਭੱਜਦੀ ਨਜ਼ਰ ਆ ਰਹੀ ਹੈ।ਕਿਉਂਕਿ ਬੀਤੇ ਕੱਲ੍ਹ ਵਿਧਾਨ ਸਭਾ ਸਿਰਫ ਨੌਂ ਮਿੰਟ ਚਲਾ ਕੇ ਮੁਲਤਵੀ ਕਰ ਦਿੱਤੀ ਗਈ ਜੋ ਕਿ ਪੰਜਾਬ ਦੇ ਲੋਕਾਂ ਨਾਲ ਸਰਾਸਰ ਧੋਖਾ ਹੈ, ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅਕਾਲੀ ਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਜਥੇ. ਸਤਵਿੰਦਰ ਸਿੰਘ ਟੌਹੜਾ ਨੇ ਕੀਤਾ। ਉਹਨਾਂ ਆਖਿਆ ਕਿ ਪੰਜਾਬ ਨਸ਼ਾ ਤਸਕਰਾਂ ਦਾ ਪੂਰੀ ਤਰ੍ਹਾਂ ਨਾਲ ਗੜ੍ਹ ਬਣ ਚੁੱਕਿਆ ਹੈ। ਨਸ਼ਾ ਰੋਕਣ ਵਾਲੇ ਨੂੰ ਮੌਤ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਜਿਸ ਤਰਾਂ ਪਰਮਿੰਦਰ ਸਿੰਘ ਝੋਟਾ ਕਈ ਸਾਲਾਂ ਤੋਂ ਨਸ਼ਿਆਂ ਨੂੰ ਰੋਕਣ ਲਈ ਲੋਕਾਂ ਨੂੰ ਲਾਮਬੰਦ ਕਰ ਰਿਹਾ। ਜਿਸ ਨੂੰ ਆਪਣੀ ਜ਼ਿੰਦਗੀ ਦਾਅ ਤੇ ਲਗਾ ਕੇ ਖਮਿਆਜਾ ਭੁਗਤਣਾ ਪਿਆ। ਇਸੇ ਤਰ੍ਹਾਂ ਪੰਜਾਬ ਚ ਇਕ ਇਮਾਨਦਾਰ ਡਰੱਗ ਇੰਸਪੈਕਟਰ ਨੇਹਾ ਸ਼ੌਰੀ ਨੂੰ ਨਸ਼ਿਆਂ ਕਰਕੇ ਮੌਤ ਦਾ ਸਾਹਮਣਾ ਕਰਨਾ ਪਿਆ। ਉਹਨਾਂ ਕਿਹਾ ਪੰਜਾਬ ਵਿਧਾਨ ਸਭਾ ਅੰਦਰ ਪੰਜਾਬ ਦੇ ਆਮ ਲੋਕਾਂ ਦੇ ਲੱਖਾਂ ਰੁਪਏ ਦੇ ਟੈਕਸ ਨਾਲ ਸਿਰਫ ਖਾਨਾ ਪੂਰਤੀ ਕੀਤੀ ਜਾ ਰਹੀ ਹੈ ਤੇ ਲੋਕ ਮੁੱਦਿਆਂ ਤੇ ਕੋਈ ਗੱਲਬਾਤ ਨਹੀਂ ਹੋ ਰਹੀ। ਉਹਨਾਂ ਚਿੰਤਾ ਪ੍ਰਗਟ ਕਰਦਿਆਂ ਆਖਿਆ ਕਿ ਪੰਜਾਬ ਸਿਰ ਕਰੋੜਾਂ ਰੁਪਏ ਦਾ ਕਰਜ਼ਾ ਚੜ ਚੁੱਕਿਆ ਹੈ ਅਤੇ ਕਿਧਰੇ ਵੀ ਵਿਕਾਸ ਨਾਂ ਦੀ ਚੀਜ਼ ਦਿਖਾਈ ਨਹੀਂ ਦੇ ਰਹੀ ਤੇ ਲੋਕ ਆਉਣ ਵਾਲੀਆਂ ਵਿਧਾਨ ਸਭਾ ਵਿੱਚ ਆਪ ਆਦਮੀ ਪਾਰਟੀ ਦੀ ਸਰਕਾਰ ਤੋਂ ਜਲਦੀ ਛੁਟਕਾਰਾ ਪਾਉਣ ਲਈ ਤਤਪਰ ਹਨ।

## ਮਿਹਨਤ ਦੇ ਸਿਤਾਰਿਆਂ ਨਾਲ ਜਗਮਗਾਇਆ ਸਿਲਵਰ ਓਕਸ ਸਕੂਲ




**ਜੈਤੋਂ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਲਵਰ ਓਕਸ ਸਕੂਲ, ਸੇਵੇਵਾਲਾ ਵਿਖੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦੇਣ ਅਤੇ ਉਨ੍ਹਾਂ ਦੀ ਮਿਹਨਤ ਤੇ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਲਈ ਸਨਮਾਨ ਸਮਾਰੋਹ ਕਰਵਾਇਆ ਗਿਆ। ਸਮਾਗਮ ਦਾ ਸੰਚਾਲਨ ਉਧਮ ਹਾਊਸ ਵੱਲੋਂ ਕੀਤਾ ਗਿਆ।

ਸਮਾਰੋਹ ਦਾ ਆਗਾਜ਼ ਮੁੱਖ ਮਹਿਮਾਨ ਸ੍ਰੀ ਸੁਭਾਸ਼ ਬਾਂਸਲ ਅਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਪ੍ਰਿਅੰਕਾ ਮਹਿਤਾ ਨੇ ਦੀਪ ਜਗਾ ਕੇ ਕੀਤਾ। ਇਸ ਉਪਰੰਤ ਵਿਦਿਆਰਥੀਆਂ ਨੇ ਪ੍ਰੇਰਨਾਦਾਇਕ ਸਮੂਹ ਗੀਤ ਪੇਸ਼ ਕਰਕੇ ਮਾਹੌਲ ਨੂੰ ਉਤਸ਼ਾਹ ਨਾਲ ਭਰ ਦਿੱਤਾ। ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਨਰਸਰੀ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।
ਇਸ ਮੌਕੇ ਕੁਸ਼ਿਕ ਮਿੱਤਲ ਨੇ ਗੀਤ ਪੇਸ਼ ਕਰਕੇ ਸਰੋਤਿਆਂ ਦਾ ਮਨ ਮੋਹ ਲਿਆ, ਜਦਕਿ ਛੇਵੀਂ-ਬੀ ਜਮਾਤ ਦੇ ਵਿਦਿਆਰਥੀਆਂ ਦੀ ਸੱਭਿਆਚਾਰਕ ਪੇਸ਼ਕਾਰੀ ਨੇ ਸਮਾਗਮ ਨੂੰ ਹੋਰ ਦਿਲਚਸਪ ਬਣਾਇਆ।
ਮੁੱਖ ਮਹਿਮਾਨ ਸ੍ਰੀ ਸੁਭਾਸ਼ ਬਾਂਸਲ ਨੇ ਆਪਣੇ ਪ੍ਰੇਰਨਾਦਾਇਕ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਮਿਹਨਤ, ਲਗਨ ਅਤੇ ਆਤਮ-ਵਿਸ਼ਵਾਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਸ੍ਰੀਮਤੀ ਪ੍ਰਿਅੰਕਾ ਮਹਿਤਾ ਨੇ ਸਨਮਾਨਿਤ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਪ੍ਰਾਪਤੀਆਂ ਪਿੱਛੇ ਮਿਹਨਤ, ਅਧਿਆਪਕਾਂ ਦਾ ਮਾਰਗਦਰਸ਼ਨ ਅਤੇ ਮਾਪਿਆਂ ਦਾ ਸਹਿਯੋਗ ਅਹਿਮ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਚੁਣੌਤੀਆਂ ਦਾ ਹਿੰਮਤ ਨਾਲ ਸਾਹਮਣਾ ਕਰਨ ਅਤੇ ਸਫ਼ਲਤਾ ਦੀਆਂ ਨਵੀਆਂ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਆ।

## ਕੈਨੇਡਾ ਜਾਣ ਦੇ ਸੁਫ਼ਨੇ ਤੋਂ ਕ੍ਰਿਕਟ ਦੀ ਜੇਤੂ ਪਾਰੀ ਤੱਕ: ਫ਼ਰੀਦਕੋਟ ਦੇ ਨਮਨ ਧੀਰ ਦਾ ਸ਼ਾਨਦਾਰ ਸਫ਼ਰ

**15 ਗੇਂਦਾਂ 'ਚ ਨਾਬਾਦ 42 ਦੌੜਾਂ ਬਣਾ ਕੇ ਨਿਊਜ਼ੀਲੈਂਡ ਖ਼ਿਲਾਫ਼ ਭਾਰਤ ਨੂੰ ਦਿਵਾਈ ਰਿਕਾਰਡ ਜਿੱਤ; ਕਦੇ ਛੱਡਣ ਲੱਗਾ ਸੀ ਕ੍ਰਿਕਟ**

**ਫ਼ਰੀਦਕੋਟ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਰੀਬ ਦੋ ਸਾਲ ਪਹਿਲਾਂ ਨਮਨ ਧੀਰ ਚੁੱਪ-ਚੁਪੀਤੇ ਕੈਨੇਡਾ ਦੀ ਪੱਕੀ ਰਿਹਾਇਸ਼ (ਪੀਆਰ) ਲਈ ਦਸਤਾਵੇਜ਼ ਤਿਆਰ ਕਰ ਰਿਹਾ ਸੀ ਅਤੇ ਕ੍ਰਿਕਟ ਬੱਲੇ ਨੂੰ ਹਮੇਸ਼ਾ ਲਈ ਅਲਵਿਦਾ ਕਹਿਣ ਦੀ ਤਿਆਰੀ ਵਿੱਚ ਸੀ। ਪਰ ਵੀਰਵਾਰ ਨੂੰ ਨਿਊਜ਼ੀਲੈਂਡ ਦੇ ਕ੍ਰਾਈਸਟਚਰਚ ਸਥਿਤ ਹੈਗਲੇ ਓਵਲ ਦੇ ਮੈਦਾਨ 'ਤੇ ਉਹ ਵਿਸ਼ਵ ਕ੍ਰਿਕਟ ਦੇ ਕੇਂਦਰ ਵਿੱਚ ਚਮਕ ਰਿਹਾ ਸੀ, ਜਿੱਥੇ ਉਸ ਨੇ ਸਿਰਫ਼ 15 ਗੇਂਦਾਂ ਵਿੱਚ ਨਾਬਾਦ 42 ਦੌੜਾਂ ਦੀ ਤੂਫ਼ਾਨੀ ਪਾਰੀ ਖੇਡੀ।

ਪੰਜ ਮੈਚਾਂ ਦੀ ਟੀ-20 ਲੜੀ ਦੇ ਪਹਿਲੇ ਮੁਕਾਬਲੇ ਵਿੱਚ ਇਸ 24 ਸਾਲਾ ਖਿਡਾਰੀ ਨੇ ਪੰਜ ਚੌਕਿਆਂ ਅਤੇ ਦੋ ਛੱਕਿਆਂ ਦੀ ਮਦਦ ਨਾਲ ਨਿਊਜ਼ੀਲੈਂਡ ਵੱਲੋਂ ਮਿਲੇ 226 ਦੌੜਾਂ ਦੇ ਵਿਸ਼ਾਲ ਟੀਚੇ ਨੂੰ ਸਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਭਾਰਤ ਨੇ 19.4 ਓਵਰਾਂ ਵਿੱਚ 6 ਵਿਕਟਾਂ ਗੁਆ ਕੇ 230 ਦੌੜਾਂ ਬਣਾਉਂਦਿਆਂ ਦੋ ਗੇਂਦਾਂ ਬਾਕੀ ਰਹਿੰਦਿਆਂ ਚਾਰ ਵਿਕਟਾਂ ਨਾਲ ਯਾਦਗਾਰੀ ਜਿੱਤ ਦਰਜ ਕੀਤੀ।

ਇਸ ਇਤਿਹਾਸਕ ਜਿੱਤ ਤੋਂ ਬਾਅਦ ਫ਼ਰੀਦਕੋਟ ਦੀ ਨਿਊ ਕੈਂਟ ਰੋਡ ਸਥਿਤ ਉਸ ਦੇ ਘਰ ਵਿੱਚ ਖ਼ੁਸ਼ੀ ਦੇ ਹੰਝੂ ਵਹਿ ਤੁਰੇ, ਕਿਉਂਕਿ ਇਹ ਇੱਕ ਅਜਿਹਾ ਸੰਘਰਸ਼ਪੂਰਨ ਸਫ਼ਰ ਸੀ ਜੋ ਸਾਲ 2022 ਦੇ ਸ਼ੁਰੂ ਵਿੱਚ ਲਗਭਗ ਖ਼ਤਮ ਹੋਣ ਕੰਢੇ ਪਹੁੰਚ ਗਿਆ ਸੀ।

31 ਦਸੰਬਰ, 1999 ਨੂੰ ਅੰਬਾਲਾ ਵਿੱਚ ਜਨਮੇ ਨਮਨ ਬਚਪਨ ਵਿੱਚ ਹੀ ਆਪਣੇ ਪਰਿਵਾਰ ਸਮੇਤ ਫ਼ਰੀਦਕੋਟ ਆ ਗਏ ਸਨ, ਜਦੋਂ ਉਨ੍ਹਾਂ ਦੇ ਪਿਤਾ ਨਰੇਸ਼ ਕੁਮਾਰ ਧੀਰ ਨੇ ਇੱਥੇ ਇੱਕ ਮੈਡੀਕਲ ਸਟੋਰ 'ਤੇ ਨੌਕਰੀ ਸ਼ੁਰੂ ਕੀਤੀ। ਸੀਮਤ ਆਮਦਨ ਵਿੱਚ ਗੁਜ਼ਾਰਾ ਕਰਦਿਆਂ ਕ੍ਰਿਕਟ ਕਿੱਟਾਂ, ਅਕੈਡਮੀ ਦੀਆਂ ਫ਼ੀਸਾਂ ਅਤੇ ਸਫ਼ਰ ਦੇ ਖ਼ਰਚੇ ਪੂਰੇ ਕਰਨੇ ਇੱਕ ਵੱਡੀ ਚੁਣੌਤੀ ਸੀ, ਪਰ ਮਾਂ ਨਿਰੂਪਮਾ ਅਤੇ ਪਿਤਾ ਨੇ ਹਮੇਸ਼ਾ ਉਸ ਦੇ ਸੁਫ਼ਨਿਆਂ ਨੂੰ ਜਿਊਂਦਾ ਰੱਖਿਆ। ਨਮਨ ਦੀ ਪ੍ਰਤਿਭਾ ਦੀ ਪਛਾਣ ਕਿਸੇ ਵੱਡੇ ਸਟੇਡੀਅਮ ਦੀ ਬਜਾਏ ਗਲੀ-ਮੁਹੱਲੇ ਵਿੱਚ ਖੇਡਦਿਆਂ ਹੋਈ ਸੀ। ਸਥਾਨਕ ਵਸਨੀਕ, ਫਿਜ਼ੀਕਲ ਟ੍ਰੇਨਰ ਅਤੇ ਕ੍ਰਿਕਟ ਪ੍ਰੇਮੀ ਅਰੁਣ ਦੇਵਗਨ ਨੇ ਅੱਠ ਸਾਲ ਦੇ ਨਮਨ ਨੂੰ ਗਲੀ ਵਿੱਚ ਕ੍ਰਿਕਟ ਖੇਡਦਿਆਂ ਦੇਖਿਆ ਅਤੇ ਉਸ ਦੇ ਹੁਨਰ ਨੂੰ ਤੁਰੰਤ ਪਛਾਣ ਲਿਆ। ਦੇਵਗਨ ਅਨੁਸਾਰ, ਨਮਨ ਦਾ ਬੈਟ ਸਵਿੰਗ ਅਤੇ ਗ੍ਰਿਪ ਬਿਲਕੁਲ ਕੁਦਰਤੀ ਸੀ। ਉਨ੍ਹਾਂ ਨੇ ਨਮਨ ਦੀ ਮਾਤਾ ਨਾਲ ਗੱਲ ਕਰਕੇ ਉਸ ਨੂੰ ਮੈਦਾਨ ਵਿੱਚ ਲਿਜਾਣ ਦੀ ਸਲਾਹ ਦਿੱਤੀ ਅਤੇ ਉਸ ਨੂੰ ਮਰਹੂਮ ਗਗਨਦੀਪ ਸਿੰਘ ਸੰਧੂ ਤੇ ਸੁਭਾਸ਼ ਦੇਵਗਨ ਦੀ ਨਿਗਰਾਨੀ ਹੇਠ ਰਸਮੀ ਸਿਖਲਾਈ ਦਿਵਾਈ।



ਇਸ ਤੋਂ ਬਾਅਦ ਨਮਨ ਨੇ ਕਦੇ ਪਿੱਛੇ ਮੁੜ ਕੇ ਨਹੀਂ ਦੇਖਿਆ। ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀਸੀਏ) ਵੱਲੋਂ ਕਰਵਾਏ ਗਏ ਅੰਡਰ-16 ਅੰਤਰ-ਜ਼ਿਲ੍ਹਾ ਟੂਰਨਾਮੈਂਟ ਵਿੱਚ ਬਰਨਾਲਾ ਖ਼ਿਲਾਫ਼ ਦੋ ਦਿਨਾ ਮੈਚ ਦੌਰਾਨ ਨਮਨ ਨੇ ਰਿਕਾਰਡ 471 ਦੌੜਾਂ ਬਣਾ ਕੇ ਆਪਣੀ ਵੱਡੀ ਪਾਰੀ ਖੇਡਣ ਦੀ ਸਮਰੱਥਾ ਦਾ ਲੋਹਾ ਮਨਵਾਇਆ।

ਹਾਲਾਂਕਿ, ਇਹ ਰਸਤਾ ਆਸਾਨ ਨਹੀਂ ਸੀ। ਜਦੋਂ ਨਮਨ ਨੇ ਇੱਕ ਅਹਿਮ ਮੈਚ ਖੇਡਣ ਲਈ 11ਵੀਂ ਜਮਾਤ ਦੀ ਇਤਿਹਾਸ ਦੀ ਸਾਲਾਨਾ ਪ੍ਰੀਖਿਆ ਛੱਡੀ, ਤਾਂ ਸਕੂਲ ਪ੍ਰਬੰਧਕਾਂ ਅਤੇ ਗੁਆਂਢੀਆਂ ਨੇ ਮਾਪਿਆਂ ਨੂੰ ਚਿਤਾਵਨੀ ਦਿੱਤੀ ਸੀ ਕਿ ਉਹ ਆਪਣੇ ਪੁੱਤਰ ਦੀ ਪੜ੍ਹਾਈ ਖ਼ਰਾਬ ਕਰ ਰਹੇ ਹਨ। ਪਰ ਪਿਤਾ ਆਪਣੇ ਪੁੱਤਰ ਦੇ ਜਨੂੰਨ ਦੇ ਨਾਲ ਚੱਟਾਨ ਵਾਂਗ ਖੜ੍ਹੇ ਰਹੇ।

ਅੰਡਰ-16 ਤੋਂ ਬਾਅਦ ਨਮਨ ਨੂੰ ਵੱਡਾ ਝਟਕਾ ਲੱਗਾ ਜਦੋਂ ਚੋਣਕਾਰਾਂ ਨੇ ਉਸ ਨੂੰ ਲਗਭਗ ਚਾਰ ਸਾਲਾਂ ਤੱਕ ਨਜ਼ਰਅੰਦਾਜ਼ ਕੀਤਾ। ਸਾਲ 2022 ਦੇ ਸ਼ੁਰੂ ਵਿੱਚ ਲਗਾਤਾਰ ਮਿਲ ਰਹੀ ਨਿਰਾਸ਼ਾ ਅਤੇ ਆਰਥਿਕ ਤੰਗੀ ਕਾਰਨ ਉਸ ਨੇ ਕੈਨੇਡਾ ਵਿੱਚ ਵਸੀਆਂ ਆਪਣੀਆਂ ਵੱਡੀਆਂ ਭੈਣਾਂ ਕੋਲ ਜਾਣ ਦਾ ਮਨ ਬਣਾ ਲਿਆ ਸੀ। ਪਰ ਉਸ ਸਮੇਂ ਪਿਤਾ ਨੇ ਉਸ ਨੂੰ ਸਮਝਾਇਆ, ਕ੍ਰਿਕਟ ਨੂੰ ਸਿਰਫ਼ ਇੱਕ ਹੋਰ ਸਾਲ ਦੇ ਕੇ ਦੇਖ।

ਨਮਨ ਨੇ ਪਿਤਾ ਦੀ ਗੱਲ ਮੰਨ ਲਈ ਅਤੇ ਇਸ ਫ਼ੈਸਲੇ ਨੇ ਉਸ ਦੀ ਕਿਸਮਤ ਬਦਲ ਦਿੱਤੀ। ਦਸੰਬਰ 2022 ਵਿੱਚ ਨਮਨ ਨੇ ਪੰਜਾਬ ਲਈ ਰਣਜੀ ਟਰਾਫੀ ਵਿੱਚ ਡੈਬਿਊ ਕੀਤਾ ਅਤੇ ਅੱਠ ਮੈਚਾਂ ਵਿੱਚ ਦੋ ਸੈਂਕੜਿਆਂ ਦੀ ਮਦਦ ਨਾਲ 476 ਦੌੜਾਂ ਬਣਾਈਆਂ। ਇਸ ਤੋਂ ਬਾਅਦ 2023-24 ਸੀਜ਼ਨ ਦੌਰਾਨ ਸਈਅਦ ਮੁਸ਼ਤਾਕ ਅਲੀ ਟਰਾਫੀ ਵਿੱਚ ਪੰਜਾਬ ਦੀ ਇਤਿਹਾਸਕ ਖ਼ਿਤਾਬੀ ਜਿੱਤ ਵਿੱਚ ਵੀ ਉਸ ਦਾ ਯੋਗਦਾਨ ਅਹਿਮ ਰਿਹਾ।

ਉਸ ਦੀ ਹਮਲਾਵਰ ਬੱਲੇਬਾਜ਼ੀ ਨੇ ਆਈਪੀਐੱਲ ਟੀਮਾਂ ਦਾ ਧਿਆਨ ਖਿੱਚਿਆ। ਦਸੰਬਰ 2023 ਵਿੱਚ ਮੁੰਬਈ ਇੰਡੀਅਨਜ਼ ਨੇ ਉਸ ਨੂੰ 20 ਲੱਖ ਰੁਪਏ ਵਿੱਚ ਖਰੀਦਿਆ। ਨਵੰਬਰ 2024 ਵਿੱਚ ਫ੍ਰੈਂਚਾਇਜ਼ੀ ਨੇ ਉਸ ਨੂੰ 5.25 ਕਰੋੜ ਰੁਪਏ ਦੀ ਵੱਡੀ ਰਕਮ ਨਾਲ ਰਿਟੇਨ ਕੀਤਾ ਅਤੇ 2025 ਦੇ ਸੀਜ਼ਨ ਵਿੱਚ ਉਹ ਟੀਮ ਦੇ ਦੂਜੇ ਸਭ ਤੋਂ ਵੱਧ ਦੌੜਾਂ ਬਣਾਉਣ ਵਾਲੇ ਬੱਲੇਬਾਜ਼ ਰਹੇ।

ਘਰੇਲੂ ਕ੍ਰਿਕਟ ਵਿੱਚ ਉਸ ਦਾ ਦਬਦਬਾ ਸਤੰਬਰ 2025 ਵਿੱਚ ਵੀ ਜਾਰੀ ਰਿਹਾ, ਜਿੱਥੇ ਉਸ ਨੇ ਸ਼ੇਰ-ਏ-ਪੰਜਾਬ ਟੀ-20 ਟੂਰਨਾਮੈਂਟ ਵਿੱਚ ਅੰਮ੍ਰਿਤਸਰ ਸੂਰਮਾਜ਼ ਵੱਲੋਂ ਖੇਡਦਿਆਂ ਮੁਹਾਲੀ ਕਿੰਗਜ਼ ਖ਼ਿਲਾਫ਼ ਸਿਰਫ਼ 64 ਗੇਂਦਾਂ ਵਿੱਚ 173 ਦੌੜਾਂ (ਸੈਂਕੜਾ 37 ਗੇਂਦਾਂ ਵਿੱਚ) ਬਣਾਈਆਂ ਅਤੇ 'ਮੈਨ ਆਫ਼ ਦਾ ਟੂਰਨਾਮੈਂਟ' ਦਾ ਖ਼ਿਤਾਬ ਜਿੱਤਿਆ। ਇਸੇ ਦਮਦਾਰ ਪ੍ਰਦਰਸ਼ਨ ਸਦਕਾ ਉਸ ਨੂੰ ਵੈਸਟਇੰਡੀਜ਼ ਖ਼ਿਲਾਫ਼ ਭਾਰਤੀ ਵਨਡੇਅ ਟੀਮ ਵਿੱਚ ਚੁਣਿਆ ਗਿਆ ਅਤੇ ਹੁਣ ਨਿਊਜ਼ੀਲੈਂਡ ਵਿੱਚ ਟੀ-20 ਕੌਮਾਂਤਰੀ ਮੈਚ ਵਿੱਚ ਉਸ ਨੇ ਇਤਿਹਾਸ ਰਚ ਦਿੱਤਾ। ਨਮਨ ਦੇ ਮੁਢਲੇ ਮਾਰਗਦਰਸ਼ਕ ਅਰੁਣ ਦੇਵਗਨ ਲਈ ਇਹ ਬੇਹੱਦ ਭਾਵੁਕ ਪਲ ਹਨ। ਉਨ੍ਹਾਂ ਕਿਹਾ, ਮੈਂ ਉਸ ਦਾ ਕੋਚ ਹੋਣ ਦਾ ਦਾਅਵਾ ਨਹੀਂ ਕਰਦਾ, ਸਗੋਂ ਇੱਕ ਸ਼ੁੱਭਚਿੰਤਕ ਹਾਂ ਜਿਸ ਨੇ ਉਸ ਦੀ ਬਾਂਹ ਫੜ ਕੇ ਮੈਦਾਨ ਤੱਕ ਪਹੁੰਚਾਇਆ। ਫ਼ਰੀਦਕੋਟ ਵਰਗੇ ਛੋਟੇ ਸ਼ਹਿਰ ਦੇ ਮੁੰਡੇ ਨੂੰ ਦੇਸ਼ ਦਾ ਨਾਂ ਰੌਸ਼ਨ ਕਰਦੇ ਦੇਖਣਾ ਜ਼ਿੰਦਗੀ ਦਾ ਸਭ ਤੋਂ ਵੱਡਾ ਸੁੱਖ ਹੈ। ਪਰਿਵਾਰ ਅਤੇ ਸ਼ੁੱਭਚਿੰਤਕਾਂ ਦੇ ਦਿਲ ਵਿੱਚ ਸਿਰਫ਼ ਇੱਕੋ ਅਫ਼ਸੋਸ ਹੈ ਕਿ ਉਸ ਦੇ ਬਚਪਨ ਦੇ ਕੋਚ ਗਗਨ ਸੰਧੂ ਅੱਜ ਆਪਣੇ ਚਹੇਤੇ ਚੇਲੇ ਦੇ ਇਸ ਸੁਨਹਿਰੀ ਮੁਕਾਮ ਨੂੰ ਦੇਖਣ ਲਈ ਇਸ ਦੁਨੀਆ ਵਿੱਚ ਮੌਜੂਦ ਨਹੀਂ ਹਨ। ਪਿਤਾ ਨਰੇਸ਼ ਧੀਰ ਨੇ ਭਾਵੁਕ ਹੁੰਦਿਆਂ ਕਿਹਾ ਕਿ ਜੇਕਰ ਉਹ ਅੱਜ ਜਿਊਂਦੇ ਹੁੰਦੇ ਤਾਂ ਸਭ ਤੋਂ ਵੱਧ ਖ਼ੁਸ਼ ਹੁੰਦੇ।

## ਰਾਹੁਲ ਸ਼ਰਮਾ ਨੂੰ ਏਐਸਏਪੀ ਸਟੂਡੈਂਟ ਵਿੰਗ ਦਾ ਸੂਬਾ ਪ੍ਰਧਾਨ ਬਣਨ 'ਤੇ ਵਿਧਾਇਕ ਦਿਨੇਸ਼ ਚੱਢਾ ਨੇ ਕੀਤਾ ਸਨਮਾਨਿਤ



**ਰੂਪਨਗਰ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਵੱਲੋਂ ਏਐਸਏਪੀ ਸਟੂਡੈਂਟ ਵਿੰਗ ਦੇ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਕੀਤੇ ਜਾਣ 'ਤੇ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਦਿਆਂ ਮੁਬਾਰਕਬਾਦ ਦਿੱਤੀ। ਪਾਰਟੀ ਵੱਲੋਂ ਰਾਹੁਲ ਸ਼ਰਮਾ ਨੂੰ ਏਐਸਏਪੀ ਸਟੂਡੈਂਟ ਵਿੰਗ ਦਾ ਸੂਬਾ ਪ੍ਰਧਾਨ, ਹਰਮਨ ਬਾਠ ਨੂੰ ਵਾਈਸ ਪ੍ਰਧਾਨ ਅਤੇ ਰਮਨ ਟਿਵਾਣਾ ਤੇ ਬਲਕਾਰ ਬਹਿਣੀਵਾਲ ਸਰਥਲੀ ਨੂੰ ਮਾਲਵਾ ਜ਼ੋਨਲ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਪਾਰਟੀ ਵੱਲੋਂ ਨੌਜਵਾਨਾਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪਣਾ ਉਨ੍ਹਾਂ ਦੀ ਯੋਗਤਾ, ਮਿਹਨਤ ਅਤੇ ਪਾਰਟੀ ਪ੍ਰਤੀ ਸਮਰਪਣ ਦਾ ਪ੍ਰਤੀਕ ਹੈ। ਨੌਜਵਾਨ ਕਿਸੇ ਵੀ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਉਨ੍ਹਾਂ ਦੀ ਸਰਗਰਮ ਭੂਮਿਕਾ ਨਾਲ ਹੀ ਸਮਾਜ ਅਤੇ ਦੇਸ਼ ਨੂੰ ਨਵੀਂ ਦਿਸ਼ਾ ਦਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਨਵੇਂ ਅਹੁਦੇਦਾਰਾਂ ਨੂੰ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਉਠਾਉਣ, ਨੌਜਵਾਨਾਂ ਨੂੰ ਪਾਰਟੀ ਦੀਆਂ ਨੀਤੀਆਂ ਨਾਲ ਜੋੜਨ ਅਤੇ ਲੋਕ ਹਿੱਤਾਂ ਲਈ ਕੰਮ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਵਿਧਾਇਕ ਨੇ ਉਮੀਦ ਜਤਾਈ ਕਿ ਸਾਰੇ ਨਵ-ਨਿਯੁਕਤ ਅਹੁਦੇਦਾਰ ਆਉਣ ਵਾਲੇ ਸਮੇਂ ਵਿੱਚ ਦਿਨ-ਰਾਤ ਮਿਹਨਤ ਕਰਦਿਆਂ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਪੱਖੀ ਸੋਚ ਨੂੰ ਘਰ-ਘਰ ਪਹੁੰਚਾਉਣਗੇ। ਉਨ੍ਹਾਂ ਕਿਹਾ ਕਿ ਅਹੁਦਾ ਸਿਰਫ਼ ਸਨਮਾਨ ਨਹੀਂ, ਸਗੋਂ ਲੋਕਾਂ ਪ੍ਰਤੀ ਜ਼ਿੰਮੇਵਾਰੀ ਵੀ ਹੁੰਦਾ ਹੈ। ਇਸ ਲਈ ਸਾਰੇ ਅਹੁਦੇਦਾਰ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ। ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਰਾਹੁਲ ਸ਼ਰਮਾ, ਹਰਮਨ ਬਾਠ, ਰਮਨ ਟਿਵਾਣਾ ਅਤੇ ਬਲਕਾਰ ਬਹਿਣੀਵਾਲ ਸਰਥਲੀ ਨੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ ਅਤੇ ਵਿਦਿਆਰਥੀਆਂ ਤੇ ਨੌਜਵਾਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਯਤਨਸ਼ੀਲ ਰਹਿਣਗੇ।

## ਪੰਜਾਬ ਦੇ ਕਿਰਤੀ ਵਰਗ ਅਤੇ ਦਲਿਤ ਭਾਈਚਾਰੇ ਦਾ ਅਪਮਾਨ ਬਰਦਾਸ਼ਤ ਨਹੀਂ ਕੀਤਾ ਜਾਵੇਗਾ: ਹਰਪਾਲ ਸਿੰਘ ਚੀਮਾ

**➢ ਜਾਤ, ਸਮਾਜਿਕ ਰੁਤਬੇ ਜਾਂ ਆਰਥਿਕ ਪਿਛੋਕੜ ਦੇ ਆਧਾਰ 'ਤੇ ਕਿਸੇ ਨੂੰ ਵੀ ਨੀਵਾਂ ਦਿਖਾਉਣਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ**
**➢ ਵਿਧਾਇਕ ਲੋਕਾਂ ਦੇ ਨੁਮਾਇੰਦੇ ਹੁੰਦੇ ਅਤੇ ਉਨ੍ਹਾਂ ਨੂੰ ਮਜ਼ਦੂਰਾਂ ਤੇ ਹਾਸ਼ੀਏ 'ਤੇ ਰਹਿ ਰਹੇ ਵਰਗਾਂ ਦੇ ਸਨਮਾਨ ਕਰਨਾ ਚਾਹੀਦਾ**

**ਚੰਡੀਗੜ੍ਹ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਵਿਰੁੱਧ ਮਤਾ ਪੇਸ਼ ਕਰਦਿਆਂ ਉਨ੍ਹਾਂ ਨੂੰ ਮੌਜੂਦਾ ਇਜਲਾਸ ਦੇ ਬਾਕੀ ਰਹਿੰਦੇ ਸਮੇਂ ਲਈ ਮੁਅੱਤਲ ਕਰਨ ਦੀ ਮੰਗ ਕੀਤੀ। ਵਿੱਤ ਮੰਤਰੀ ਨੇ ਵਿਧਾਇਕ 'ਤੇ ਇਤਰਾਜ਼ਯੋਗ ਸ਼ਬਦਾਵਲੀ ਦੀ ਵਰਤੋਂ, ਚੇਅਰ ਦੇ ਹੁਕਮਾਂ ਦੀ ਅਣਦੇਖੀ ਅਤੇ ਸਦਨ ਦੀ ਕਾਰਵਾਈ ਵਿੱਚ ਜਾਣਬੁੱਝ ਕੇ ਵਿਘਨ ਪਾਉਣ ਦਾ ਦੋਸ਼ ਲਗਾਇਆ ਜਿਸ ਕਾਰਨ ਵਿਧਾਨ ਸਭਾ ਦਾ ਕੀਮਤੀ ਸਮਾਂ ਬਰਬਾਦ ਹੋਇਆ ਅਤੇ ਸਦਨ ਦੀ ਮਰਿਆਦਾ ਨੂੰ ਠੇਸ ਪਹੁੰਚੀ।

ਸਦਨ ਨੂੰ ਸੰਬੋਧਨ ਕਰਦਿਆਂ, 'ਆਪ' ਵਿਧਾਇਕ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੈਂਬਰਾਂ ਨੇ ਸੁਖਪਾਲ ਸਿੰਘ ਖਹਿਰਾ ਵੱਲੋਂ ਵਰਤੇ ਗਏ ਇਤਰਾਜ਼ਯੋਗ ਸ਼ਬਦਾਂ 'ਤੇ ਸਖ਼ਤ ਇਤਰਾਜ਼ ਜਤਾਇਆ ਹੈ। ਉਨ੍ਹਾਂ ਕਿਹਾ ਕਿ ਅਜਿਹੀ ਇਤਰਾਜ਼ਯੋਗ ਸ਼ਬਦਾਵਲੀ ਪੰਜਾਬ ਦੇ ਮਿਹਨਤਕਸ਼ ਮਜ਼ਦੂਰਾਂ, ਖ਼ਾਸ ਕਰਕੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਲੋਕਾਂ ਦੇ ਸਵੈਮਾਣ ਅਤੇ ਸਨਮਾਨ ਨੂੰ ਠੇਸ ਪਹੁੰਚਾਉਣ ਵਾਲੀ ਹੈ।

ਹਰਪਾਲ ਸਿੰਘ ਚੀਮਾ ਨੇ ਕਿਹਾ ਪੰਜਾਬ ਦੇ ਮਜ਼ਦੂਰ ਵਰਗ ਨੇ ਸੂਬੇ ਦੀ ਤਰੱਕੀ ਅਤੇ ਖ਼ੁਸ਼ਹਾਲੀ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ, ਹਰੇਕ ਨਾਗਰਿਕ, ਅਤੇ ਖ਼ਾਸ ਤੌਰ 'ਤੇ ਚੁਣੇ ਹੋਏ ਨੁਮਾਇੰਦਿਆਂ ਦਾ ਇਹ ਫਰਜ਼ ਬਣਦਾ ਹੈ ਕਿ ਉਹ ਕਿਰਤੀ ਵਰਗ ਦੀ ਸਖ਼ਤ ਮਿਹਨਤ, ਇਮਾਨਦਾਰੀ ਅਤੇ ਸਮਾਜ ਪ੍ਰਤੀ ਯੋਗਦਾਨ ਦਾ ਸਨਮਾਨ ਕਰਨ।



ਆਪ ਵਿਧਾਇਕ ਨੇ ਕਿਹਾ, ਜਾਤ, ਸਮਾਜਿਕ ਰੁਤਬੇ ਜਾਂ ਆਰਥਿਕ ਪਿਛੋਕੜ ਦੇ ਆਧਾਰ 'ਤੇ ਕਿਸੇ ਵਿਅਕਤੀ ਜਾਂ ਸਮੂਹ ਨੂੰ ਨੀਵਾਂ ਦਿਖਾਉਣਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਵਿਧਾਇਕਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਪੂਰੀ ਜ਼ਿੰਮੇਵਾਰੀ ਨਾਲ ਪੇਸ਼ ਆਉਣ ਅਤੇ ਸਦਨ ਦੀ ਮਰਿਆਦਾ ਬਰਕਰਾਰ ਰੱਖਣ।

ਉਨ੍ਹਾਂ ਕਿਹਾ, "ਜਨਤਕ ਨੁਮਾਇੰਦਿਆਂ ਦਾ ਸਮਾਜ 'ਤੇ ਵਿਆਪਕ ਪ੍ਰਭਾਵ ਹੁੰਦਾ ਹੈ। ਇਸ ਲਈ ਉਨ੍ਹਾਂ ਨੂੰ ਅਜਿਹੀਆਂ ਟਿੱਪਣੀਆਂ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਜੋ ਕਿਸੇ ਵੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀਆਂ ਹੋਣ। ਜਾਤ-ਅਧਾਰਿਤ ਵਿਤਕਰੇ ਨੂੰ ਖਤਮ ਕਰਨ ਅਤੇ ਸਮਾਜਿਕ ਬਰਾਬਰੀ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਗਏ ਇਤਿਹਾਸਕ ਅਤੇ ਚੱਲ ਰਹੇ ਯਤਨਾਂ ਦੇ ਬਾਵਜੂਦ, ਕਮਜ਼ੋਰ ਅਤੇ ਹਾਸ਼ੀਏ 'ਤੇ ਰਹਿ ਰਹੇ ਵਰਗਾਂ ਵਿਰੁੱਧ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਨਾ ਬਹੁਤ ਹੀ ਅਫਸੋਸਨਾਕ ਹੈ। ਸਾਰੇ ਵਿਧਾਇਕਾਂ ਨੂੰ ਜਾਤੀ ਵਿਤਕਰੇ ਵਿਰੁੱਧ ਇੱਕਜੁੱਟ ਹੋ ਕੇ ਖੜ੍ਹੇ ਹੋਣਾ ਚਾਹੀਦਾ ਹੈ।"

ਔਰਤਾਂ ਦੇ ਆਰਥਿਕ ਸਸ਼ਕਤੀਕਰਨ ਦਾ ਹਵਾਲਾ ਦਿੰਦਿਆਂ ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਯੋਗ ਔਰਤਾਂ ਨੂੰ 1500 ਰੁਪਏ ਜਾਂ 1000 ਰੁਪਏ ਦੀ ਮਹੀਨਾਵਾਰ ਵਿੱਤੀ ਸਹਾਇਤਾ ਦੇਣ ਦੇ ਸਰਕਾਰੀ ਫੈਸਲੇ ਨੂੰ ਇੱਕ ਅਹਿਮ ਕਦਮ ਦੱਸਿਆ, ਜੋ ਲੋੜਵੰਦ ਔਰਤਾਂ ਲਈ ਵਿੱਤੀ ਸੁਰੱਖਿਆ ਅਤੇ ਆਤਮ-ਨਿਰਭਰਤਾ ਯਕੀਨੀ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਨੇ ਸਦਨ ਨੂੰ ਇੱਕ ਸਪੱਸ਼ਟ ਸੰਦੇਸ਼ ਦੇਣ ਦੀ ਅਪੀਲ ਕਰਦਿਆਂ ਕਿਹਾ, "ਮਜ਼ਦੂਰਾਂ, ਦਲਿਤ ਭਾਈਚਾਰੇ ਜਾਂ ਹੋਰ ਕਮਜ਼ੋਰ ਵਰਗਾਂ ਪ੍ਰਤੀ ਅਪਮਾਨਜਨਕ ਵਿਵਹਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।"

ਹਰਪਾਲ ਸਿੰਘ ਚੀਮਾ ਨੇ ਕਾਂਗਰਸ ਪਾਰਟੀ ਦੇ ਅਫ਼ਸੋਸਨਾਕ ਰਵੱਈਏ ਵਿਰੁੱਧ ਨਿੰਦਾ ਮਤਾ ਲਿਆਉਣ ਦਾ ਪ੍ਰਸਤਾਵ ਰੱਖਿਆ। ਇਸ ਤੋਂ ਬਾਅਦ, ਸੁਖਪਾਲ ਸਿੰਘ ਖਹਿਰਾ ਨੂੰ ਸੈਸ਼ਨ ਦੇ ਬਾਕੀ ਸਮੇਂ ਲਈ ਮੁਅੱਤਲ ਕਰਨ ਸਬੰਧੀ ਮਤਾ ਵੋਟਿੰਗ ਲਈ ਪੇਸ਼ ਕੀਤਾ ਗਿਆ ਅਤੇ ਸਪੀਕਰ ਵੱਲੋਂ ਇਸ ਨੂੰ ਸਰਬਸੰਮਤੀ ਨਾਲ ਪਾਸ ਕਰਨ ਦਾ ਐਲਾਨ ਕੀਤਾ ਗਿਆ। ਆਪਣੇ ਭਾਸ਼ਣ ਦੀ ਸਮਾਪਤੀ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਜ਼ੋਰ ਦੇ ਕੇ ਕਿਹਾ, "ਲੋਕਤੰਤਰ ਵਿੱਚ ਚੁਣੇ ਹੋਏ ਨੁਮਾਇੰਦਿਆਂ ਨੂੰ ਆਪਣੇ ਵਿਹਾਰ ਅਤੇ ਬੋਲ-ਚਾਲ ਰਾਹੀਂ ਆਪਸੀ ਸਤਿਕਾਰ, ਬਰਾਬਰੀ ਅਤੇ ਭਾਈਚਾਰਕ ਭਾਵਨਾ ਨੂੰ ਬੜ੍ਹਾਵਾ ਦੇ ਕੇ ਇੱਕ ਮਿਸਾਲ ਕਾਇਮ ਕਰਨੀ ਚਾਹੀਦੀ ਹੈ। ਸਦਨ ਦੀ ਮਰਿਆਦਾ ਅਤੇ ਸਮਾਜਿਕ ਸਵੈ-ਮਾਣ ਦੀ ਰਾਖੀ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।"

## ਰੈਲ ਬਰਾਮਦ ਖੱਡ ਵਿੱਚ ਨਿਯਮਾਂ ਅਨੁਸਾਰ ਹੋਵੇਗੀ ਮਾਈਨਿੰਗ: ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ

**ਰੂਪਨਗਰ, 24 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਕਾਲੀ ਰੈਲ ਬਰਾਮਦ ਖੱਡ ਵਿੱਚ ਮਾਈਨਿੰਗ ਨਿਯਮਾਂ ਅਨੁਸਾਰ ਕਰਵਾਉਣ ਸਬੰਧੀ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੇ ਆਗੂਆਂ ਵੱਲੋਂ ਠੇਕੇਦਾਰ ਅਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਖੱਡ ਵਿੱਚ ਮਾਈਨਿੰਗ ਦਾ ਕੰਮ ਨਿਯਮਾਂ ਅਨੁਸਾਰ ਕਰਵਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੇ ਮੀਤ ਪ੍ਰਧਾਨ ਕਰਨਵੀਰ ਸਿੰਘ ਸਿੱਧੂ, ਭਾਈ ਦਲਵੀਰ ਸਿੰਘ ਜਟਾਣਾ, ਪ੍ਰਧਾਨ ਅਵਤਾਰ ਸਿੰਘ ਹੀਰਾ ਅਤੇ ਗੁਪਿੰਦਰਪਾਲ ਸਿੰਘ ਸਮੇਤ ਹੋਰ ਆਗੂ ਹਾਜ਼ਰ ਸਨ।

